ਮੰਗਲਵਾਰ, 13 ਜੂਨ, 2023
30 ਜੇਠ { ਨਾਨਕਸ਼ਾਹੀ 555 / ਬਿਕਰਮੀ 2080
ਜਿਲਦ/VOL. : 72
ਅੰਕ/NO. : 12

ਨਵਾਂ ਜ਼ਮਾਨਾ

DAILY NAWAN ZAMANA • TUESDAY, 13 JUNE, 2023

ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

You Tube nawan zamana TV

ਕੀਮਤ/PRICE : 5.00 ਰੁਪਏ | Regd. No : Pb/JL-123/2021-23, (R.N.I.)-00068/57 | E-mail : nawanzamana@gmail.com | www.nawanzamana.in | ਸਫ਼ੇ : 12

ਭਾਰਤ-ਪਾਕਿ ਮੈਚ 15 ਅਕਤੂਬਰ ਨੂੰ

ਨਵੀਂ ਦਿੱਲੀ : ਭਾਰਤੀ ਕ੍ਰਿਕਟ ਟੀਮ ਇੱਕ ਰੋਜ਼ਾ ਵਿਸ਼ਵ ਕੱਪ 'ਚ ਆਪਣੀ ਮੁਹਿੰਮ ਦਾ ਆਗਾਜ਼ 8 ਅਕਤੂਬਰ ਨੂੰ ਆਸਟਰੇਲੀਆ ਖਿਲਾਫ ਚੇਨੱਈ ਵਿੱਚ ਕਰੇਗੀ। ਮੇਜ਼ਬਾਨ ਭਾਰਤ ਦੀ 15 ਅਕਤੂਬਰ ਨੂੰ ਅਹਿਮਦਾਬਾਦ 'ਚ ਪਾਕਿਸਤਾਨ ਨਾਲ ਟੱਕਰ ਹੋਵੇਗੀ। ਬੀ ਸੀ ਸੀ ਆਈ ਦੇ ਸ਼ੁਰੂਆਤੀ ਪ੍ਰੋਗਰਾਮ ਡਰਾਫਟ ਮੁਤਾਬਕ ਟੂਰਨਾਮੈਂਟ ਪੰਜ ਅਕਤੂਬਰ ਨੂੰ ਸ਼ੁਰੂ ਹੋਵੇਗਾ, ਜਿਸ 'ਚ ਮੌਜੂਦਾ ਚੈਂਪੀਅਨ ਇੰਗਲੈਂਡ ਦੀ ਟੱਕਰ ਨਿਊਜ਼ੀਲੈਂਡ ਨਾਲ ਅਹਿਮਦਾਬਾਦ 'ਚ ਹੋਵੇਗੀ। ਫਾਈਨਲ ਵੀ 10 ਨਵੰਬਰ ਨੂੰ ਅਹਿਮਦਾਬਾਦ ਦੇ ਨਰਿੰਦਰ ਮੋਦੀ ਸਟੇਡੀਅਮ 'ਚ ਖੇਡਿਆ ਜਾਵੇਗਾ। ਸੈਮੀਫਾਈਨਲ ਮੁਕਾਬਲੇ 15 ਤੇ 16 ਨਵੰਬਰ ਨੂੰ ਹੋਣਗੇ। ਟੂਰਨਾਮੈਂਟ 'ਚ ਦਸ ਟੀਮਾਂ ਹਿੱਸਾ ਲੈ ਰਹੀਆਂ ਹਨ।

ਆਸਟਰੇਲੀਆ 'ਚ ਬੱਸ ਪਲਟਣ ਨਾਲ 10 ਮੌਤਾਂ

ਕੈਨਬਰਾ : ਆਸਟਰੇਲੀਆ ਵਿੱਚ ਗ੍ਰੇਟਾ ਸ਼ਹਿਰ ਦੇ ਵਾਈਨ ਇਲਾਕੇ 'ਚ ਬੱਸ ਪਲਟਣ ਕਾਰਨ 10 ਜਣਿਆਂ ਦੀ ਮੌਤ ਹੋ ਗਈ, ਜਦੋਂਕਿ 25 ਜ਼ਖਮੀ ਹੋ ਗਏ। ਬੱਸ ਡਰਾਈਵਰ (58) ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ। ਸਿਡਨੀ ਦੇ ਉੱਤਰ 'ਚ ਗ੍ਰੇਟਾ ਸ਼ਹਿਰ 'ਚ ਵਾਈਨ ਕੰਟਰੀ ਡਰਾਈਵ ਉੱਤੇ ਗੋਲ ਚੱਕਰ 'ਤੇ ਰਾਤ ਲੱਗਭੱਗ ਸਾਢੇ 11 ਵਜੇ ਦੇ ਬਾਅਦ ਇਹ ਹਾਦਸਾ ਵਾਪਰਿਆ। ਲੋਕ ਵਿਆਹ ਸਮਾਗਮ ਤੋਂ ਪਰਤ ਰਹੇ ਸਨ। ਆਸਟਰੇਲੀਆ ਦੇ ਪ੍ਰਧਾਨ ਮੰਤਰੀ ਐਂਥਨੀ ਅਲਬਨੀਜ਼ ਨੇ ਘਟਨਾ ਸਥਾਨ 'ਤੇ ਪਹੁੰਚ ਕੇ ਬਚਾਅ ਕਰਮੀਆਂ ਦਾ ਧੰਨਵਾਦ ਕੀਤਾ ਤੇ ਪੀੜਤਾਂ ਦੇ ਪਰਵਾਰਾਂ ਨਾਲ ਦੁੱਖ ਸਾਂਝਾ ਕੀਤਾ।

ਕਸ਼ਮੀਰੀ ਕਾਰੋਬਾਰੀ ਦੀ ਜਾਇਦਾਦ ਕੁਰਕ

ਸ੍ਰੀਨਗਰ : ਐੱਨ ਆਈ ਏ ਨੇ ਅੱਤਵਾਦੀ ਫੰਡਿੰਗ ਮਾਮਲੇ 'ਚ ਸੋਮਵਾਰ ਜੰਮੂ-ਕਸ਼ਮੀਰ ਦੇ ਕੁਪਵਾੜਾ ਜ਼ਿਲ੍ਹੇ ਦੇ ਕਾਰੋਬਾਰੀ ਜ਼ਹੂਰ ਅਹਿਮਦ ਸ਼ਾਹ ਵਟਾਲੀ ਦੀ ਜਾਇਦਾਦ ਕੁਰਕ ਕੀਤੀ ਹੈ। ਅਧਿਕਾਰੀਆਂ ਨੇ ਕਿਹਾ ਕਿ ਹੰਦਵਾੜਾ ਖੇਤਰ ਦੇ ਬਾਗਤਪੋਰਾ ਅਤੇ ਕਛਵਾੜੀ ਪਿੰਡਾਂ 'ਚ ਵਟਾਲੀ ਦੀ ਅਚੱਲ ਜਾਇਦਾਦ ਕੁਰਕ ਕੀਤੀ ਗਈ ਹੈ। ਅਧਿਕਾਰੀਆਂ ਨੇ ਦੱਸਿਆ ਕਿ ਇਨ੍ਹਾਂ ਸੰਪਤੀਆਂ 'ਚ ਵਟਾਲੀ ਦੇ ਨਾਂਅ 'ਤੇ ਰਜਿਸਟਰਡ ਜ਼ਮੀਨ ਵੀ ਸ਼ਾਮਲ ਹੈ। ਵਟਾਲੀ ਅੱਤਵਾਦੀ ਫੰਡਿੰਗ ਮਾਮਲੇ 'ਚ ਮੁਲਜ਼ਮ ਹੈ। ਮਈ 'ਚ ਨਵੀਂ ਦਿੱਲੀ ਦੀ ਇੱਕ ਵਿਸ਼ੇਸ਼ ਐੱਨ ਆਈ ਏ ਅਦਾਲਤ ਦੇ ਆਦੇਸ਼ ਮਗਰੋਂ ਸੰਪਤੀਆਂ ਕੁਰਕ ਕੀਤੀਆਂ ਗਈਆਂ ਹਨ।

ਖੇਤ 'ਚ ਦੱਬਿਆ ਨਸ਼ੀਲਾ ਪਦਾਰਥ ਬਰਾਮਦ

ਚੰਡੀਗੜ੍ਹ : ਬੀ ਐੱਸ ਐੱਫ ਨੇ ਅੰਮ੍ਰਿਤਸਰ ਖੇਤਰ 'ਚ ਕੌਮਾਂਤਰੀ ਸਰਹੱਦ ਨੇੜੇ ਇੱਕ ਖੇਤ 'ਚ ਨਸ਼ੀਲੇ ਪਦਾਰਥਾਂ ਦੇ ਦੋ ਪੈਕਟ ਅਤੇ ਉਸੇ ਸੈਕਟਰ 'ਚ ਇੱਕ ਟੁੱਟਿਆ ਹੋਇਆ ਪਾਕਿਸਤਾਨੀ ਡਰੋਨ ਬਰਾਮਦ ਕੀਤਾ ਹੈ। ਬੀ ਐੱਸ ਐੱਫ ਦੇ ਇੱਕ ਅਧਿਕਾਰੀ ਨੇ ਦੱਸਿਆ ਕਿ 11 ਜੂਨ ਨੂੰ ਭਰੋਪਾਲ ਪਿੰਡ ਤੋਂ ਇੱਕ ਸ਼ੱਕੀ ਕਿਸਾਨ ਨੂੰ ਗ੍ਰਿਫ਼ਤਾਰ ਕੀਤਾ ਗਿਆ ਸੀ। ਉਸ ਦੀ ਨਿਸ਼ਾਨਦੇਹੀ 'ਤੇ ਪਿੰਡ ਨੇੜੇ ਸਰਹੱਦੀ ਕੰਡਿਆਲੀ ਤਾਰ ਦੇ ਪਰਲੇ ਪਾਸੇ ਖੇਤ 'ਚ ਦੱਬੇ ਨਸ਼ੀਲੇ ਪਦਾਰਥਾਂ ਦੇ ਦੋ ਪੈਕਟ ਬਰਾਮਦ ਹੋਏ। ਦੂਜੀ ਘਟਨਾ 'ਚ ਸੋਮਵਾਰ ਸਵੇਰੇ 7:20 ਵਜੇ ਦੇ ਕਰੀਬ ਸੈਦਪੁਰ ਕਲਾਂ ਪਿੰਡ 'ਚ ਇੱਕ ਗੁਰਦੁਆਰੇ ਨੇੜਿਓਂ ਟੁੱਟਿਆ ਹੋਇਆ ਡਰੋਨ ਬਰਾਮਦ ਕੀਤਾ। ਬੀ ਐੱਸ ਐੱਫ ਅਤੇ ਪੰਜਾਬ ਪੁਲਸ ਨੇ 11 ਜੂਨ ਨੂੰ ਤਰਨ ਤਾਰਨ ਜ਼ਿਲ੍ਹੇ ਦੇ ਇੱਕ ਖੇਤ ਵਿੱਚੋਂ ਪਾਕਿਸਤਾਨੀ ਡਰੋਨ ਬਰਾਮਦ ਕੀਤਾ ਸੀ।

ਬੱਚਿਆਂ ਨੇ ਪੁਲਸ ਹਿਲਾ ਦਿੱਤੀ

ਅੰਮ੍ਰਿਤਸਰ : ਇਥੇ ਕੋਂਦਰੀ ਜੇਲ੍ਹ ਦੇ ਕੰਪਲੈਕਸ 'ਚ ਸੋਮਵਾਰ ਤੜਕੇ ਖਿਡੌਣਾ ਡਰੋਨ ਡਿੱਗਣ ਮਗਰੋਂ ਪੁਲਸ ਨੇ ਹਾਈ ਅਲਰਟ ਜਾਰੀ ਕਰ ਦਿੱਤਾ। ਮੁੱਢਲੀ ਜਾਂਚ ਮੁਤਾਬਕ ਦੋ ਬੱਚੇ ਖਿਡੌਣਾ ਡਰੋਨ ਉਡਾ ਰਹੇ ਸਨ, ਜੋ ਉਨ੍ਹਾਂ ਦੇ ਕੰਟਰੋਲ ਤੋਂ ਬਾਹਰ ਹੋ ਕੇ ਜੇਲ੍ਹ ਅੰਦਰ ਡਿੱਗ ਗਿਆ।

ਕੌਮੀ ਸਿੱਖਿਆ ਨੀਤੀ ਸੰਬੰਧੀ ਚਰਚਾ 24 ਨੂੰ

ਜਲੰਧਰ : ਦੇਸ਼ ਭਗਤ ਯਾਦਗਰ ਕਮੇਟੀ ਦੇ ਪ੍ਰਧਾਨ ਅਜਮੇਰ ਸਿੰਘ, ਜਨਰਲ ਸਕੱਤਰ ਪ੍ਰਿਥੀਪਾਲ ਸਿੰਘ ਮਾੜੀਮੇਘਾ ਅਤੇ ਸੱਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ ਨੇ ਦੱਸਿਆ ਕਿ ਕੌਮੀ ਸਿੱਖਿਆ ਨੀਤੀ-2020 ਸੰਬੰਧੀ 24 ਜੂਨ (ਸਨਿੱਚਰਵਾਰ) ਸਵੇਰੇ 10 ਵਜੇ ਗੰਭੀਰ ਵਿਚਾਰ-ਚਰਚਾ ਕੀਤੀ ਜਾਏਗੀ। ਦੇਸ਼ ਭਗਤ ਯਾਦਗਾਰ ਹਾਲ 'ਚ ਬਣੇ ਸ਼ਹੀਦ ਵਿਸ਼ਨੂੰ ਗਣੇਸ਼ ਪਿੰਗਲੇ ਹਾਲ ਵਿੱਚ ਹੋਣ ਵਾਲੀ ਇਸ ਵਿਚਾਰ-ਚਰਚਾ ਮੌਕੇ 'ਕੌਮੀ ਸਿੱਖਿਆ ਨੀਤੀ : 2020' ਸਿੱਖਿਆ, ਵਿਗਿਆਨ ਅਤੇ ਤਰਕਸ਼ੀਲਤਾ ਵਿਸ਼ੇ ਉਪਰ ਉੱਘੇ ਵਿਦਵਾਨ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਪ੍ਰੋ. ਕੁਲਦੀਪ ਪੁਰੀ ਮੁੱਖ ਬੁਲਾਰੇ ਹੋਣਗੇ। ਕਮੇਟੀ ਨੇ ਸਮੂਹ ਵਿਦਿਅਕ ਅਦਾਰਿਆਂ, ਵਿਦਿਆਰਥੀ, ਨੌਜਵਾਨ, ਤਰਕਸ਼ੀਲ, ਜਮਹੂਰੀ, ਲੋਕ-ਪੱਖੀ ਸੰਸਥਾਵਾਂ ਨੂੰ ਇਸ ਭਖਵੇਂ ਮੁੱਦੇ ਉਪਰ ਵਿਚਾਰ-ਚਰਚਾ ਵਿੱਚ ਸ਼ਾਮਲ ਹੋਣ ਦੀ ਜ਼ੋਰਦਾਰ ਅਪੀਲ ਕੀਤੀ ਹੈ, ਤਾਂ ਜੋ ਸਿੱਖਿਆ ਉਪਰ ਚੌਤਰਫ਼ੇ ਹੱਲਿਆਂ ਖ਼ਿਲਾਫ਼ ਜਾਗਰੂਕ ਹੋ ਕੇ ਸਾਂਝੀ ਜਨਤਕ ਆਵਾਜ਼ ਬੁਲੰਦ ਕੀਤੀ ਜਾ ਸਕੇ।

ਪੰਜਾਬ 'ਚ ਮੇਰੀ ਸਰਕਾਰ, ਸਾਰੇ ਆਰਡਰ ਮੇਰੇ ਦਸਤਖਤਾਂ ਨਾਲ ਹੀ ਨਿਕਲਦੇ : ਗਵਰਨਰ

ਮੁੱਖ ਮੰਤਰੀ ਨੇ ਮੇਰੀਆਂ 10 ਚਿੱਠੀਆਂ ਦਾ ਜਵਾਬ ਨਹੀਂ ਦਿੱਤਾ

ਚੰਡੀਗੜ੍ਹ : ਪੰਜਾਬ ਦੇ ਗਵਰਨਰ ਬਨਵਾਰੀ ਲਾਲ ਪੁਰੋਹਿਤ ਅਤੇ ਮੁੱਖ ਮੰਤਰੀ ਭਗਵੰਤ ਮਾਨ ਵਿਚਾਲੇ ਇੱਕ ਵਾਰ ਫਿਰ ਸ਼ਬਦੀ ਵਾਰ ਸ਼ੁਰੂ ਹੋ ਗਈ ਹੈ। ਚੰਡੀਗੜ੍ਹ ਵਿਚ ਸੋਮਵਾਰ ਪ੍ਰੈੱਸ ਕਾਨਫਰੰਸ ਦੌਰਾਨ ਗਵਰਨਰ ਨੇ ਕਿਹਾ—ਸੀ ਐੱਮ ਮਾਨ ਨੇ ਮੇਰੀਆਂ 10 ਚਿੱਠੀਆਂ ਵਿੱਚੋਂ ਕਿਸੇ ਦਾ ਵੀ ਜਵਾਬ ਨਹੀਂ ਦਿੱਤਾ। ਸੁਪਰੀਮ ਕੋਰਟ ਨੇ ਪੰਜਾਬ ਸਰਕਾਰ ਨੂੰ ਝਾੜ ਪਾਈ ਸੀ ਕਿ ਸੀ ਐੱਮ ਹਰ ਚਿੱਠੀ ਦਾ ਜਵਾਬ ਦੇਣ, ਪਰ ਸੀ ਐੱਮ ਸੁਪਰੀਮ ਕੋਰਟ ਦੇ ਹੁਕਮ ਵੀ ਨਹੀਂ ਮੰਨ ਰਹੇ। ਭਗਵੰਤ ਮਾਨ ਨੇ ਗਵਰਨਰ ਖਿਲਾਫ ਜਿਹੜੀਆਂ ਟਿੱਪਣੀਆਂ ਐਤਵਾਰ ਦਿੱਲੀ ਦੀ ਰਾਮਲੀਲ੍ਹਾ ਗਰਾਊਂਡ ਵਿਚ ਰੈਲੀ ਦੌਰਾਨ ਕੀਤੀਆਂ ਸਨ, ਦੇ ਜਵਾਬ ਵਿਚ ਗਵਰਨਰ ਨੇ ਇੱਥੋ ਤੱਕ ਕਹਿ ਦਿੱਤਾ—ਪੰਜਾਬ ਵਿਚ ਮੇਰੀ ਸਰਕਾਰ ਹੈ, ਕਿਉਂਕਿ ਸਾਰੇ ਆਰਡਰ ਮੇਰੇ ਦਸਤਖਤਾਂ ਨਾਲ ਹੀ ਨਿਕਲਦੇ ਹਨ। ਮੈਨੂੰ ਛੋਟੀ ਤੋਂ ਛੋਟੀ ਗੱਲ ਯਾਦ ਹੈ, ਉਹ ਭੁਲੇਖਾ ਨਾ ਰੱਖਣ। ਜਦੋਂ ਇੱਕ ਪੱਤਰਕਾਰ ਨੇ ਗਵਰਨਰ ਨੂੰ ਸਵਾਲ ਕੀਤਾ ਕਿ ਸੀ ਐੱਮ ਮਾਨ ਦਾ ਦੋਸ਼ ਹੈ ਕਿ ਗਵਰਨਰ ਪੰਜਾਬ ਸਰਕਾਰ ਖਿਲਾਫ ਬੋਲਦੇ ਹਨ ਤਾਂ, ਇਸ ਦੇ ਜਵਾਬ ਵਿਚ ਗਵਰਨਰ ਨੇ ਕਿਹਾ—ਰਿਕਾਰਡ ਪੇਸ਼ ਕਰੋ, ਜੇ ਮੈਂ ਆਪਣੀ ਸਰਕਾਰ ਖਿਲਾਫ ਬੋਲਿਆ ਹੋਵਾਂ। ਇੱਕ ਵਾਰ ਨਹੀਂ 50 ਵਾਰ ਬੋਲਦਾਂ, ਪੰਜਾਬ ਵਿਚ ਮੇਰੀ ਸਰਕਾਰ ਹੈ। ਗਵਰਨਰ ਨੇ ਇਹ ਵੀ ਕਿਹਾ ਕਿ ਉਹ ਵਿਧਾਨ ਸਭਾ ਦਾ ਸਪੈਸ਼ਲ ਸੈਸ਼ਨ ਬੁਲਾਉਣ ਬਾਰੇ ਜਿਹੜਾ ਪੰਜਾਬ ਸਰਕਾਰ ਨੇ ਫੈਸਲਾ ਲਿਆ ਹੈ, ਉਹਨੂੰ ਮਨਜ਼ੂਰੀ ਦੇਣਗੇ। ਡਰੋਨ ਦੇ ਮੁੱਦੇ 'ਤੇ ਬੋਲਦਿਆਂ ਗਵਰਨਰ ਨੇ ਕਿਹਾ—ਡਰੋਨਾਂ ਦੇ ਡਿੱਗਣ ਦੀ ਗਿਣਤੀ ਪਹਿਲਾ ਨਾਲੋਂ ਵਧ ਗਈ ਹੈ ਅਤੇ ਏਨੀ ਵੱਡੀ ਗਿਣਤੀ 'ਚ ਡਰੋਨਾਂ ਦਾ ਆਉਣਾ ਪਾਕਿਸਤਾਨ ਦੀ ਆਰਮੀ ਅਤੇ ਦੇਸ਼ ਵਿਰੋਧੀ ਲੋਕਾਂ ਦੇ ਸਾਥ ਬਿਨਾਂ ਮੁਸ਼ਕਲ ਹੈ। ਸਰਜੀਕਲ ਸਟਰਾਈਕ ਕਰ ਦੇਣੀ ਚਾਹੀਦੀ ਹੈ, ਜਿਸ ਨੂੰ ਲੈ ਕੇ ਮੈਂ ਪ੍ਰਧਾਨ ਮੰਤਰੀ ਅਤੇ ਗ੍ਰਹਿ ਮੰਤਰੀ ਨੂੰ ਵੀ ਚਿੱਠੀ ਲਿਖ ਰਿਹਾ ਹਾਂ।

ਕਿਸਾਨਾਂ ਵੱਲੋਂ ਦਿੱਲੀ-ਚੰਡੀਗੜ੍ਹ ਮਾਰਗ ਜਾਮ

ਕੁਰੂਕਸ਼ੇਤਰ : ਸੂਰਜਮੁਖੀ ਦੀ ਫਸਲ 'ਤੇ ਘੱਟੋ-ਘੱਟ ਸਮਰਥਨ ਮੁੱਲ (ਐੱਮ ਐੱਸ ਪੀ) ਦੀ ਮੰਗ ਕਰ ਰਹੇ ਕਿਸਾਨਾਂ ਨੇ ਸੋਮਵਾਰ ਪਿਪਲੀ ਨੇੜੇ ਦਿੱਲੀ-ਚੰਡੀਗੜ੍ਹ ਮੁੱਖ ਮਾਰਗ ਜਾਮ ਕਰ ਦਿੱਤਾ ਅਤੇ ਐੱਮ ਐੱਸ ਪੀ 'ਤੇ ਖਰੀਦ ਯਕੀਨੀ ਨਾ ਬਣਾਉਣ ਦੀ ਸੂਰਤ 'ਚ ਸੜਕਾਂ ਉੱਤੇ ਉਤਰਨ ਦੀ ਚਿਤਾਵਨੀ ਦਿੱਤੀ। ਪੰਜਾਬ, ਹਰਿਆਣਾ, ਉੱਤਰ ਪ੍ਰਦੇਸ਼ ਅਤੇ ਹੋਰ ਗੁਆਂਢੀ ਸੂਬਿਆਂ ਦੇ ਕਿਸਾਨ ਆਗੂ ਮਹਾਂ ਪੰਚਾਇਤ ਲਈ ਪਿਪਲੀ ਦੀ ਅਨਾਜ ਮੰਡੀ 'ਚ ਇਕੱਠੇ ਹੋਏ ਸਨ। ਇਸ ਮਹਾਂ ਪੰਚਾਇਤ 'ਚ ਭਲਵਾਨ ਬਜਰੰਗ ਪੂਨੀਆ ਅਤੇ ਕਿਸਾਨ ਆਗੂ ਰਾਕੇਸ਼ ਟਿਕੈਤ ਵੀ ਸ਼ਾਮਲ ਹੋਏ। ਟਿਕੈਤ ਨੇ ਚਿਤਾਵਨੀ ਦਿੱਤੀ ਕਿ ਸਰਕਾਰ ਕੌਮੀ ਮਾਰਗ ਜਾਮ ਕਰਨ ਦੇ ਮਾਮਲੇ 'ਚ ਗ੍ਰਿਫਤਾਰ ਕਿਸਾਨ ਆਗੂਆਂ ਨੂੰ ਰਿਹਾਅ ਕਰੇ ਅਤੇ ਐੱਮ ਐੱਸ ਪੀ ਯਕੀਨੀ ਬਣਾਵੇ, ਨਹੀਂ ਤਾਂ ਦੇਸ਼ ਪੱਧਰ 'ਤੇ ਅੰਦੋਲਨ ਵਿੱਢਿਆ ਜਾਵੇਗਾ। ਕਿਸਾਨ ਆਗੂ ਸੁਰੇਸ਼ ਕੋਥ ਨੇ ਕਿਹਾ ਕਿ ਪ੍ਰਸ਼ਾਸਨ ਨਾਲ ਮੀਟਿੰਗ ਕੀਤੀ ਗਈ ਹੈ। ਜੇਕਰ ਮੰਗਾਂ ਨਾ ਮੰਨੀਆਂ ਗਈਆਂ ਤਾਂ ਕਿਸਾਨ ਸੰਘਰਸ਼ ਦੀ ਅਗਲੀ ਰਣਨੀਤੀ ਬਣਾਉਣਗੇ।

ਪ੍ਰਿੰਸੀਪਲ ਬੁੱਧ ਰਾਮ ਪੰਜਾਬ 'ਆਪ' ਦੇ ਕਾਰਜਕਾਰੀ ਪ੍ਰਧਾਨ

ਚੰਡੀਗੜ੍ਹ (ਗੁਰਜੀਤ ਬਿੱਲਾ)-ਆਮ ਆਦਮੀ ਪਾਰਟੀ ਨੇ ਬੁਢਲਾਡਾ ਵਿਧਾਨ ਸਭਾ ਹਲਕੇ ਤੋਂ ਦੋ ਵਾਰ ਦੇ ਵਿਧਾਇਕ ਪ੍ਰਿੰਸੀਪਲ ਬੁੱਧ ਰਾਮ ਨੂੰ ਸੋਮਵਾਰ ਪੰਜਾਬ ਇਕਾਈ ਦਾ ਕਾਰਜਕਾਰੀ ਪ੍ਰਧਾਨ ਬਣਾ ਦਿੱਤਾ। 'ਆਪ' ਨੇ ਇਸ ਦੇ ਨਾਲ ਹੀ ਚਾਰ ਸੂਬਾ ਮੀਤ ਪ੍ਰਧਾਨਾਂ ਸਮੇਤ ਛੇ ਹੋਰ ਅਹੁਦੇਦਾਰ ਐਲਾਨੇ ਹਨ। ਬਟਾਲਾ ਤੋਂ ਵਿਧਾਇਕ ਅਮਨਸ਼ੇਰ ਸਿੰਘ ਕਲਸੀ, ਉੜਮੁੜ ਤੋਂ ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ, ਮੁਕਤਸਰ ਤੋਂ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਅਤੇ ਖੰਨਾ ਤੋਂ ਵਿਧਾਇਕ ਤਰੁਣਪ੍ਰੀਤ ਸਿੰਘ ਸੌਂਦ ਨੂੰ ਸੂਬਾਈ ਮੀਤ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਪਾਰਟੀ ਆਗੂ ਜਗਰੂਪ ਸਿੰਘ ਸੇਖਵਾਂ ਨੂੰ ਸੂਬਾ ਜਨਰਲ ਸਕੱਤਰ ਤੇ ਧਰਮਕੋਟ ਤੋਂ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਨੂੰ ਪਾਰਟੀ ਦੇ ਯੂਥ ਵਿੰਗ ਦਾ ਸੂਬਾ ਪ੍ਰਧਾਨ ਥਾਪਿਆ ਗਿਆ ਹੈ। ਮੁੱਖ ਮੰਤਰੀ ਤੇ ਸੂਬਾ ਪ੍ਰਧਾਨ ਭਗਵੰਤ ਮਾਨ ਨੇ ਟਵੀਟ ਕਰਕੇ ਸਾਰੇ ਅਹੁਦੇਦਾਰਾਂ ਨੂੰ ਵਧਾਈ ਦਿੱਤੀ ਹੈ।

ਭਾਰਤੀ ਕੁਸ਼ਤੀ ਫੈਡਰੇਸ਼ਨ ਦੀਆਂ ਚੋਣਾਂ 4 ਜੁਲਾਈ ਨੂੰ ?

ਨਵੀਂ ਦਿੱਲੀ : ਭਾਰਤੀ ਉਲੰਪਿਕ ਐਸੋਸੀਏਸ਼ਨ ਨੇ ਭਾਰਤੀ ਕੁਸ਼ਤੀ ਫੈਡਰੇਸ਼ਨ ਦੀਆਂ ਚੋਣਾਂ 4 ਜੁਲਾਈ ਨੂੰ ਕਰਾਉਣ ਦੀ ਯੋਜਨਾ ਬਣਾਈ ਹੈ ਤੇ ਇਸ ਲਈ ਜੰਮੂ-ਕਸ਼ਮੀਰ ਦੇ ਸਾਬਕਾ ਚੀਫ ਜਸਟਿਸ ਮਹੇਸ਼ ਮਿੱਤਲ ਕੁਮਾਰ ਨੂੰ ਰਿਟਰਨਿੰਗ ਅਫਸਰ ਬਣਾਇਆ ਹੈ। ਚੋਣਾਂ ਫੈਡਰੇਸ਼ਨ ਦੀ ਸਪੈਸ਼ਲ ਜਨਰਲ ਮੀਟਿੰਗ 'ਚ ਹੋਣਗੀਆਂ। ਸੂਤਰਾਂ ਨੇ ਕਿਹਾ ਕਿ ਜਸਟਿਸ ਮਿੱਤਲ ਹੀ ਜਨਰਲ ਮੀਟਿੰਗ ਸੱਦਣ ਦਾ ਅੰਤਮ ਫੈਸਲਾ ਕਰਨਗੇ ਤੇ ਉਹ ਚੋਣਾਂ ਕੁਝ ਦਿਨ ਅੱਗੇ ਵੀ ਪਾ ਸਕਦੇ ਹਨ।

ਸਾਂਬਾ ਦੇ ਰਾਮਗੜ੍ਹ ਇਲਾਕੇ 'ਚ ਗੋਲੀਬਾਰੀ, ਪੰਜਾਬ ਵਾਸੀ ਸਣੇ 3 ਜ਼ਖਮੀ, 2 ਹਿਰਾਸਤ 'ਚ

ਸਾਂਬਾ : ਭਾਰਤ-ਪਾਕਿਸਤਾਨ ਸਰਹੱਦ ਨੇੜੇ ਸਾਂਬਾ ਜ਼ਿਲ੍ਹੇ ਦੇ ਰਾਮਗੜ੍ਹ ਖੇਤਰ 'ਚ ਸੋਮਵਾਰ ਤੜਕੇ ਦੋ ਗਰੁੱਪਾਂ ਵਿਚਾਲੇ ਝਗੜੇ ਮਗਰੋਂ ਗੋਲੀਬਾਰੀ ਦੀ ਘਟਨਾ 'ਚ ਪੰਜਾਬ ਦੇ ਇੱਕ ਵਸਨੀਕ ਸਮੇਤ ਤਿੰਨ ਜਣੇ ਜ਼ਖਮੀ ਹੋ ਗਏ। ਅਧਿਕਾਰੀਆਂ ਨੇ ਦੱਸਿਆ ਕਿ ਰਾਮਗੜ੍ਹ 'ਚ ਰੰਗੂਰ ਬੱਸ ਸਟੈਂਡ ਕੋਲ ਤੜਕੇ ਲੱਗਭੱਗ ਚਾਰ ਵਜੇ ਫਾਇਰਿੰਗ ਦੀ ਘਟਨਾ ਦੇ ਮਾਮਲੇ 'ਚ ਪੰਜਾਬ ਦੇ ਦੋ ਵਸਨੀਕਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਅਧਿਕਾਰੀਆਂ ਨੇ ਦੱਸਿਆ ਕਿ ਮਾਮਲੇ ਦੀ ਨਸ਼ੀਲੇ ਪਦਾਰਥਾਂ ਦੀ ਤਸਕਰੀ ਸਮੇਤ ਵੱਖ-ਵੱਖ ਪੱਖਾਂ ਤੋਂ ਜਾਂਚ ਕੀਤੀ ਜਾ ਰਹੀ ਹੈ। ਅਧਿਕਾਰੀਆਂ ਨੇ ਮੁੱਢਲੀ ਜਾਂਚ ਦੇ ਹਵਾਲੇ ਨਾਲ ਕਿਹਾ ਕਿ ਚੰਡੀਗੜ੍ਹ ਨੰਬਰ ਵਾਲੀ ਇੱਕ ਗੱਡੀ 'ਚ ਸਵਾਰ ਪੰਜਾਬ ਦੇ ਤਿੰਨ ਜਣੇ ਰੰਗੂਰ ਪਹੁੰਚੇ ਅਤੇ ਉਨ੍ਹਾਂ ਨੇ ਕੁੱਝ ਸਥਾਨਕ ਲੋਕਾਂ 'ਤੇ ਕਥਿਤ ਤੌਰ 'ਤੇ ਗੋਲੀਆਂ ਚਲਾ ਦਿੱਤੀਆਂ। ਉਨ੍ਹਾਂ ਕਿਹਾ ਕਿ ਘਟਨਾ ਦੀ ਵਜ੍ਹਾ ਪੁਰਾਣੀ ਰੰਜਿਸ਼ ਵੀ ਹੋ ਸਕਦੀ ਹੈ। ਅਧਿਕਾਰੀਆਂ ਮੁਤਾਬਕ ਗੋਲੀ ਲੱਗਣ ਕਾਰਨ ਸਥਾਨਕ ਨਾਗਰਿਕ ਸੁਨੀਲ ਕੁਮਾਰ (25), ਐੱਸ ਕੁਮਾਰ (23) ਅਤੇ ਅੰਮ੍ਰਿਤਸਰ ਵਾਸੀ ਸੰਨੀ ਕੁਮਾਰ ਜ਼ਖਮੀ ਹੋ ਗਏ ਅਤੇ ਉਨ੍ਹਾਂ ਨੂੰ ਸਰਕਾਰੀ ਮੈਡੀਕਲ ਕਾਲਜ ਹਸਪਤਾਲ 'ਚ ਦਾਖਲ ਕਰਵਾਇਆ ਗਿਆ ਹੈ।

ਮਾਮਲੇ 'ਚ ਤਰਨ ਤਾਰਨ ਵਾਸੀ ਸਤਿੰਦਰਪਾਲ ਸਿੰਘ ਅਤੇ ਜਗਪ੍ਰੀਤ ਸਿੰਘ ਨੂੰ ਹਿਰਾਸਤ 'ਚ ਲਿਆ ਗਿਆ ਹੈ।

ਭਾਜਪਾ-ਜਜਪਾ ਲੀਡਰਾਂ ਦੀ ਐਂਟਰੀ ਬੈਨ

चेतावनी
आप सभी BJP व JJP नेताओं को यह चेतावनी दी जाती है कि गांव डड़बा में प्रवेश करना मना है अगर कोई भी नेता बिना अनुमति के बिना गांव में प्रवेश करेंगे तो किसी प्रकार की जानमाल की हानि होने पर व खुद जिम्मेदार होगा।
किसान पर लाठीचार्ज सरपं

13-JUNE-PAGE-1.qxd 6/12/2023 10:22 PM Page 2

ਆਗੂਆਂ ਦਾ ਵਫ਼ਦ ਠੁੱਲੀਵਾਲ ਥਾਣਾ ਮੁਖੀ ਨੂੰ ਮਿਲਿਆ

ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਪਿੰਡ ਗੁੰਮਟੀ ਵਿਖੇ ਕਿਸਾਨ ਅਜੈਬ ਸਿੰਘ ਦੀ ਹੋਈ ਮੌਤ ਦੇ ਮਾਮਲੇ ਵਿੱਚ ਥਾਣਾ ਠੁੱਲੀਵਾਲ ਪੁਲਸ ਵੱਲੋਂ ਫੜੇ ਗਏ ਦੋਸ਼ੀ ਖਿਲਾਫ਼ ਸਖਤ ਕਾਰਵਾਈ ਕਰਕੇ ਪੀੜਤ ਪਰਵਾਰ ਨੂੰ ਇਨਸਾਫ ਦੀ ਮੰਗ ਨੂੰ ਲੈ ਕੇ ਐਕਸ਼ਨ ਕਮੇਟੀ ਦੇ ਮੈਂਬਰ ਭਾਕਿਯੂ ਉਗਰਾਹਾਂ ਦੇ ਨਾਹਰ ਸਿੰਘ ਗੁੰਮਟੀ, ਮਨਰੇਗਾ ਮਜ਼ਦੂਰ ਯੂਨੀਅਨ ਦੇ ਪਰਮਜੀਤ ਕੌਰ ਗੁੰਮਟੀ, ਜਥੇ: ਜਰਨੈਲ ਸਿੰਘ, ਨਿਸ਼ਾਨ ਸਿੰਘ ਦੀ ਅਗਵਾਈ ਹੇਠ ਥਾਣਾ ਠੁੱਲੀਵਾਲ ਦੇ ਮੁਖ ਅਫ਼ਸਰ ਨਾਹਰ ਸਿੰਘ ਨੂੰ ਮਿਲਿਆ। ਉਨ੍ਹਾਂ ਨੇ ਐਕਸਨ ਕਮੇਟੀ ਨੂੰ ਵਿਸ਼ਵਾਸ ਦਿਵਾਇਆ ਕਿ ਫੜੇ ਗਏ ਦੋਸ਼ੀਆਂ ਖਿਲਾਫ਼ ਸਖਤ ਕਾਰਵਾਈ ਕਰਕੇ ਪੀੜਤ ਪਰਵਾਰ ਨੂੰ ਇਨਸਾਫ ਦਿੱਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸ ਮਾਮਲੇ ਵਿੱਚ ਫੜੇ ਗਏ ਦੋਸ਼ੀ ਦੀ ਪਛਾਣ ਜਸਪ੍ਰੀਤ ਸਿੰਘ ਜੱਸਾ ਵਾਸੀ ਕਿਰਪਾਲ ਸਿੰਘ ਵਾਲਾ ਵਜੋਂ ਹੋਈ ਹੈ। ਜ਼ਿਕਰਯੋਗ ਹੈ ਕਿ ਇਸ ਮਾਮਲੇ ਵਿੱਚ ਪੀੜਤ ਪਰਵਾਰ ਨੂੰ ਇਨਸਾਫ਼ ਦਿਵਾਉਣ ਲਈ ਵੱਖ-ਵੱਖ ਜਥੇਬੰਦੀਆਂ ਵੱਲੋਂ ਠੁੱਲੀਵਾਲ ਵਿਖੇ ਧਰਨਾ ਦਿੱਤਾ ਗਿਆ ਸੀ।

ਵਿਧਾਇਕ ਦੇਵ ਮਾਨ ਨੇ ਲੋਕ ਮਿਲਣੀ ਦੌਰਾਨ ਸੁਣੀਆਂ ਸ਼ਿਕਾਇਤਾਂ

ਨਾਭਾ (ਵਰਿੰਦਰ ਵਰਮਾ)-ਹਲਕਾ ਵਾਸੀਆਂ ਦੀ ਹਰ ਮੁਸ਼ਕਲ ਦਾ ਹੱਲ ਕੀਤਾ ਜਾਵੇਗਾ। ਕਿਸੇ ਨੂੰ ਵੀ ਕੋਈ ਪ੍ਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ, ਕਿਉਂਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਇਕੋ-ਇਕ ਸੁਪਨਾ ਲੋਕਾਂ ਦੀਆਂ ਮੁਸ਼ਕਲਾਂ ਦਾ ਹੱਲ ਕਰਨਾ ਹੈ ਅਤੇ ਪੰਜਾਬ ਨੂੰ ਖੁਸ਼ਹਾਲ ਬਣਾਉਣਾ ਹੈ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਹਲਕਾ ਵਿਧਾਨ ਸਭਾ ਨਾਭਾ ਤੋਂ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਲੋਕ ਮਿਲਣੀ ਦੌਰਾਨ ਆਪਣੇ ਦਫਤਰ ਵਿਖੇ ਸ਼ਹਿਰ ਅਤੇ ਪਿੰਡ ਦੇ ਲੋਕਾਂ ਦੀਆਂ ਸ਼ਿਕਾਇਤਾਂ ਸੁਣਨ ਉਪਰੰਤ ਕੀਤਾ। ਇਸ ਦੌਰਾਨ ਵੱਡੀ ਗਿਣਤੀ ਵਿਚ ਸ਼ਹਿਰ ਅਤੇ ਪਿੰਡ ਵਾਸੀਆਂ ਨੇ ਵਿਧਾਇਕ ਦੇਵ ਮਾਨ ਨਾਭਾ ਨਾਲ ਆਪਣੇ ਦੁੱਖ ਸਾਂਝੇ ਕੀਤੇ, ਜਿਹੜੇ ਕਿ ਪਿਛਲੀਆਂ ਸਰਕਾਰਾਂ ਦੇ ਸਤਾਏ ਹੋਏ ਸਨ। ਦੇਵ ਮਾਨ ਨੇ ਕਿਹਾ ਕਿ ਸਾਡਾ ਇਕ ਹੀ ਸੁਪਨਾ ਹੈ ਕਿ ਨਾਭਾ ਹਲਕੇ ਨੂੰ ਪੰਜਾਬ ਵਿੱਚੋਂ ਇੱਕ ਨੰਬਰ 'ਤੇ ਲਿਆਂਦਾ ਜਾਵੇਗਾ। ਇਸ ਮੌਕੇ ਤੇਜਿੰਦਰ ਸਿੰਘ ਖਹਿਰਾ, ਸਾਬਕਾ ਪ੍ਰਧਾਨ ਦਵਿੰਦਰ ਸਿੰਘ ਕਲਾਰਾਂ, ਮਨਪ੍ਰੀਤ ਸਿੰਘ ਧਾਰੋਕੀਂ, ਸੁਖਦੇਵ ਸਿੰਘ ਮਾਨ, ਮਨਪ੍ਰੀਤ ਸਿੰਘ ਕਾਲੀਆ, ਧਰਮਿੰਦਰ ਧਰਮਿੰਦਰ ਸੁਖੇਵਾਲ, ਭੁਪਿੰਦਰ ਸਿੰਘ ਕੱਲਰਮਾਜਰੀ, ਪ੍ਰਧਾਨ ਟਰੱਕ ਯੂਨੀਅਨ ਨਾਭਾ ਅਮਨਦੀਪ ਸਿੰਘ ਰਹਿਲ, ਸਾਬਕਾ ਸਰਪੰਚ ਹਰਜਿੰਦਰ ਸਿੰਘ, ਇੰਦਰਜੀਤ ਸਿੰਘ ਬਿੱਟਾ, ਜਸਵੀਰ ਸਿੰਘ ਵਜੀਦਪੁਰ, ਸੂਰਜ ਕੁਮਾਰ ਬੌਬੀ ਅਤੇ ਹੋਰ ਅਹੁਦੇਦਾਰ ਮੌਜੂਦ ਸਨ।

ਸਮਰ ਕੈਂਪ 'ਚ ਹੋਣਹਾਰ ਵਿਦਿਆਰਥੀ ਸਨਮਾਨਤ

ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)-ਬਰੌਂਡਵੇ ਪਬਲਿਕ ਸਕੂਲ ਮਨਾਲ ਵਿਖੇ ਸੰਸਥਾ ਦੇ ਚੇਅਰਮੈਨ ਰਣਜੀਤ ਸਿੰਘ ਚੀਮਾ, ਡਾਇਰੈਕਟਰ ਨਵਰੀਤ ਕੌਰ ਚੀਮਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਤੇ ਪ੍ਰਿੰਸੀਪਲ ਮੁਹੰਮਦ ਆਰਿਫ਼ ਸੈਫੀ ਦੀ ਅਗਵਾਈ ਹੇਠ ਸਮੂਹ ਸਟਾਫ਼ ਦੇ ਸਹਿਯੋਗ ਨਾਲ 10 ਰੋਜ਼ਾ ਸਮਰ ਕੈਂਪ ਲਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਨੂੰ ਹਾਕੀ, ਬਾਸਕਟਬਾਲ, ਵਾਲੀਬਾਲ, ਕਰਾਟੇ, ਡਾਂਸ, ਭੰਗੜਾ, ਅਥਲੈਟਿਕ ਗਤੀਵਿਧੀਆਂ ਦੀ ਵਿਸ਼ੇਸ਼ ਟ੍ਰੇਨਿੰਗ ਦਿੱਤੀ ਗਈ। ਪ੍ਰੋਗਰਾਮ ਦੀ ਸ਼ੁਰੂਆਤ ਸ਼ਬਦ ਗਾਇਨ ਨਾਲ ਹੋਈ। ਇਸ ਉਪਰੰਤ ਗਿੱਧਾ, ਭੰਗੜਾ, ਡਾਂਸ, ਲੋਕ ਗੀਤ, ਕੋਰੀਓਗ੍ਰਾਫ਼ੀਆਂ ਪੇਸ਼ ਕਰਕੇ ਵਿਦਿਆਰਥੀਆਂ ਨੇ ਖੂਬ ਰੰਗ ਬੰਨ੍ਹਿਆ। ਚੇਅਰਮੈਨ ਰਣਜੀਤ ਸਿੰਘ ਚੀਮਾ ਨੇ ਆਰਟ ਤੇ ਕਰਾਫਟ ਪ੍ਰਦਰਸ਼ਨੀ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਕੂਲ ਵੱਲੋਂ ਹਰ ਸਾਲ ਅਜਿਹੀਆਂ ਗਤੀਵਿਧੀਆਂ ਕਰਾ ਕੇ ਬੱਚਿਆਂ ਨੂੰ ਪ੍ਰੇਰਤ ਕੀਤਾ ਜਾ ਰਿਹਾ ਹੈ। ਇਸ ਮੌਕੇ ਜੇਤੂ ਵਿਦਿਆਰਥੀਆਂ ਨੂੰ ਪ੍ਰਬੰਧਕਾਂ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਤ ਕਰਕੇ ਉਤਸ਼ਾਹਤ ਕੀਤਾ ਗਿਆ।

ਜੀ-20 ਜਨਭਾਗੀਦਾਰੀ ਗਤੀਵਿਧੀਆਂ ਸੰਬੰਧੀ ਮੀਟਿੰਗ

ਕੋਟ ਈਸੇ ਖਾਂ (ਅਰੋੜਾ)-ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਧਰਮਕੋਟ-2 ਸ੍ਰੀਮਤੀ ਕੰਚਨ ਬਾਲਾ ਵੱਲੋਂ ਦਫ਼ਤਰ ਬਲਾਕ ਧਰਮਕੋਟ-2 ਜ਼ਿਲ੍ਹਾ ਮੋਗਾ ਵਿਖੇ ਸਕੂਲ ਸਿੱਖਿਆ ਵਿਭਾਗ ਪੰਜਾਬ ਦੇ ਦਿਸ਼ਾ ਨਿਰਦੇਸ਼ ਹੇਠ ਜੀ-20 ਜਨਭਾਗੀਦਾਰੀ ਗਤੀਵਿਧੀਆਂ ਤਹਿਤ ਮੀਟਿੰਗ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਉਨ੍ਹਾ ਵੱਲੋਂ ਸਮੂਹ ਸੀ.ਐੱਚ.ਟੀ., ਮੀਡੀਆ ਟੀਮ, ਬੀ. ਐੱਮ. ਟੀਜ਼ ਤੇ ਸਮੁਦਾਇ ਮੈਂਬਰਾਂ ਨਾਲ ਜੀ-20 ਸੰਮੇਲਨ ਵਿੱਚ ਭਾਰਤ ਵੱਲੋਂ ਕੀਤੀ ਜਾ ਰਹੀ ਮੇਜ਼ਬਾਨੀ ਤਹਿਤ ਵੱਖ-ਵੱਖ ਖੇਤਰਾਂ ਵਿੱਚ ਪ੍ਰਾਪਤ ਕੀਤੀਆਂ ਉਪਲੱਬਧੀਆਂ ਤੇ ਸਿੱਖਿਆ ਦੇ ਖੇਤਰ ਵਿੱਚ ਬੁਨਿਆਦੀ ਸਾਖਰਤਾ ਅਤੇ ਸੰਖਿਆ ਗਿਆਨ ਬਾਰੇ ਜਾਣਕਾਰੀ ਸਾਂਝੀ ਕੀਤੀ ਗਈ। ਉਨ੍ਹਾਂ ਵੱਲੋਂ ਸਾਰਿਆਂ ਨੂੰ ਆਪਸੀ ਸਹਿਯੋਗ ਕਰਕੇ ਬੱਚਿਆਂ ਦੀ ਬਿਹਤਰ ਸਿੱਖਿਆ ਲਈ ਹਰ ਸੰਭਵ ਯਤਨ ਕਰਨ ਲਈ ਪ੍ਰੇਰਿਤ ਕੀਤਾ ਗਿਆ। ਇਸ ਮੀਟਿੰਗ ਵਿੱਚ ਸੀ ਐੱਚ ਟੀ ਸਾਹਿਬਾਨ ਸਵਰਨਜੀਤ ਸਿੰਘ, ਸਵਰਨ ਸਿੰਘ, ਯੋਗੇਸ਼ ਠਾਕੁਰ, ਲਵਨਾ ਕੁਮਾਰੀ, ਕੰਵਰਬੀਰ ਸਿੰਘ, ਜਗਸੀਰ ਸਿੰਘ ਆਦਿ ਹਾਜ਼ਰ ਹੋਏ।

ਪਰਮਿੰਦਰ ਢੀਂਡਸਾ ਨੇ ਲੀਲਾ ਸਿੰਘ ਨਾਲ ਕੀਤਾ ਦੁੱਖ ਸਾਂਝਾ

ਚੀਮਾ ਮੰਡੀ (ਰਵਿੰਦਰ ਚੀਮਾ)-ਪਰਮਿੰਦਰ ਸਿੰਘ ਢੀਂਡਸਾ ਸਾਬਕਾ ਖਜ਼ਾਨਾ ਮੰਤਰੀ ਨੇ ਚੀਮਾ ਮੰਡੀ ਵਿਖੇ ਪਹੁੰਚ ਕੇ ਲੀਲਾ ਸਿੰਘ ਜਥੇਦਾਰਾਂ ਦੇ ਭਤੀਜੇ ਦੀ ਹੋਈ ਬੇਵਕਤੀ ਮੌਤ 'ਤੇ ਦੁੱਖ ਪ੍ਰਗਟ ਕੀਤਾ। ਵਰਨਣਯੋਗ ਹੈ ਕਿ ਜਥੇਦਾਰ ਦਾ ਭਤੀਜਾ ਗੁਰਮੁੱਖ ਸਿੰਘ, ਜੋ ਪਿਛਲੇ ਦਿਨੀਂ ਹੇਮਕੁੰਟ ਸਾਹਿਬ ਯਾਤਰਾ ਤੋਂ ਵਾਪਸ ਆ ਰਿਹਾ ਸੀ ਤਾਂ ਰਸਤੇ ਵਿੱਚ ਦਿਲ ਦਾ ਦੌਰਾ ਪੈਣ ਕਾਰਨ ਉਸ ਦੀ ਮੌਤ ਹੋ ਗਈ ਸੀ। ਇਸ ਤੋਂ ਇਲਾਵਾ ਸ੍ਰ. ਢੀਂਡਸਾ ਨੇ ਗੁਰਦੁਆਰਾ ਜਨਮ ਅਸਥਾਨ ਪਹੁੰਚ ਕੇ ਸਾਬਕਾ ਐੱਮ ਸੀ ਰਾਮ ਸਿੰਘ ਦੇ ਪਿਤਾ, ਜੋ ਪਿਛਲੇ ਦਿਨੀਂ ਅਕਾਲ ਚਲਾਣਾ ਕਰ ਗਏ ਸਨ, ਉਨ੍ਹਾ ਦੇ ਭੋਗ 'ਤੇ ਮੱਥਾ ਟੇਕਿਆ ਅਤੇ ਰਾਮ ਸਿੰਘ ਨਾਲ ਵੀ ਦੁੱਖ ਦਾ ਪ੍ਰਗਟਾਵਾ ਕੀਤਾ। ਇਸ ਮੌਕੇ ਗੋਗੀ ਚੀਮਾ, ਨਹਿਰੂ ਤੋਗਾਵਾਲ, ਵਰਿੰਦਰਪਾਲ ਸਿੰਘ, ਟੀਟੂ, ਧਰਮਵੀਰ, ਰਾਮੂ, ਜੱਗਾ ਸਿੰਘ, ਗੁਰਚਰਨ ਸਿੰਘ, ਜਸ ਸਿੰਘ ਆਦਿ ਹਾਜ਼ਰ ਸਨ।

ਸਰਬਤ ਦੇ ਭਲੇ ਲਈ ਸੁਖਮਨੀ ਸਾਹਿਬ ਦਾ ਪਾਠ ਕਰਾਇਆ

ਸ੍ਰੀ ਮੁਕਤਸਰ ਸਾਹਿਬ (ਪੂਜਾ)-ਮਲੋਟ ਰੋਡ ਨਾਕਾ ਨੰਬਰ 5 ਨੇੜੇ ਗਣੇਸ਼ ਮੈਡੀਕਲ ਏਜੰਸੀ ਵੱਲੋਂ ਸਰਬਤ ਦੇ ਭਲੇ ਲਈ ਸ੍ਰੀ ਸੁਖਮਣੀ ਸਾਹਿਬ ਪਾਠ ਕਰਵਾਇਆ ਗਿਆ। ਇਸ ਮੌਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪ੍ਰਕਾਸ਼ ਕੀਤਾ ਗਿਆ। ਗ੍ਰੰਥੀ ਸਾਹਿਬਾਨਾਂ ਵੱਲੋਂ ਸਰਬਤ ਦੇ ਭਲੇ ਲਈ ਅਰਦਾਸ ਕੀਤੀ ਗਈ। ਉਸ ਉਪਰੰਤ ਗੁਰੂ ਦਾ ਅਤੁੱਟ ਲੰਗਰ ਵੀ ਵਰਤਾਇਆ ਗਿਆ। ਇਸ ਮੌਕੇ ਭੂਸ਼ਣ ਧਵਨ (ਸ਼ੇਰੂ) ਨੇ ਆਈਆਂ ਹੋਈਆਂ ਸੰਗਤਾਂ ਦਾ ਧੰਨਵਾਦ ਕੀਤਾ। ਪਾਠ ਮੌਕੇ ਲਲਿਤ ਭੂਸ਼ਣ ਜੱਗਾ, ਰਿਕੂ ਕੁਮਾਰ, ਵਿਜੇ ਕੁਮਾਰ, ਸ਼ਿਵਮ, ਰਾਕੇਸ਼ ਖੁਰਾਨਾ, ਅਰੁਣ ਮਿੱਢਾ, ਐਡਵੋਕੇਟ ਗੁਲਸ਼ਨ ਮਿੱਤਲ, ਨਰਿੰਦਰ ਬਾਂਸਲ, ਰਾਜਾ ਦੁੱਘ, ਪ੍ਰਿੰਸ ਸਿੰਗਲਾ, ਕੁਲਦੀਪ ਕੁਮਾਰ, ਡੀਏਵੀ ਸਕੂਲ ਦੇ ਪ੍ਰਿੰਸੀਪਲ ਮਨਦੀਪ ਕੁਮਾਰ ਸਮੇਤ ਵੱਡੀ ਗਿਣਤੀ 'ਚ ਸ਼ਹਿਰ ਦੇ ਪਤਵੰਤੇ ਲੋਕ ਮੌਜੂਦ ਸਨ।

ਕਲਾਲਮਾਜਰਾ 'ਚ ਮਲੇਰੀਆ ਰੋਕੂ ਕੈਂਪ ਲਾਇਆ

ਖੰਨਾ (ਸੁਖਵਿੰਦਰ ਸਿੰਘ ਭਾਦਲਾ, ਪਰਮਿੰਦਰ ਸਿੰਘ ਮੋਨੂੰ)-ਸਿਵਲ ਸਰਜਨ ਲੁਧਿਆਣਾ ਦੇ ਨਿਰਦੇਸ਼ਾਂ ਅਨੁਸਾਰ ਸੀਨੀਅਰ ਮੈਡੀਕਲ ਅਫ਼ਸਰ ਡਾਕਟਰ ਰਵੀ ਦੱਤ ਇੰਚਾਰਜ ਸੀਐਚਸੀ ਦੀ ਯੋਗ ਅਗਵਾਈ ਹੇਠ ਤੰਦਰੁਸਤੀ ਸਿਹਤ ਕੇਂਦਰ ਕਲਾਲਮਾਜਰਾ ਵਿਖੇ ਮਲੇਰੀਆ ਵਿਰੋਧੀ ਕੈਂਪ ਲਾਇਆ ਗਿਆ। ਕੈਂਪ ਵਿੱਚ ਜਰਨੈਲ ਸਿੰਘ ਮੀਰਪੁਰ ਹੈਲਥ ਸੁਪਰਵਾਈਜਰ ਨੇ ਦੱਸਿਆ ਕਿ ਮਲੇਰੀਆ ਬੁਖਾਰ ਮਾਦਾ ਮੱਛਰ ਦੇ ਕੱਟਣ ਨਾਲ ਫੈਲਦਾ ਹੈ। ਜੋ ਰਾਤ ਦੇ ਸਮੇਂ ਕੱਟਦੀ ਹੈ। ਇਹ ਸਾਫ ਅਤੇ ਖੜੇ ਪਾਣੀ ਵਿਚ ਪੈਦਾ ਹੁੰਦੀ ਹੈ, ਜਿਸ ਕਾਰਨ ਮਰੀਜ਼ ਨੂੰ ਤੇਜ਼ ਬੁਖਾਰ ਹੁੰਦੀ ਹੈ। ਇਸ ਮੌਕੇ ਸੀ ਐਚ ਓ ਕੁਲਜੀਤ ਕੌਰ ਨੇ ਕਿਹਾ ਕਿ ਆਪਣੇ ਘਰ ਨੇੜੇ ਪਾਣੀ ਜਮ੍ਹਾਂ ਨਾ ਹੋਣ ਦਿਉ। ਕੂਲਰਾਂ ਦੇ ਪਾਣੀ ਨੂੰ ਹਫ਼ਤੇ ਵਿੱਚ ਦੋ ਵਾਰ ਬਦਲਣਾ ਚਾਹੀਦਾ ਹੈ। ਇਸ ਦੌਰਾਨ ਕੁਲਬੀਰ ਸਿੰਘ ਈਸੜ ਨੇ ਦੱਸਿਆ ਕਿ ਬੁਖਾਰ ਹੋਣ 'ਤੇ ਆਪਣੇ ਖੂਨ ਦੀ ਜਾਂਚ ਕਰਾਉਣੀ ਚਾਹੀਦੀ ਹੈ। ਸੌਣ ਸਮੇਂ ਮੱਛਰਦਾਨੀ ਦੀ ਵਰਤੋਂ ਕਰਨੀ ਚਾਹੀਦੀ ਹੈ। ਇਸ ਮੌਕੇ ਮਨਜੀਤ ਕੌਰ ਸਿਹਤ ਕਰਮੀ ਨੇ ਆਏ ਲੋਕਾਂ ਦਾ ਧੰਨਵਾਦ ਕੀਤਾ।

ਪੈਨਸ਼ਨਰ ਧਰਨੇ 'ਚ ਵੱਡੀ ਗਿਣਤੀ ਵਿੱਚ ਹੋਣਗੇ ਸ਼ਾਮਲ : ਗਿੱਲ

ਮੋਗਾ (ਅਮਰਜੀਤ ਬੱਬਰੀ)

ਪੰਜਾਬ ਗੌਰਮਿੰਟ ਪੈਨਸ਼ਨਰ ਐਸੋਸੀਏਸ਼ਨ ਜ਼ਿਲ੍ਹਾ ਇਕਾਈ ਮੋਗਾ ਤੇ ਸਬ ਡਵੀਜ਼ਨ ਇਕਾਈ ਮੋਗਾ 1 ਤੇ ਮੋਗਾ 2 ਦੀ ਮੀਟਿੰਗ ਸੁਤੰਤਰਤਾ ਸੈਨਾਨੀ ਭਵਨ ਵਿਖੇ ਹੋਈ। ਜ਼ਿਲ੍ਹਾ ਪ੍ਰਧਾਨ ਭਜਨ ਸਿੰਘ ਗਿੱਲ ਨੇ ਦੱਸਿਆ ਕਿ ਪੰਜਾਬ ਸਰਕਾਰ ਦੀ ਲਾਰੇ ਲੱਪੇ ਲਾਊ ਨੀਤੀ ਖਿਲਾਫ਼ ਸਾਰੇ ਪੰਜਾਬ ਦੇ ਪੈਨਸ਼ਨਰਾਂ ਵਿੱਚ ਸਰਕਾਰ ਪ੍ਰਤੀ ਬੇਵਿਸ਼ਵਾਸੀ ਅਤੇ ਰੋਸ ਹੈ, ਜਿਸ ਕਰਕੇ ਪਜਾਬ ਗੌਰਮਿੰਟ ਪੈਨਸ਼ਨਰਜ਼ ਜੁਆਇੰਟ ਫਰੰਟ ਵੱਲੋਂ 14 ਜੂਨ ਨੂੰ ਡੀ. ਸੀ ਮੋਗਾ ਦੇ ਦਫ਼ਤਰ ਸਾਹਮਣੇ ਵਿਸ਼ਾਲ ਧਰਨਾ 11 ਵਜੇ ਸ਼ੁਰੂ ਹੋਵੇਗਾ ਅਤੇ ਧਰਨੇ ਉਪਰੰਤ ਡਿਪਟੀ ਕਮਿਸ਼ਨਰ ਨੂੰ ਮੁੱਖ ਮੰਤਰੀ ਪੰਜਾਬ ਸਰਕਾਰ ਦੇ ਨਾਂਅ ਮੰਗ ਪੱਤਰ ਦਿੱਤਾ ਜਾਵੇਗਾ, ਜਿਸ ਵਿੱਚ ਮੰਗ ਕੀਤੀ ਜਾਵੇਗੀ ਕਿ ਪੇ ਕਮਿਸ਼ਨ ਦੁਆਰਾ ਸਿਫ਼ਾਰਸ਼ ਕੀਤਾ ਗੁਣਾਕ ਅਤੇ ਨੈਸ਼ਨਲ ਪੈਨਸ਼ਨ ਸੋਧ ਵਿਧੀ ਲਾਗੂ ਕੀਤੀ ਜਾਵੇ, ਪੈਨਸ਼ਨਰਾਂ ਦਾ ਡੀ ਏ ਦੀਆਂ ਕਿਸ਼ਤਾਂ ਦਾ 192 ਮਹੀਨੇ ਦਾ ਬਕਾਇਆ ਅਤੇ ਪੇ ਕਮਿਸ਼ਨ ਦਾ ਸਾਢੇ ਪੰਜ ਸਾਲ ਦਾ ਬਕਾਇਆ, ਉਨ੍ਹਾਂ ਦੀ ਬੁਢਾਪੇ ਦੀ ਹਾਲਤ ਨੂੰ ਧਿਆਨ ਵਿੱਚ ਰੱਖਦੇ ਹੋਏ ਯਕਮੁਸ਼ਤ ਤੁਰੰਤ ਦਿੱਤਾ ਜਾਵੇ।

ਮੈਡੀਕਲ ਕੈਸ਼ਲੈੱਸ ਹੈਲਥ ਸਕੀਮ ਲਾਗੂ ਕੀਤੀ ਜਾਵੇ, ਕੇਂਦਰ ਸਰਕਾਰ ਤੇ ਹੋਰ ਰਾਜ ਸਰਕਾਰਾਂ ਵਾਂਗ ਮਹਿੰਗਾਈ ਭੱਤਾ 34% ਤੋਂ ਵਧਾ ਕੇ 42% ਕੀਤਾ ਜਾਵੇ, ਪੁਰਾਣੀ ਪੈਨਸ਼ਨ ਸਕੀਮ 1972 ਦੇ ਕਾਨੂੰਨ ਮੁਤਾਬਕ ਬਹਾਲ ਕੀਤੀ ਜਾਵੇ ਅਤੇ ਪੈਨਸ਼ਨਰਾਂ ਲਈ ਸਫਰੀ ਭੱਤਾ, ਓਲਡ ਏਜ ਭੱਤਾ ਜੋੜ ਕੇ ਦਿੱਤਾ ਜਾਵੇ। ਸਟੇਜ ਦੀ ਕਾਰਵਾਈ ਸੁਖਮੰਦਰ ਸਿੰਘ ਜ਼ਿਲ੍ਹਾ ਜਨਰਲ ਸਕੱਤਰ ਨੇ ਬਾਖੂਬੀ ਨਿਭਾਈ , ਮੀਟਿੰਗ ਦੇ ਸ਼ੁਰੂ ਵਿੱਚ ਮਲਕੀਤ ਸਿੰਘ ਮਾਹਲਾ, ਗੁਰਬਚਨ ਕੌਰ ਮਾਹਲਾ, ਪੈਨਸ਼ਨਰ ਆਗੂ ਸਿਕੰਦਰ ਸਿੰਘ ਭਾਗੀ ਕੇ ਦੇ ਸਤਿਕਾਰ ਯੋਗ ਮਾਤਾ, ਬਸੰਤ ਸਿੰਘ ਰਾਊਕੇ ਦੇ ਬੇਟੇ ਸਵਰਨ ਸਿੰਘ, ਬਹਾਦਰ ਸਿੰਘ ਬਰਾਜ ਦੇ ਬੇਟੇ ਰਾਜਿੰਦਰ ਸਿੰਘ ਚਾਹਲ, ਬਲਵਿੰਦਰ ਸਿੰਘ ਭਲੂਰ ਅਤੇ ਅਰਮਾਨ ਦੀਪ ਸਿੰਘ ਚੰਨੂੰ ਵਾਲਾ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਮੀਟਿੰਗ ਵਿੱਚ ਪ੍ਰੇਮ ਕੁਮਾਰ, ਬਿੱਕਰ ਸਿੰਘ ਮਾਛੀਕੇ, ਬਲਬੀਰ ਸਿੰਘ, ਕੇਹਰ ਸਿੰਘ ਕਿਸ਼ਨਪੁਰਾ ਅਤੇ ਗੁਰਦੇਵ ਸਿੰਘ, ਜ਼ੋਰਾਵਰ ਸਿੰਘ, ਜਗਜੀਤ ਸਿੰਘ, ਸਰਬਜੀਤ ਦੌਧਰ ਹਜੂਰਾ ਸਿੰਘ ਘੱਲ ਕਲਾਂ, ਬੂਟਾ ਸਿੰਘ ਅਰੋੜਾ ਪ੍ਰਧਾਨ ਤਲਵੰਡੀ ਭਾਈ, ਪ੍ਰੀਤਮ ਸਿੰਘ, ਅੰਮ੍ਰਿਤ ਲਾਲ ਆਦਿ ਸਬ ਡਵੀਜ਼ਨ ਪ੍ਰਧਾਨ ਸਕੱਤਰ ਤੇ ਆਗੂ ਹਾਜ਼ਰ ਹੋਏ ਅਤੇ ਆਪਣੇ ਵਿਚਾਰ ਰੱਖੇ। ਸੁਰਿੰਦਰ ਰਾਮ ਕੁੱਸਾ ਨੇ ਦੱਸਿਆ ਕਿ ਜੇਕਰ 14 ਜੂਨ ਨੂੰ ਧਰਨਿਆਂ ਉਪਰੰਤ ਸਰਕਾਰ ਨੇ ਬਕਾਇਆਂ ਅਤੇ ਹੋਰ ਮੰਗਾਂ ਬਾਰੇ ਕੋਈ ਫੈਸਲਾ ਨਾ ਕੀਤਾ ਤਾਂ ਪੈਨਸ਼ਨਰ ਜੁਆਇੰਟ ਫਰੰਟ ਵੱਲੋਂ ਸੂਬਾ ਪੱਧਰ 'ਤੇ ਵਿਸ਼ਾਲ ਰੈਲੀ ਅਤੇ ਮੁਜਾਹਰਾ ਕੀਤਾ ਜਾਵੇਗਾ। ਮੀਟਿੰਗ 'ਚ ਪਹਿਲਵਾਨ ਔਰਤਾਂ ਦੇ ਸੰਘਰਸ਼ ਦੀ ਹਮਾਇਤ ਕਰਦਾ ਇੱਕ ਮਤਾ ਪਾਸ ਕੀਤਾ ਅਤੇ ਇੱਕ ਮਤਾ ਨਵਸ਼ਰਨ ਖਿਲਾਫ਼ ਈਡੀ ਵੱਲੋਂ ਕੀਤੀ ਕਾਰਵਾਈ ਦੀ ਤਿੱਖੀ ਆਲੋਚਨਾ ਕੀਤੀ ਗਈ। ਅਗਲੇ ਮਤੇ ਵਿੱਚ ਪੁਰਾਣੀ ਪੈਨਸ਼ਨ ਬਹਾਲੀ ਲਈ ਸੰਘਰਸ਼ ਕਰਦੇ ਮੁਲਾਜ਼ਮਾਂ ਦੀ ਖਿੱਚ ਧੂਹ ਕਰਨ ਅਤੇ ਥਾਣੇ ਡੱਕਣ ਦੀ ਕਰੜੇ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ।

ਬਾਲਿਆਂਵਾਲੀ ਬਲਾਕ 'ਚ ਮਨਾਇਆ ਜਾ ਰਿਹਾ ਮਲੇਰੀਆ ਰੋਕੂ ਮਹੀਨਾ

ਰਾਮਪੁਰਾ ਫੂਲ (ਦਰਸ਼ਨ ਜਿੰਦਲ)-ਸਿਹਤ ਮੰਤਰੀ ਪੰਜਾਬ ਡਾ. ਬਲਵੀਰ ਸਿੰਘ ਅਤੇ ਸਿਵਲ ਸਰਜਨ ਬਠਿੰਡਾ ਡਾ. ਤੇਜਵੰਤ ਸਿੰਘ ਢਿੱਲੋਂ ਦ

13-June-PAGE-3.qxd 6/12/2023 10:33 PM Page 1

ਕੈਬਨਿਟ ਮੰਤਰੀ ਦੀ ਵਾਅਦਾ-ਖਿਲਾਫੀ ਤੇ ਗੁੰਡਾਗਰਦੀ ਵਿਰੁੱਧ ਰੋਸ ਮੁਜ਼ਾਹਰਾ 27 ਨੂੰ

ਤਰਨ ਤਾਰਨ (ਪ੍ਰਿਤਪਾਲ ਸਿੰਘ)-ਕਿਸਾਨ ਮਜ਼ਦੂਰ ਮੁਲਾਜ਼ਮ ਜਥੇਬੰਦੀਆਂ ਦੇ ਆਗੂਆਂ ਦੀ ਹੰਗਾਮੀ ਮੀਟਿੰਗ ਮਾਸਟਰ ਦਲਜੀਤ ਸਿੰਘ ਦਿਆਲਪੁਰ ਦੀ ਪ੍ਰਧਾਨਗੀ ਹੇਠ ਤਰਨ ਤਾਰਨ ਵਿੱਖੇ ਹੋਈ । ਜਿਸ ਵਿੱਚ ਦਰਜਨ ਦੇ ਕਰੀਬ ਵੱਖ ਵੱਖ ਜਥੇਬੰਦੀਆਂ ਦੇ ਆਗੂਆਂ ਨੇ ਭਰਵੀਂ ਸ਼ਮੂਲੀਅਤ ਕੀਤੀ । ਇਸ ਮੀਟਿੰਗ ਵਿੱਚ ਐਸ ਈ ਗੁਰਸ਼ਰਨ ਸਿੰਘ ਖਹਿਰਾ ਦੀ ਬਦਲੀ ਨੂੰ ਲੈ ਕੇ 1 ਮਈ ਨੂੰ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਵੱਲੋਂ ਕੀਤੇ ਵਾਅਦੇ ਤੋਂ ਮੁੱਕਰ ਕੇ ਵਾਅਦਾ ਖਿਲਾਫੀ ਕਰਨ ਦਾ ਗੰਭੀਰ ਨੋਟਿਸ ਲਿਆ ਗਿਆ। ਮੀਟਿੰਗ ਵਿੱਚ ਸਾਂਝੀ ਐਕਸ਼ਨ ਕਮੇਟੀ ਦੇ ਆਗੂਆਂ ਨੇ ਕਿਹਾ ਕੇ ਮੰਤਰੀ ਦੇ ਗੈਰ ਜ਼ਿੰਮੇਵਾਰਾਨਾ ਰਵੱਈਏ ਵਿਰੁੱਧ ਸ਼ੰਘਰਸ ਅਰੰਭ ਕਰਕੇ ਉਸ ਦੀ ਕੜੀ ਵਜੋਂ ਜ਼ਿਲ੍ਹਾ ਭਰ ਦੇ ਬਲਾਕ ਪੱਧਰਾਂ ਤੇ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਦੇ ਪੁਤਲੇ ਫੂਕਣ ਦਾ ਪ੍ਰੋਗਰਾਮ 3 ਜੂਨ ਤੋਂ 8 ਜੂਨ ਤੱਕ ਸ਼ੁਰੂ ਕੀਤਾ ਸੀ ਜਿਸ ਦੀ ਕੜੀ ਵਜੋਂ 6 ਜੂਨ ਨੂੰ ਨੌਸ਼ਹਿਰਾ ਪਨੂੰਆਂ ਵਿਖੇ ਇਸ ਐਕਸ਼ਨ ਨੂੰ ਰੋਕਣ ਲਈ ਕੈਬਨਿਟ ਮੰਤਰੀ ਦੇ ਬੰਦਿਆਂ ਨੇ ਪੁਰਅਮਨ ਐਕਸ਼ਨ ਕਰਨ ਵਾਲੇ ਕਿਸਾਨ, ਮਜ਼ਦੂਰ, ਮੁਲਾਜ਼ਮ ਆਗੂਆਂ ਖਿਲਾਫ ਸਰੇਆਮ ਗੁੰਡਾਗਰਦੀ ਦਾ ਨੰਗਾ ਨਾਚ ਨੱਚਿਆ ਗਿਆ ਪਰ ਸੰਘਰਸ਼ਸ਼ੀਲ ਲੋਕਾਂ ਵੱਲੋਂ ਸ਼ਾਂਤਮਈ ਰਹਿੰਦੇ ਹੋਏ ਕੈਬਨਿਟ ਮੰਤਰੀ ਦਾ ਪੁਤਲਾ ਫੂਕਿਆ । ਅੱਜ ਕਿਸਾਨ ਮਜ਼ਦੂਰ

ਮੁਲਾਜ਼ਮ ਜਥੇਬੰਦੀਆਂ ਦੀ ਸਾਂਝੀ ਕਮੇਟੀ ਵੱਲੋਂ ਮੀਟਿੰਗ ਦੌਰਾਨ ਫੈਸਲਾ ਲਿਆ ਗਿਆ ਕਿ ਕੈਬਨਿਟ ਮੰਤਰੀ ਵੱਲੋਂ ਕੀਤੀ ਗਈ ਵਾਅਦਾ ਖਿਲਾਫੀ ਅਤੇ ਉਸ ਦੇ ਬੰਦਿਆਂ ਵੱਲੋਂ ਕੀਤੀ ਗਈ ਗੁੰਡਾਗਰਦੀ ਖਿਲਾਫ 27 ਜੂਨ ਨੂੰ ਜ਼ਿਲ੍ਹਾ ਹੈਡਕੁਆਰਟਰ ਤਰਨ ਤਾਰਨ ਵਿਖੇ ਡਿਪਟੀ ਕਮਿਸ਼ਨਰ ਤਰਨ ਤਾਰਨ ਦੇ ਦਫਤਰ ਸਾਹਮਣੇ ਰੋਸ ਧਰਨਾ ਦੇ ਕੇ ਮੁੱਖ ਮੰਤਰੀ ਦੇ ਨਾਂਅ ਮੰਗ ਪੱਤਰ ਦਿੱਤਾ ਜਾਵੇਗਾ । ਜਿਸ ਵਿੱਚ ਕੈਬਨਿਟ ਮੰਤਰੀ ਵਿਰੁੱਧ ਕਾਰਵਾਈ ਕਰਨ ਦੀ ਮੰਗ ਕੀਤੀ ਜਾਵੇਗੀ। ਰੋਸ ਧਰਨੇ ਉਪਰੰਤ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਦਾ ਪੁਤਲਾ ਵੀ ਫੂਕਿਆ ਜਾਵੇਗਾ । ਮੀਟਿੰਗ ਵਿੱਚ 15 ਜੂਨ ਤੋਂ 24 ਜੂਨ ਤੱਕ ਪਿੰਡ-ਪਿੰਡ ਕੈਬਨਿਟ ਮੰਤਰੀ ਦੇ ਪੁਤਲੇ ਫੂਕਣ ਦਾ ਐਲਾਨ ਵੀ ਕੀਤਾ ਗਿਆ। ਅੱਜ ਦੀ ਮੀਟਿੰਗ ਵਿੱਚ ਕਿਸਾਨ ਸੰਘਰਸ਼ ਕਮੇਟੀ ਦੇ ਸੂਬਾਈ ਆਗੂਆਂ ਕੰਵਲਪ੍ਰੀਤ ਸਿੰਘ ਪਨੂੰ, ਕੁਲਬੀਰ ਸਿੰਘ ਚੌਧਰੀਵਾਲਾ, ਅਜ਼ਾਦ ਕਿਸਾਨ ਸੰਘਰਸ਼ ਕਮੇਟੀ ਦੇ ਹਰਜਿੰਦਰ ਸਿੰਘ ਟਾਂਡਾ, ਮਹਿੰਦਰ ਸਿੰਘ ਵੇਈਂਪੂਈ, ਕਿਰਤੀ ਕਿਸਾਨ ਯੂਨੀਅਨ ਦੇ ਨਛੱਤਰ ਸਿੰਘ ਮੁਗਲਚੱਕ, ਸਤਪਾਲ ਸਿੰਘ ਨੱਥੇਕੇ, ਕੌਮੀ ਕਿਸਾਨ ਯੂਨੀਅਨ ਦੇ ਤਰਸੇਮ ਸਿੰਘ ਲੁਹਾਰ, ਕੁੱਲ ਹਿੰਦ ਕਿਸਾਨ ਸਭਾ ਦੇ ਦਵਿੰਦਰ ਸੋਹਲ, ਰਛਪਾਲ ਸਿੰਘ ਬਾਠ, ਪਾਵਰਕਾਮ / ਟ੍ਰਾਂਸਕੋ ਪੈਨਸ਼ਨਰਜ਼ ਯੂਨੀਅਨ ਦੇ ਪੂਰਨ ਸਿੰਘ ਮਾੜੀਮੇਘਾ, ਨਰਿੰਦਰ ਬੇਦੀ, ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਦੇ ਅੰਮ੍ਰਿਤਪਾਲ ਸਿੰਘ ਜੋੜਾ, ਜਮਹੂਰੀ ਕਿਸਾਨ ਸਭਾ ਦੇ ਮੁਖਤਾਰ ਸਿੰਘ ਮੱਲਾ, ਮਨਜੀਤ ਸਿੰਘ ਬੱਗੂ, ਬਲਵਿੰਦਰ ਸਿੰਘ ਫੈਲੋਕੇ , ਭਾਰਤੀ ਕਿਸਾਨ ਯੂਨੀਅਨ ਕਾਦੀਆਂ ਦੇ ਗੁਰਸਾਹਿਬ ਸਿੰਘ ਡੱਲ, ਇੰਡੀਅਨ ਫਾਰਮਰ ਐਸੋਸੀਏਸ਼ਨ ਦੇ ਕਲਵੰਤ ਸਿੰਘ ਭਲਾਈਪੁਰ, ਕੌਮੀ ਕਿਸਾਨ ਯੂਨੀਅਨ ਦੇ ਤਰਸੇਮ ਸਿੰਘ ਲੁਹਾਰ, ਸਰਜੀਤ ਸਿੰਘ ਕੱਦਗਿਲ, ਟੈਕਨੀਕਲ ਸਰਵਿਸ ਯੂਨੀਅਨ ਦੇ ਅਵਤਾਰ ਸਿੰਘ ਕੈਰੋਂ, ਕਰਮਚਾਰੀ ਦਲ ਦੇ ਚਰਨਜੀਤ ਸਿੰਘ ਝਬਾਲ, ਇੰਪਲਾਈਜ਼ ਫੈਡਰੇਸ਼ਨ ਚਾਹਲ ਦੇ ਮੰਗਲ ਸਿੰਘ ਠਰੂ, ਪੀ ਐਸ ਈ ਬੀ ਇੰਪਲਾਈਜ਼ ਫੈਡਰੇਸ਼ਨ ਏਟਕ ਪੰਜਾਬ ਦੇ ਗੁਰਪ੍ਰੀਤ ਸਿੰਘ ਗੰਡੀਵਿੰਡ, ਕਿਰਤੀ ਕਿਸਾਨ ਯੂਨੀਅਨ ਦੇ ਬਲਬੀਰ ਸਿੰਘ ਝਾਮਕਾ, ਟੈਕਨੀਕਲ ਸਰਵਿਸ ਯੂਨੀਅਨ ਦੇ ਸਾਬਕਾ ਸੂਬਾ ਜਨਰਲ ਸਕੱਤਰ ਜਗਤਾਰ ਸਿੰਘ ਉਪਲ ਤੋਂ ਇਲਾਵਾ ਵੱਡੀ ਤਾਦਾਦ ਵਿੱਚ ਹਾਜ਼ਰ ਆਗੂਆਂ ਨੇ ਮੰਤਰੀ ਦੇ ਜਥੇਬੰਦੀਆਂ ਪ੍ਰਤੀ ਅਪਣਾਏ ਹੌਕੜ ਰਵੱਈਏ ਖਿਲਾਫ ਸੰਘਰਸ਼ ਕਰਨ ਦਾ ਅਹਿਦ ਲਿਆ ।

ਡੇਹਰੀਵਾਲ 'ਚ ਕਬੱਡੀ ਟੂਰਨਾਮੈਂਟ

ਤਰਸਿੱਕਾ (ਤਰਸੇਮ ਸਿੰਘ ਸਾਧਪੁਰ)-ਹਲਕਾ ਜੰਡਿਆਲਾ ਗੁਰੂ ਅਤੇ ਬਲਾਕ ਤਰਸਿੱਕਾ ਦੇ ਪਿੰਡ ਡੇਹਰੀਵਾਲ ਵਿਖੇ ਬਾਬਾ ਸਿਧਾਣਾ ਦੀ ਦਰਗਾਹ 'ਤੇ ਸਾਲਾਨਾ ਜੋੜ ਮੇਲਾ ਕਰਵਾਇਆ ਗਿਆ, ਜਿਸ ਵਿਚ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਓ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਵੱਖ-ਵੱਖ ਟੀਮਾਂ ਵਿਚਾਲੇ ਕਬੱਡੀ ਦੇ ਮੈਚ ਕਰਵਾਏ ਗਏ, ਜਿਸ ਵਿਚ ਮਾਝਾ ਕਬੱਡੀ ਕਲੱਬ ਘਰਿਆਲਾ ਨੇ ਜਿੱਤ ਹਾਸਲ ਕੀਤੀ ਅਤੇ

ਲੜਕੀਆਂ ਦੀ ਟੀਮ ਵਿੱਚ ਮੋਗਾ ਨੇ ਜਿੱਤ ਹਾਸਲ ਕੀਤੀ। ਇਸ ਮੌਕੇ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਹਰਭਜਨ ਸਿੰਘ ਨੇ ਕਿਹਾ ਕਿ ਖੇਡਾਂ ਸਾਡੇ ਸੱਭਿਆਚਾਰ ਦਾ ਅਨਿੱਖੜਵਾਂ ਅੰਗ ਹਨ, ਇਸ ਲਈ ਨੌਜਵਾਨਾਂ ਨੂੰ ਖੇਡਾਂ ਪ੍ਰਤੀ ਆਪਣਾ ਧਿਆਨ ਦੇਣਾ ਚਾਹੀਦਾ ਹੈ ਤਾਂ ਜੋ ਆਉਣ ਵਾਲੀ ਪੀੜ੍ਹੀ ਨਸ਼ਿਆਂ ਦੀ ਮਾਰ ਤੋਂ ਬਚ ਸਕੇ। ਉਨ੍ਹਾ ਆਪਣੇ ਅਖਤਿਆਰੀ ਫੰਡ ਵਿੱਚੋਂ ਬਾਬਾ ਸਿਧਾਣਾ ਸਪੋਰਟਸ ਕਲੱਬ ਨੂੰ 51 ਹਜ਼ਾਰ ਰੁਪਏ ਦੀ ਸਹਾਇਤਾ ਦਿੱਤੀ ਅਤੇ ਜੇਤੂ ਟੀਮਾਂ ਨੂੰ ਇਨਾਮਾਂ ਦੀ ਵੰਡ ਕਰਕੇ ਉਨ੍ਹਾਂ ਦਾ ਹੌਸਲਾ ਵਧਾਇਆ। ਸਪੋਰਟਸ ਕਲੱਬ ਵੱਲੋਂ ਕੈਬਨਿਟ ਮੰਤਰੀ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕੁਲਦੀਪ ਸਿੰਘ ਡੀ ਐਸ ਪੀ ਜੰਡਿਆਲਾ ਗੁਰੂ, ਅਵਤਾਰ ਸਿੰਘ ਐਸ ਐਚ ਓ ਤਰਸਿੱਕਾ, ਮਨਪ੍ਰੀਤ ਸਿੰਘ ਸਰਪੰਚ ਡੇਰੀਵਾਲ, ਬਲਵਿੰਦਰ ਸਿੰਘ ਨੰਬਰਦਾਰ, ਪਰਮਜੀਤ ਸਿੰਘ ਸਾਬਕਾ ਸਰਪੰਚ, ਹਰਪ੍ਰੀਤ ਸਿੰਘ, ਅਮਰਿੰਦਰ ਸਿੰਘ, ਪਰਮਿੰਦਰ ਸਿੰਘ ਔਜਲਾ, ਰਾਣਾ ਔਜਲਾ, ਭਿੰਦਰ ਔਜਲਾ, ਦੀਪ ਔਜਲਾ, ਮਾਸਟਰ ਰਘਬੀਰ ਸਿੰਘ, ਮੰਗਲ ਸਿੰਘ, ਸੂਬੇਦਾਰ ਸੇਵਾ ਸਿੰਘ, ਸੋਨਾ ਔਜਲਾ, ਜੁਗਿੰਦਰ ਸਿੰਘ, ਹਰਭਜਨ ਸਿੰਘ ਮੁਖ ਸੇਵਾਦਾਰ, ਸੂਬੇਦਾਰ ਸਨਾਖ ਸਿੰਘ ਚੇਅਰਮੈਨ, ਡਿੰਪੀ ਜੰਡਿਆਲਾ, ਸੁਖਵਿੰਦਰ ਸਿੰਘ ਐਡਵੋਕੇਟ, ਲਵਜੀਤ ਸਿੰਘ ਮਾਲੋਵਾਲ, ਗੁਰਮੁਖ ਸਿੰਘ ਸਰਜਾ, ਹਰਪਾਲ ਸਿੰਘ ਰਮਾਣਾ ਚੱਕ, ਗੁਰਪ੍ਰੀਤ ਸਿੰਘ ਕੋਟ ਖਹਿਰਾ ਅਤੇ ਦਵਿੰਦਰ ਸਿੰਘ ਆਦਿ ਹਾਜ਼ਰ ਰਹੇ।

ਰੋਟਰੀ ਕਲੱਬ ਆਸਥਾ ਦਾ ਸਥਾਪਨਾ ਦਿਵਸ ਤੇ ਵੋਕੇਸ਼ਨਲ ਐਵਾਰਡ ਸਮਾਗਮ

ਅੰਮ੍ਰਿਤਸਰ (ਅਰੋੜਾ)- ਰੋਟਰੀ ਇੰਟਰਨੈਸ਼ਨਲ ਵੱਲੋਂ ਨਿਰਧਾਰਤ ਦੇ ਅਨੁਸਾਰ ਰੋਟਰੀ ਕਲੱਬ ਅੰਮ੍ਰਿਤਸਰ ਆਸਥਾ ਦੇ 9 ਸਾਲ ਸੰਪੰਨ ਹੋਣ 'ਤੇ ਕਲੱਬ ਦੇ ਪ੍ਰਧਾਨ ਅਸ਼ਵਨੀ ਅਵਸਥੀ, ਸਕੱਤਰ ਅਮਨ ਸ਼ਰਮਾ ਅਤੇ ਪ੍ਰੋਜੈਕਟ ਚੇਅਰਮੈਨ ਪਰਮਜੀਤ ਸਿੰਘ, ਕਲੱਬ ਦੇ ਐਮ.ਓ.ਸੀ. ਹਰਦੇਸ਼ ਦਵੇਸਰ, ਚਾਰਟਡ ਪ੍ਰਧਾਨ ਐਚ.ਐਸ.ਜੋਗੀ ਦੀ ਦੇਖ ਰੇਖ ਵਿੱਚ ਰਾਮ ਬਾਗ ਸਥਿਤ ਸਰਵਿਸ ਕਲੱਬ ਵਿੱਚ ਧੂਮਧਾਮ ਦੇ ਨਾਲ ਸੰਪੰਨ ਹੋਇਆ। ਸਮਾਗਮ ਵਿੱਚ ਰੋਟਰੀ 3070 ਦੇ ਆਉਣ ਵਾਲੇ ਗਵਰਨਰ ਰੋਹਿਤ ਓਬਰਾਏ ਮੁੱਖ ਮਹਿਮਾਨ ਦੇ ਰੂਪ ਵਜੋਂ ਸ਼ਾਮਲ ਹੋਏ। ਰੋਟਰੀ ਵੱਲੋਂ ਨਗਰ ਦੀਆਂ ਪੰਜ ਬੁੱਧਜੀਵੀ ਹਸਤੀਆਂ ਨੂੰ ਰੋਟਰੀ ਦੇ ਕੇ ਸਨਮਾਨਤ ਕੀਤਾ ਗਿਆ। ਸਨਮਾਨ ਪ੍ਰਾਪਤ ਕਰਨ ਵਾਲਿਆਂ ਵਿੱਚ ਨਗਰ ਦੀ ਏ.ਡੀ.ਸੀ.ਪੀ. ਟ੍ਰੈਫਿਕ ਅਮਨਦੀਪ ਕੌਰ, ਬ੍ਰਗੇਡੀਅਰ ਜੀ.ਐਸ.ਸੰਧੂ, ਵਣ ਵਿਭਾਗ ਦੇ ਡੀ.ਐਫ.ਓ ਰਾਜੇਸ਼ ਗੁਲਾਟੀ, ਬਲੱਡ ਬੈਂਕ ਦੀ ਪ੍ਰੰਮੁਖ ਡਾ.ਨੀਰਜ ਸ਼ਰਮਾ, ਅੰਮ੍ਰਿਤਸਰ ਦੇ ਡੀ.ਐਫ.ਐਸ.ਓ ਅਮਰਜੀਤ ਸਿੰਘ ਸੰਧੂ ਦੇ ਨਾਂਅ ਪ੍ਰਮੁੱਖ ਰਹੇ। ਦੇਸ਼ ਅਤੇ ਸਮਾਜ ਭਲਾਈ ਕੰਮਾਂ ਵਿੱਚ ਅੱਗੇ ਰਹਿਣ ਵਾਲੇ ਮੈਂਬਰਾਂ ਨੂੰ ਖਾਸ ਰੂਪ ਵਜੋਂ ਸਨਮਾਨਤ ਕੀਤਾ ਗਿਆ। ਸਨਮਾਨ ਪ੍ਰਾਪਤ ਕਰਨ ਵਾਲਿਆਂ ਵਿੱਚ ਰੋਟਰੀ ਆਸਥਾ ਦੇ ਸਾਬਕਾ ਪ੍ਰਧਾਨ ਇੰਜੀ ਨੀਅਨਰ ਅਸ਼ੋਕ ਸ਼ਰਮਾ, ਮਮਤਾ ਅਰੋੜਾ, ਅੰਦੇਸ਼ ਭੱਲਾ, ਕੇ.ਐਸ.ਚੱਠਾ, ਐਚ.ਐਸ.ਜੋਗੀ, ਹਰਦੇਸ਼ ਸ਼ਰਮਾ, ਬਲਦੇਵ ਸਿੰਘ, ਸੰਧੂ, ਸਰਬਜੀਤ ਸਿੰਘ, ਮਨਮੋਹਨ ਸਿੰਘ, ਸਾਬਕਾ ਪ੍ਰਧਾਨ ਡਾ.ਗਗਨਦੀਪ ਸਿੰਘ, ਜਤਿੰਦਰ ਸਿੰਘ ਪੱਪੂ ਅਤੇ ਰੋਟਰੀ ਕਲੱਬ ਆਸਥਾ ਦੇ ਹੋਰ ਕਈ ਮੈਂਬਰਾਂ ਨੂੰ ਸਨਮਾਨਤ ਕੀਤਾ ਗਿਆ। ਰੋਟਰੀ ਦੇ ਸਮੂਹ ਮੈਂਬਰਾਂ ਨੇ ਮੁੱਖ ਮਹਿਮਾਨ ਆਉਣ ਵਾਲੇ ਗਵਨਰ ਰੋਹਿਤ ਓਬਰਾਏ ਨੂੰ ਫੁੱਲਮਾਲਾ ਪਹਿਨਾ ਕੇ ਸਨਮਾਨਤ ਕੀਤਾ।

ਮੁੱਖ ਮਹਿਮਾਨ ਨੇ ਰੋਟਰੀ ਕਲੱਬ ਆਸਥਾ ਵੱਲੋਂ ਕੀਤੇ ਜਾ ਰਹੇ ਕੰਮਾਂ ਦੀ ਭਰਪੂਰ ਸ਼ਲਾਘਾ ਕੀਤੀ। ਇਸ ਮੌਕੇ ਰੋਟਰੀ ਨਾਰਥ ਦੇ ਪ੍ਰਧਾਨ ਵਿਜੇ ਭਸੀਨ, ਸਕੱਤਰ ਗੁਰਮੀਤ ਸਿੰਘ ਹੀਰਾ, ਰਾਜੇਸ਼ ਬਦਵਾਰ, ਰੋਟਰੀ ਦੇ ਸਾਬਕਾ ਗਵਰਨਰ ਐਮ.ਐਮ.ਜੈਰਤ, ਰੋਟੇਰੀਅਨ ਐਡਵੋਕੇਟ ਬੱਤਰਾ, ਅਮਨਦੀਪ ਦੁਆ ਸਹਿਤ ਰੋਟਰੀ ਕਲੱਬ ਆਸਥਾ ਦੇ ਸਮੂਹ ਮੈਂਬਰ ਮੌਜੂਦ ਸਨ।

ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ (ਪੰਜਾਬ) ਦੀ ਮੀਟਿੰਗ

ਫਤਿਹਗੜ੍ਹ ਚੂੜੀਆਂ, (ਜਸਦੇਵ ਮਾਨ)-ਪਿੰਡ ਘਣੀਆਂ ਕੇ ਬਾਂਗਰ ਵਿਖੇ ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ (ਪੰਜਾਬ) ਦੀ ਮੀਟਿੰਗ ਕੀਤੀ ਗਈ, ਜਿਸ ਵਿਚ ਪਿੰਡ ਘਣੀਆਂ ਕੇ ਬਾਂਗਰ ਦੇ ਲੋਕਾਂ ਦਾ ਵੱਡਾ ਇਕੱਠ ਹੋਇਆ। ਇਸ ਮੌਕੇ ਜ਼ਿਲ੍ਹਾ ਗੁਰਦਾਸਪੁਰ ਦੇ ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਦੇ ਪ੍ਰਧਾਨ ਕੁਲਦੀਪ ਸਿੰਘ ਦਾਦੂਜੋਧ ਅਤੇ ਬਲਾਕ ਦੇ ਪ੍ਰਧਾਨ ਹਰਜੋਤ ਸਿੰਘ ਆਪਣੇ ਸਾਥੀਆਂ ਸਮੇਤ ਪਹੁੰਚੇ। ਮੀਟਿੰਗ ਦੌਰਾਨ ਆਉਣ ਵਾਲੇ ਸਮੇਂ ਵਿੱਚ ਕਿਸਾਨੀ ਮੁਸ਼ਕਲਾਂ ਦਾ ਕਿਸ ਤਰ੍ਹਾਂ ਹੱਲ ਕੀਤਾ ਜਾਵੇ, ਇਸ ਮੁੱਦੇ 'ਤੇ ਵਿਚਾਰ ਵਟਾਂਦਰਾ ਕੀਤਾ ਗਿਆ । ਇਸ ਮੌਕੇ ਕਿਸਾਨ ਆਗੂਆਂ ਨੇ ਕਿਹਾ ਕਿ ਲੋਕਾਂ ਨੂੰ ਬਹੁਤ ਹੀ ਸੁਚੱਜੇ ਢੰਗ ਨਾਲ ਇਕਜੁਟਤਾ ਦਾ ਪ੍ਰਗਟਾਵਾ ਕਰਨਾ ਚਾਹੀਦਾ ਹੈ ਤਾਂ ਕਿ ਆਉਣ ਵਾਲੇ ਸਮੇਂ ਵਿੱਚ ਸਰਕਾਰ ਦੀਆਂ ਮਾਰੂ ਨੀਤੀਆਂ ਤੋਂ ਬਚਿਆ ਜਾ ਸਕੇ। ਮੀਟਿੰਗ ਦੌਰਾਨ ਹੀ ਕੰਮ ਨੂੰ ਸੁਚਾਰੂ ਰੂਪ ਵਿੱਚ ਚਲਾਉਣ ਲਈ ਇੱਕ ਕਮੇਟੀ ਦੀ ਚੋਣ ਵੀ ਕੀਤੀ ਗਈ। ਜਿਸ ਵਿੱਚ ਸੁਖਰਾਜ ਸਿੰਘ ਨੂੰ ਪ੍ਰਧਾਨ, ਕੁਲਦੀਪ ਸਿੰਘ ਨੂੰ ਮੀਤ ਪ੍ਰਧਾਨ, ਹਰਬੰਸ ਸਿੰਘ ਨੂੰ ਸਕੱਤਰ, ਗੁਰਚਰਨ ਸਿੰਘ ਨੂੰ ਸਹਾਇਕ ਸਕੱਤਰ, ਜਤਿੰਦਰ ਸਿੰਘ ਨੂੰ ਖਜ਼ਾਨਚੀ , ਰਣਜੀਤ ਸਿੰਘ ਨੂੰ ਸਹਾਇਕ ਖਜ਼ਾਨਚੀ ਤੋਂ ਇਲਾਵਾ ਅਮੋਲਕ ਸਿੰਘ, ਕੰਵਲਜੀਤ ਸਿੰਘ, ਜਗੀਰ ਸਿੰਘ, ਬਿੱਟੂ, ਵੀਰ ਸਿੰਘ, ਸਰਬਜੀਤ ਸਿੰਘ, ਮਲਕੀਤ ਸਿੰਘ ਅਤੇ ਸੁਖਰਾਜ ਸਿੰਘ (ਸਾਰੇ ਮੈਂਬਰ) ਨਿਯੁਕਤ ਕੀਤੇ ਗਏ।

119 ਫੀਸਦੀ ਡੀ ਏ ਤੇ 15 ਫੀਸਦੀ ਵਾਧੇ ਨਾਲ 1 ਜਨਵਰੀ 2016 ਤੋਂ ਪੈਨਸ਼ਨਾਂ ਸੋਧੀਆਂ ਜਾਣ : ਗੁਪਤਾ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਸਥਾਨਕ ਜਿਲ੍ਹਾ ਇਕਾਈ ਪੰਜਾਬ ਪੈਨਸ਼ਨਰਜ਼ ਯੂਨੀਅਨ ਦੀ ਮਹੀਨਾਵਾਰ ਮੀਟਿੰਗ ਜ਼ਿਲਾ ਪ੍ਰੀਸ਼ਦ ਕੰਪਲੈਕਸ ਵਿੱਚ ਪ੍ਰਧਾਨ ਦਰਸ਼ਨ ਸਿੰਘ ਛੀਨਾ, ਜਨਰਲ ਸਕੱਤਰ ਸਤਿਆਪਾਲ ਗੁਪਤਾ, ਵਿੱਤ ਸਕੱਤਰ ਬਲਰਾਜ ਸਿੰਘ ਭੰਗੂ ਤੇ ਕੁਲਦੀਪ ਸਿੰਘ ਬੱਲ, ਚਮਨ ਲਾਲ ਸ਼ਰਮਾ, ਰਜਿੰਦਰ ਪਾਲ ਕੌਰ ਦੀ ਅਗਵਾਈ ਹੇਠ ਹੋਈ ਜਿਸ ਵਿਚ ਵੱਖ-ਵੱਖ ਬੁਲਾਰਿਆ ਕੁਲਵੰਤ ਸਿੰਘ ਘੁਕੇਵਾਲੀ, ਪ੍ਰੈੱਸ ਸਕੱਤਰ ਡਾ. ਪਰਮਜੀਤ ਸਿੰਘ ਨਿੱਝਰ, ਬਲਦੇਵ ਰਾਜ, ਭਵਾਨੀ ਫੇਰ, ਕੁਲਵੰਤ ਸਿੰਘ ਤੋਲਾਨੰਗਲ ਅਤੇ ਰਾਮ ਮੂਰਤੀ ਸ਼ਰਮਾ ਨੇ ਪੰਜਾਬ ਸਰਕਾਰ ਦੋਸ਼ ਲਾਇਆ ਕਿ ਪ੍ਰਵਾਨ ਕੀਤੀਆਂ ਹੋਈਆਂ ਮੰਗਾਂ ਜਿਵੇਂ ਪੇ-ਕਮਿਸ਼ਨ ਵੱਲੋ ਦਿੱਤਾ ਪੈਨਸ਼ਨਰਾਂ ਨੂੰ 2.59 ਦਾ ਗੁਣਾਂਕ ਦੇਣਾ ਕੇਂਦਰ ਸਰਕਾਰ ਦੀ ਤਰਜ਼ ਤੇ ਡੀਏ ਦੀਆਂ ਕਿਸ਼ਤਾਂ ਦੇਣ, 1.1.2016 ਤੋਂ ਪੇ-ਕਮਿਸ਼ਨ ਦਾ ਬਕਾਇਆ ਪੈਨਸ਼ਨਰਾਂ ਨੂੰ ਉਨਾਂ ਦੀ ਉਮਰ ਦਾ ਧਿਆਨ ਰੱਖਦੇ ਹੋਏ ਯਕਮੁਸ਼ਤ ਦੇਣ, ਕੈਸ਼ਲੈਸ ਮੈਡੀਕਲ ਸਕੀਮ ਲਾਗੂ ਕਰਨਾ, ਜ਼ਿਲਾ ਪ੍ਰੀਸ਼ਦ ਦੇ ਪੈਨਸ਼ਨਰਾਂ ਨੂੰ ਪੰਜਾਬ ਸਰਕਾਰ ਦੇ ਪੈਨਸ਼ਨਰਾਂ ਵਾਂਗ ਪੇ-ਕਮਿਸ਼ਨ ਅਤੇ ਐਲਟੀਸੀ ਬੁਢਾਪਾ ਭੱਤਾ ਆਦਿ ਨਾ ਦੇ ਕੇ ਮਤਰੇਈ ਮਾਂ ਵਾਲਾ ਸਲੂਕ ਕਰਨ 'ਤੇ ਪੁਰਾਣੀ ਪੈਨਸ਼ਨ ਲਾਗੂ ਨਾ ਕਰਨ 'ਤੇ ਸਰਕਾਰ ਵਿਰੁੱਧ ਆਉਣ ਵਾਲੇ ਸਮੇਂ ਵਿੱਚ ਸੰਘਰਸ਼ ਲਈ ਤਿਆਰ ਰਹਿਣ ਦੀ ਅਪੀਲ ਕੀਤੀ। ਕੇਂਦਰ ਸਰਕਾਰ 'ਤੇ ਇਹ ਵੀ ਦੋਸ਼ ਲਾਇਆ ਕਿ ਪਹਿਲਵਾਨ ਲੜਕੀਆਂ ਜਿਨ੍ਹਾ ਨੇ ਦੇਸ਼ ਦਾ ਸਾਰੀ ਦੁਨੀਆ ਵਿਚ ਨਾਂਅ ਰੌਸ਼ਨ ਕੀਤਾ ਉਨਾਂ ਨੂੰ ਇਨਸਾਫ ਦੇਣ ਦੀ ਬਜਾਏ ਬੁਰੀ ਤਰਾਂ ਬੇਇੱਜ਼ਤ ਕੀਤਾ ਜਾ ਰਿਹਾ ਹੈ।

ਮੰਗ ਕੀਤੀ ਕਿ ਦੋਸ਼ੀ ਨੂੰ ਬਣਦੀ ਸਜ਼ਾ ਦਿੱਤੀ ਜਾਏ। ਮੀਟਿੰਗ ਵਿੱਚ ਹਰਜੀਤ ਸਿੰਘ ਉਪਲ, ਸੁਰਿੰਦਰ ਕੁਮਾਰ, ਤੀਰਥ ਰਾਮ, ਬਲਵੰਤ ਸਿੰਘ ਐਸ ਐਸ, ਨਰਿੰਦਰ ਪਾਲ, ਬਲੌਰ ਸਿੰਘ, ਤਿਲਕ ਰਾਜ, ਖਜਾਨ ਸਿੰਘ, ਹਰਬੰਸ ਸਿੰਘ ਅਧਿਆਪਕ, ਮੇਲਾ ਰਾਮ, ਸੁਖਦੇਵ ਸਿੰਘ ਪੱਟੀ, ਬਲਦੇਵ ਸਿੰਘ ਭੋਮਾ ਆਦਿ ਵੱਡੀ ਗਿਣਤੀ ਵਿੱਚ

13-JUNE-PAGE-4.qxd 6/12/2023 10:43 PM Page 1

ਨਵਾਂ ਜ਼ਮਾਨਾ
ਮੰਗਲਵਾਰ, 13 ਜੂਨ 2023

ਮੋਦੀ ਨੇ ਦੇਸ਼ ਨੂੰ ਕਰਜ਼ੇ 'ਚ ਡੁਬੋ ਦਿੱਤਾ

ਬੀਤੇ ਸ਼ਨੀਵਾਰ ਇੱਕ ਪ੍ਰੈੱਸ ਵਾਰਤਾ ਵਿੱਚ ਕਾਂਗਰਸ ਨੇ ਦੋਸ਼ ਲਾਇਆ ਕਿ ਮੋਦੀ ਰਾਜ ਦੌਰਾਨ ਪਿਛਲੇ 9 ਸਾਲਾਂ ਵਿੱਚ ਭਾਰਤ ਸਿਰ ਕਰਜ਼ਾ ਤਿੰਨ ਗੁਣਾ ਵਧ ਕੇ 155 ਲੱਖ ਕਰੋੜ ਹੋ ਗਿਆ ਹੈ। ਕਾਂਗਰਸ ਨੇ ਮੰਗ ਕੀਤੀ ਹੈ ਕਿ ਸਰਕਾਰ ਦੇਸ਼ ਦੀ ਅਰਥਵਿਵਸਥਾ ਦੀ ਹਾਲਤ ਸੰਬੰਧੀ ਇੱਕ ਸਫੈਦ ਪੱਤਰ ਜਾਰੀ ਕਰੇ ਤਾਂ ਜੋ ਦੇਸ਼ ਜਾਣ ਸਕੇ ਕਿ ਅਸੀਂ ਕਿਸ ਹਾਲਤ ਵਿੱਚੋਂ ਲੰਘ ਰਹੇ ਹਾਂ।

'ਦੀ ਹਿੰਦੂ' ਦੀ ਰਿਪੋਰਟ ਅਨੁਸਾਰ ਕਾਂਗਰਸ ਦੀ ਤਰਜਮਾਨ ਸੁਪ੍ਰਿਆ ਸ੍ਰੀਨੇਤ ਨੇ ਕਿਹਾ ਹੈ ਕਿ ਅਰਥਵਿਵਸਥਾ ਦੀ ਇਸ ਹਾਲਤ ਲਈ ਮੋਦੀ ਸਰਕਾਰ ਦਾ ਘਟੀਆ ਪ੍ਰਬੰਧ ਜ਼ਿੰਮੇਵਾਰ ਹੈ। ਉਨ੍ਹਾ ਤੱਥ ਪੇਸ਼ ਕਰਦਿਆਂ ਕਿਹਾ ਕਿ 2014 ਵਿੱਚ ਭਾਰਤ ਸਿਰ 55 ਲੱਖ ਕਰੋੜ ਦਾ ਕਰਜ਼ਾ ਸੀ ਜੋ ਹੁਣ ਵਧ ਕੇ 155 ਲੱਖ ਕਰੋੜ ਹੋ ਗਿਆ ਹੈ। ਇਸ ਤਰ੍ਹਾਂ 67 ਸਾਲਾਂ ਵਿੱਚ 14 ਪ੍ਰਧਾਨ ਮੰਤਰੀਆਂ ਦੇ ਕਾਰਜਕਾਲ ਦੌਰਾਨ ਭਾਰਤ ਸਿਰ 55 ਲੱਖ ਕਰੋੜ ਦਾ ਕਰਜ਼ਾ ਚੜ੍ਹਿਆ ਜਦੋਂ ਕਿ ਇਕੱਲੇ ਨਰਿੰਦਰ ਮੋਦੀ ਨੇ ਇਸ ਵਿੱਚ 100 ਕਰੋੜ ਦਾ ਵਾਧਾ ਕਰ ਦਿੱਤਾ ਹੈ। ਇੰਜ ਨਰਿੰਦਰ ਮੋਦੀ ਭਾਰਤ ਨੂੰ ਕਰਜ਼ੇ ਵਿੱਚ ਡੁਬੋਣ ਵਾਲੇ ਪਹਿਲੇ ਪ੍ਰਧਾਨ ਮੰਤਰੀ ਬਣ ਗਏ ਹਨ।

ਉਨ੍ਹਾ ਨਰਿੰਦਰ ਮੋਦੀ ਉਤੇ ਚੋਟ ਕਰਦਿਆਂ ਕਿਹਾ ਕਿ ਆਰਥਕ ਪ੍ਰਬੰਧ ਟੈਲੀਪ੍ਰਾਮਟਰ ਰਾਹੀਂ ਨਹੀਂ ਚਲਾਇਆ ਜਾ ਸਕਦਾ ਅਤੇ ਵਟਸਐਪ ਜ਼ਰੀਏ ਵੀ ਨਹੀਂ। ਆਰਥਕ ਪ੍ਰਬੰਧ ਚਲਾਉਣ ਲਈ ਦੂਰਦ੍ਰਿਸ਼ਟੀ ਦੀ ਜ਼ਰੂਰਤ ਹੁੰਦੀ ਹੈ, ਜੋ ਇਸ ਸਰਕਾਰ ਦੇ ਕਰਤਿਆਂ-ਧਰਤਿਆਂ ਵਿੱਚ ਨਹੀਂ ਹੈ।

ਉਨ੍ਹਾ ਕਿਹਾ ਕਿ ਸਾਡੀ ਹਾਲਤ ਪਾਕਿਸਤਾਨ ਤੇ ਸ੍ਰੀਲੰਕਾ ਵਰਗੇ ਗੁਆਂਢੀ ਦੇਸ਼ਾਂ ਵਰਗੀ ਇਸ ਲਈ ਨਹੀਂ ਕਿਉਂਕਿ ਸਾਡੀ ਬੁਨਿਆਦ ਮਜ਼ਬੂਤ ਹੈ। ਮੋਦੀ ਸਰਕਾਰ ਇਸ ਮਜ਼ਬੂਤ ਬੁਨਿਆਦ ਨੂੰ ਖੋਰਾ ਲਾ ਕੇ ਖ਼ਤਮ ਕਰਨ ਦਾ ਕੰਮ ਕਰ ਰਹੀ ਹੈ। ਭਾਰਤ ਦੇ ਕਰਜ਼ੇ ਤੇ ਜੀ ਡੀ ਪੀ ਦਾ ਅਨੁਪਾਤ 84 .ਫੀਸਦੀ ਦੀ ਖ਼ਤਰਨਾਕ ਹੱਦ ਤੱਕ ਪੁੱਜ ਚੁੱਕਾ ਹੈ, ਜਦੋਂ ਕਿ ਬਾਕੀ ਵਿਕਾਸਸ਼ੀਲ ਦੇਸ਼ਾਂ ਤੇ ਉੱਭਰਦੀਆਂ ਬਜ਼ਾਰ ਅਰਥਵਿਵਸਥਾਵਾਂ ਅੰਦਰ ਇਹ 64.5 .ਫੀਸਦੀ ਹੈ। ਭਾਰਤ ਇਸ ਕਰਜ਼ੇ ਨੂੰ ਮੋੜਨ ਲਈ ਹਰ ਸਾਲ 11 ਲੱਖ ਕਰੋੜ ਰੁਪਏ ਦੀ ਕਿਸ਼ਤ ਦਿੰਦਾ ਹੈ। ਹੁਣ ਹਾਲਾਤ ਜਿਥੇ ਪਹੁੰਚ ਚੁੱਕੇ ਹਨ ਉੱਥੇ ਕਰਜ਼ਾ ਮੋੜਨ ਦੀ ਸਮਰੱਥਾ ਉੱਤੇ ਵੀ ਪ੍ਰਸ਼ਨ ਚਿੰਨ੍ਹ ਲੱਗ ਚੁੱਕਾ ਹੈ। ਕੈਗ ਦੀ ਰਿਪੋਰਟ ਅਨੁਸਾਰ 2019-20 ਵਿੱਚ ਸਰਕਾਰੀ ਕਰਜ਼ਾ ਜੀ ਡੀ ਪੀ ਦਾ 52.5 .ਫੀਸਦੀ ਸੀ ਤੇ ਹੁਣ ਇਹ 84 .ਫੀਸਦੀ ਤੱਕ ਪੁੱਜ ਚੁੱਕਾ ਹੈ। ਇਸ ਦੇ ਨਾਲ ਉਨ੍ਹਾ ਕਿਹਾ ਕਿ ਦੇਸ਼ ਦੇ 3 .ਫੀਸਦੀ ਜਾਇਦਾਦ ਰੱਖਣ ਵਾਲੇ 50 .ਫੀਸਦੀ ਭਾਰਤੀਆਂ ਨੇ ਜੀ ਐਸ ਟੀ ਵਿੱਚ 64 .ਫੀਸਦੀ ਦਾ ਯੋਗਦਾਨ ਦਿੱਤਾ ਹੈ, ਜਦੋਂ ਕਿ ਸਭ ਤੋਂ ਅਮੀਰ 10 .ਫੀਸਦੀ, ਜਿਨ੍ਹਾਂ ਪਾਸ 80 .ਫੀਸਦੀ ਜਾਇਦਾਦ ਹੈ, ਨੇ ਸਿਰਫ਼ 3 .ਫੀਸਦੀ ਜੀ ਐਸ ਟੀ ਦਾ ਭੁਗਤਾਨ ਕੀਤਾ ਹੈ। ਉਨ੍ਹਾ ਕਿਹਾ ਕਿ ਭਾਰਤ ਦੇ ਆਰਥਕ ਵਿਕਾਸ ਨੂੰ ਬਰਬਾਦ ਕਰਨ, ਬੇਤਹਾਸ਼ਾ ਬੇਰੁਜ਼ਗਾਰੀ ਪੈਦਾ ਕਰਨ ਤੇ ਰੁਪਏ ਦੀ ਕਦਰ ਘਟਾਈ ਲਈ ਮੋਦੀ ਸਰਕਾਰ ਨੂੰ ਯਾਦ ਰੱਖਿਆ ਜਾਵੇਗਾ।

ਛੇ ਸਵਾਲ ?

ਸਾਰਾ ਲਾਣਾ ਹੀ ਵਿਗੜਿਆ ਹੋਏ ਜਿੱਥੇ,
ਉੱਥੇ ਕਰੇਗੀ ਸਿਆਣੀ ਬਰਾਦਰੀ ਕੀ ?
ਝੋਨੇ-ਕਣਕ ਦੇ ਚੱਕਰ ਵਿੱਚ ਫਸੇ ਐਸੇ,
ਲੋਕੀਂ ਭੁੱਲ ਗਏ ਹੁੰਦੀ ਆ ਦਾਦਰੀ ਕੀ ?
ਕਿਰਤ ਕਰਨ ਦਾ ਦੇਣ ਉਪਦੇਸ਼ ਕਿੱਦਾਂ,
ਕਾਜ਼ੀ ਪੰਡਤ ਔਰ ਭਾਈ ਤੇ ਪਾਦਰੀ ਕੀ ?
ਬੰਦਾ ਫਿਰੇ ਜੋ ਬਦ-ਇਖਲਾਕ ਹੋਇਆ,
ਉਹ ਨਹੀਂ ਜਾਣਦਾ ਹੁੰਦੀ ਨਿਰਾਦਰੀ ਕੀ ?
ਇਹ ਪਦਵੀਆਂ ਬਸ ਹੁਣ ਨਾਂਅ ਦੀਆਂ ਨੇ,
'ਸੂਫੀ' 'ਸੰਤ' 'ਮਜੌਰ' ਜਾਂ 'ਕਾਦਰੀ' ਕੀ ?
ਹੈਗੇ ਕੋਲ ਨਹੀਂ ਜੁੱਸੇ ਕਿਰਦਾਰ ਪਹਿਲੇ,
ਪਈ ਇਤਿਹਾਸ ਵਿੱਚ ਕਰੂ ਬਹਾਦਰੀ ਕੀ ?

-ਤਰਲੋਚਨ ਸਿੰਘ ਦੁਪਾਲਪੁਰ, 001-408-915-1268

ਅੰਧ-ਵਿਸ਼ਵਾਸੀ ਤੇ ਰੂੜ੍ਹੀਵਾਦੀ ਵਿਚਾਰਧਾਰਾ ਤਿਆਗੇ ਬਿਨਾਂ ਤਰੱਕੀ ਸੰਭਵ ਨਹੀਂ

ਜਸਵੰਤ ਜੀਰਖ

ਦੁਨੀਆ ਭਰ ਦੇ ਮੁਲਕਾਂ ਵਿੱਚ ਜਿੱਥੇ ਵੀ ਰਾਜ-ਪ੍ਰਬੰਧ ਚਲਾਉਣ ਅਤੇ ਦੁਨਿਆਵੀ ਜ਼ਿੰਦਗੀ ਵਿੱਚ ਪਿਤਾ-ਪੁਰਖੀ ਰੂੜ੍ਹੀਵਾਦੀ ਵਿਚਾਰਾਂ, ਰਸਮਾਂ-ਰਿਵਾਜਾਂ ਨੂੰ ਸੰਸਕ੍ਰਿਤੀ ਦੇ ਨਾਂਅ ਹੇਠ ਹੂ-ਬ-ਹੂ ਅੰਧਾਧੁੰਦ ਬਿਨਾਂ ਵਿਚਾਰਿਆਂ ਜ਼ਿੰਦਗੀ ਦਾ ਹਿੱਸਾ ਬਣਾਇਆ ਜਾਂਦਾ ਰਿਹਾ, ਉੱਥੇ ਮਨੁੱਖੀ ਜ਼ਿੰਦਗੀ ਬੇਲੋੜੇ ਬੋਝ ਹੇਠ ਦੱਬ ਕੇ ਅੱਜ ਤੱਕ ਸਹਿਕਦੀ ਆ ਰਹੀ ਹੈ। ਅਜਿਹੇ ਮੁਲਕਾਂ ਦੀ ਗਿਣਤੀ ਕਰਨ ਲੱਗਿਆਂ ਸਾਡੇ ਦੇਸ਼ ਦਾ ਨਾਂਅ ਮੁੱਢਲੇ ਨੰਬਰਾਂ ਵਿੱਚ ਆਉਂਦਾ ਹੈ, ਜਿੱਥੇ ਹਜ਼ਾਰਾਂ ਸਾਲਾਂ ਤੋਂ ਪ੍ਰਚੱਲਤ ਧਾਰਮਿਕ ਧਾਰਨਾਵਾਂ ਨੂੰ ਲਕੀਰ ਦੇ ਫਕੀਰ ਬਣ ਕੇ ਜਿਉਂ ਦਾ ਤਿਉਂ ਜਾਰੀ ਰੱਖਿਆ ਜਾ ਰਿਹਾ ਹੈ। ਸਾਰੇ ਹੀ ਮਜ਼ਹਬਾਂ/ਧਰਮਾਂ ਵਿੱਚ ਆਪਣੇ-ਆਪਣੇ ਤੀਰਥ ਅਸਥਾਨਾਂ ਦੀ ਮਹਾਨਤਾ ਪਿੱਛੇ ਕੋਈ ਨਾ ਕੋਈ ਕਰਾਮਾਤੀ ਕਹਾਣੀ ਜੋੜ ਕੇ ਉਸ ਦੀ ਮਹੱਤਤਾ ਬਰਕਰਾਰ ਰੱਖੀ ਜਾ ਰਹੀ ਹੈ, ਜਿਸ ਕਰਕੇ ਉੱਥੇ ਉਸ ਨਾਲ ਸੰਬੰਧਤ ਹਰ ਕੋਈ ਹਾਜ਼ਰ ਹੋ ਕੇ ਆਪਣੀ ਜ਼ਿੰਦਗੀ ਦੇ ਦੁੱਖ-ਕਲੇਸ਼ ਖਤਮ ਕਰਨ ਦੀ ਆਸ ਨਾਲ ਨੱਤਮਸਤਕ ਹੁੰਦਾ ਹੈ। ਧਰਮਾਂ ਦੇ ਅਜਿਹੇ ਅਣਗਿਣਤ ਅਸਥਾਨਾਂ ਦੀ ਯਾਤਰਾ ਦੌਰਾਨ ਅਕਸਰ ਹੀ ਅਜਿਹੇ ਭਿਆਨਕ ਹਾਦਸੇ ਵਾਪਰ ਰਹੇ ਹਨ , ਜਿਹਨਾਂ ਦੁਆਰਾ ਘਰ ਦੇ ਦੁੱਖ-ਕਲੇਸ਼, ਤੰਗੀਆਂ-ਤੁਰਸ਼ੀਆਂ ਖਤਮ ਹੋਣ ਦੀ ਬਜਾਏ ਕਈ ਪ੍ਰਵਾਰ ਹੀ ਖਤਮ ਹੋ ਜਾਂਦੇ ਹਨ, ਪਰ ਇਸ ਦੇ ਬਾਵਜੂਦ ਅਜਿਹੇ ਦਰਦਨਾਕ ਹਾਦਸਿਆਂ ਤੋਂ ਕੋਈ ਸਬਕ ਸਿੱਖਣ ਦੀ ਬਜਾਏ ਲੋਕਾਂ ਦੀਆਂ ਭੀੜਾਂ ਦਾ ਅਜਿਹੇ ਅਸਥਾਨਾਂ 'ਤੇ ਜਾਣ ਦਾ ਸਿਲਸਿਲਾ ਸਾਡੇ ਸਾਹਮਣੇ ਬਿਨਾਂ ਰੋਕ-ਟੋਕ ਜਿਉਂ ਦਾ ਤਿਉਂ ਚੱਲ ਰਿਹਾ ਹੈ। ਸਾਡੀਆਂ ਸਰਕਾਰਾਂ ਵੀ ਲੋਕਾਂ ਦੀ ਅਜਿਹੀ ਅੰਧਵਿਸ਼ਵਾਸੀ ਮਾਨਸਿਕਤਾ ਨੂੰ ਖਤਮ ਕਰਨ ਦੀ ਥਾਂ ਅਜਿਹੀਆਂ ਯਾਤਰਾਵਾਂ ਨੂੰ ਉਤਸ਼ਾਹਿਤ ਕਰਨ ਲਈ ਵਿਸ਼ੇਸ਼ ਗੱਡੀਆਂ, ਬੱਸਾਂ ਆਦਿ ਦੇ ਪ੍ਰਬੰਧ ਕਰਕੇ ਲੋਕਾਂ ਦੇ ਰੂੜ੍ਹੀਵਾਦੀ ਵਿਚਾਰ ਬਣੇ ਰਹਿਣ, ਨੂੰ ਹੀ ਪਹਿਲ ਦਿੰਦੀਆਂ ਹਨ। ਅਜਿਹੇ ਹਰ ਧਰਮ ਅਸਥਾਨ ਦੀ ਮਹੱਤਤਾ/ ਮਾਨਤਾਵਾਂ ਦੀਆਂ 'ਕਰਾਮਾਤੀ' ਕਹਾਣੀਆਂ ਨੂੰ ਬਿਨਾ ਸੋਚੇ-ਸਮਝੇ ਮੰਨ ਲੈਣ ਦੀਆਂ ਸਿੱਖਿਆਵਾਂ ਦੇਣ ਵਾਲੇ ਤਰ੍ਹਾਂ-ਤਰ੍ਹਾਂ ਦੇ ਭੇਖਧਾਰੀ , ਸਾਧ-ਸੰਤ 'ਮਹਾਂਪੁਰਸ਼' ਹਰ ਥਾਂ ਮੌਜੂਦ ਹਨ, ਜਿਹੜੇ ਸ਼ਰਧਾਲੂਆਂ ਦੀ ਕਿਰਤ ਕਮਾਈ ਵਿੱਚੋਂ ਦਾਨ ਦੇ ਰੂਪ 'ਚ ਲਏ ਜਾਂਦੇ ਚੜ੍ਹਾਵਿਆਂ ਦੇ ਸਹਾਰੇ ਸਵਰਗਮਈ ਜ਼ਿੰਦਗੀ ਬਸਰ ਕਰਦੇ ਹਨ। ਲੋਕਾਂ ਦੀ ਕਿਰਤ ਕਮਾਈ ਉੱਪਰ ਜਿਊਂ ਰਹੇ ਇਹ 'ਮਹਾਂਪੁਰਸ਼' ਲੋਕਾਂ ਨੂੰ ਮੁਕਤੀ ਦੇ ਨਾਂਅ 'ਤੇ, ਉਹਨਾਂ ਨੂੰ ਮੌਤ ਉਪਰੰਤ ਅਖੌਤੀ ਸਵਰਗ ਵਿੱਚ ਭੇਜਣ ਦਾ ਦਾਅਵਾ ਕਰਦੇ ਹਨ। ਭਾਵੇਂ ਸਾਡੇ ਦੇਸ਼ ਦਾ ਸੰਵਿਧਾਨ ਅਜਿਹੇ ਕਿਸੇ ਵੀ ਤਰ੍ਹਾਂ ਦੇ ਅੰਧਵਿਸ਼ਵਾਸ ਫੈਲਾਉਣ ਦੀ ਆਗਿਆ ਨਹੀਂ ਦਿੰਦਾ ਅਤੇ ਹਰ ਨਾਗਰਿਕ ਨੂੰ ਵਿਗਿਆਨਕ ਵਿਚਾਰਾਂ ਦਾ ਧਾਰਨੀ ਬਣਨ ਅਤੇ ਇਹਨਾਂ ਨੂੰ ਪ੍ਰਫੁੱਲਿਤ ਕਰਨ ਦਾ ਪਾਬੰਦ ਬਣਾਉਂਦਾ ਹੈ, ਪਰ ਇਸ ਦੇ ਬਾਵਜੂਦ ਕਰਾਮਾਤੀ ਗੈਰ ਵਿਗਿਅਨਿਕ ਪ੍ਰਚਾਰ, ਸੰਵਿਧਾਨ ਦੀ ਪਾਲਣਾ ਕਰਨ ਦੀ ਸਹੁੰ ਖਾ ਕੇ ਰਾਜ ਗੱਦੀਆਂ ਸਾਂਭਣ ਵਾਲੇ ਰਾਜਨੀਤੀਵਾਨ/ਹਾਕਮਾਂ ਦੀ ਛਤਰ-ਛਾਇਆ ਹੇਠ ਨਿਰੰਤਰ ਜਾਰੀ ਹੈ। ਕਿਸੇ ਧਰਮ ਨੂੰ ਮੰਨਣਾ ਜਾਂ ਨਾ ਮੰਨਣਾ ਹਰ ਇੱਕ ਦਾ ਨਿੱਜੀ ਮਾਮਲਾ ਹੈ ਅਤੇ ਸੰਵਿਧਾਨਕ ਤੌਰ 'ਤੇ ਕਿਸੇ ਧਰਮ ਵਿਸ਼ੇਸ਼ ਲਈ ਸਰਕਾਰੀ ਖਜ਼ਾਨੇ ਵਿੱਚੋਂ ਪੈਸਾ ਖਰਚ ਕਰਨਾ ਵਰਜਿਤ ਹੈ, ਪਰ ਇਸ ਦੇ ਬਾਵਜੂਦ ਧਰਮਾਂ ਦੇ ਸੰਬੰਧ 'ਚ ਸਰਕਾਰੀ ਦਖਲ-ਅੰਦਾਜ਼ੀ ਅਤੇ ਖਜ਼ਾਨੇ ਦੀ ਵਰਤੋਂ ਅਕਸਰ ਹੀ ਵੇਖਣ ਨੂੰ ਮਿਲ ਜਾਂਦੀ ਹੈ। ਇਸ ਸੰਬੰਧੀ ਮੌਜੂਦਾ ਸਮੇਂ ਵਿੱਚ ਹੁਣੇ ਹੀ ਸਭ ਦੇ ਸਾਹਮਣੇ ਜਦੋਂ ਇੱਕ ਪਾਸੇ ਦੇਸ਼ ਦੇ ਨਵੇਂ ਸੰਸਦ ਭਵਨ ਦੇ ਉਦਘਾਟਨੀ ਸਮਾਰੋਹ ਦੌਰਾਨ ਅਨੇਕਾਂ ਹੀ ਅਜਿਹੇ ਸਾਧਾਂ-ਸੰਤਾਂ ਦਾ ਸੁਆਗਤ ਸਰਕਾਰੀ ਸਟੇਜ ਤੋਂ ਬੜੀ ਧੂਮ-ਧਾਮ ਨਾਲ ਕੀਤਾ ਗਿਆ, ਜਿਹਨਾਂ ਦਾ ਦੇਸ਼ ਦੀ ਤਰੱਕੀ ਵਿੱਚ ਭੋਰਾ ਭਰ ਵੀ ਕੋਈ ਯੋਗਦਾਨ ਨਹੀਂ ਹੈ, ਪਰ ਦੂਜੇ ਪਾਸੇ ਉਸੇ ਵੇਲੇ ਦੇਸ਼ ਦਾ ਮਾਣ ਵਧਾਉਣ ਅਤੇ ਨਾਂਅ ਰੌਸ਼ਨ ਕਰਨ ਲਈ ਖੂਨ-ਪਸੀਨਾ ਇੱਕ ਕਰਕੇ ਮੈਡਲ ਪ੍ਰਾਪਤ ਕਰਨ ਵਾਲੀਆਂ ਪਹਿਲਵਾਨ ਲੜਕੀਆਂ ਨਾਲ ਦਿੱਲੀ ਪੁਲਸ ਦੁਆਰਾ ਸੜਕਾਂ 'ਤੇ ਹੁੰਦਾ ਦੁਰ-ਵਿਵਹਾਰ ਸਭ ਨੇ ਵੇਖਿਆ। ਇਕ ਪਾਸੇ ਦੇਸ਼ ਦਾ ਨਾਂਅ ਰੌਸ਼ਨ ਕਰਨ ਵਾਲੀਆਂ ਇਨਸਾਫ ਮੰਗਦੀਆਂ ਲੜਕੀਆਂ ਨੂੰ ਸਜ਼ਾ ਅਤੇ ਦੂਜੇ ਪਾਸੇ ਕਿਰਤੀ ਵਰਗ ਦੀ ਖੂਨ-ਪਸੀਨੇ ਦੀ ਕਮਾਈ ਨਾਲ ਭਰੇ ਖਜ਼ਾਨੇ ਨਾਲ ਅਖੌਤੀ ਸਾਧਾਂ ਦਾ ਸਤਿਕਾਰ ਦੇਸ ਨੂੰ ਕਿਸ ਪਾਸੇ ਲਜਾਵੇਗਾ, ਗੰਭੀਰਤਾ ਨਾਲ ਵਿਚਾਰਨ ਦੀ ਮੰਗ ਕਰਦਾ ਹੈ। ਮੰਤਰਾਂ ਦੀ ਸ਼ਕਤੀ ਦਾ ਵਿਖਿਆਨ ਕਰਨ ਵਾਲੇ ਨਾਂਗਿਆਂ, ਪਾਂਡਿਆਂ, ਬ੍ਰਾਹਮਣਵਾਦੀਆਂ ਅਤੇ ਰਿੰਧੀਆਂ-ਸਿੱਧੀਆਂ ਦਾ ਝੂਠਾ ਭੰਡੀ ਪ੍ਰਚਾਰ ਕਰਨ ਵਾਲਿਆਂ ਕੋਲ ਅੱਜ ਵੀ ਇਹਨਾਂ ਸਵਾਲਾਂ ਦਾ ਕੋਈ ਜਵਾਬ ਨਹੀਂ ਕਿ ਜਦੋਂ ਇਹਨਾਂ ਦੇ ਵਡੇਰੇ ਮਹਿਮੂਦ ਗਜ਼ਨਵੀ ਵਰਗੇ ਧਾੜਵੀਆਂ ਦਾ ਮੁਕਾਬਲਾ ਆਪਣੇ ਮੰਤਰਾਂ ਦੇ ਜਾਪ ਦੀ ਸ਼ਕਤੀ ਲਾਲ ਕਰਨ ਦਾ ਦਾਅਵਾ ਕਰ ਰਹੇ ਸਨ, ਉਦੋਂ ਕੀ ਵਾਪਰਿਆ? ਉਹ ਗਜ਼ਨਵੀ ਦੀਆਂ ਫੌਜਾਂ ਨੂੰ ਅੰਨ੍ਹਿਆਂ ਕਰਨ, ਭਸਮ ਕਰਨ ਦੇ ਅਡੰਬਰ ਅਤੇ ਦਾਅਵੇ ਕਰਦੇ ਰਹੇ, ਪਰ ਫੌਜਾਂ ਮੰਦਰਾਂ ਦਾ ਧਨ-ਦੌਲਤ , ਸੋਨਾ, ਚਾਂਦੀ ਲੁੱਟ ਕੇ ਉਹਨਾਂ ਦੇ ਸਾਹਮਣੇ

ਹੀ ਲੈ ਜਾਂਦੀਆਂ ਰਹੀਆਂ, ਪਰ ਇਹਨਾਂ ਦੇ ਮੰਤਰ ਕਿਸੇ ਕੰਮ ਨਾ ਆਏ, ਸਗੋਂ ਅਜਿਹੇ ਸਾਰੇ ਅਡੰਬਰ ਦੇਸ਼ ਦੀ ਬਰਬਾਦੀ ਕਰਨ ਦਾ ਸਾਧਨ ਬਣਦੇ ਰਹੇ । ਅੱਜ ਵੀ ਸਾਡੇ ਸਿਆਸਤਦਾਨ/ਹਾਕਮ ਇਹਨਾਂ ਵਰਤਾਰਿਆਂ ਤੋਂ ਸਬਕ ਨਾ ਸਿੱਖ ਕੇ ਅਜਿਹੇ ਵਿਹਲੜ ਪੁਜਾਰੀ ਵਰਗ ਦੇ ਅਡੰਬਰਾਂ ਨੂੰ ਬੰਦ ਕਰਨ ਦੀ ਭੂਮਿਕਾ ਨਿਭਾਉਣ ਦੀ ਥਾਂ ਉਹਨਾਂ ਨੂੰ ਹੋਰ ਉਤਸ਼ਾਹਿਤ ਕਰਨ ਦਾ ਵਸੀਲਾ ਬਣ ਰਹੇ ਹਨ। ਕੀ ਦੇਸ਼ ਦੀ ਤਰੱਕੀ ਦਾ ਅਜਿਹੇ ਵਰਤਾਰਿਆਂ ਨਾਲ ਕੋਈ ਸੰਬੰਧ ਹੈ ? ਇਸ ਸਾਰੀ ਖੇਡ ਦੇ ਪਿੱਛੇ ਜੋ ਅਸਲੀਅਤ ਸਮਝਣ ਵਾਲੀ ਹੈ, ਉਸ ਬਾਰੇ ਦੇਸ਼ ਦੀ ਦੁੱਖ ਸੰਤਾਪ ਭੋਗ ਰਹੀ ਵੱਡੀ ਗਿਣਤੀ ਜਨਸੰਖਿਆ ਲਈ ਸਮਝਣਾ ਬੇਹੱਦ ਜ਼ਰੂਰੀ ਹੈ।

ਧਰਮਾਂ ਦੀ ਸਿਆਸਤ ਨੇ ਇਸ ਵੱਡੀ ਗਿਣਤੀ ਲੋਕਾਂ ਨੂੰ ਦੰਗੇ-ਫਸਾਦਾਂ ਦੀ ਭਰਾ ਮਾਰ ਜੰਗ ਦੀ ਕਤਲੋਗਾਰਦ ਤੋਂ ਬਿਨਾਂ ਹੁਣ ਤੱਕ ਦਿੱਤਾ ਹੀ ਕੀ ਹੈ? 1947 ਵਿੱਚ ਧਰਮ ਅਧਾਰਤ ਦੇਸ਼ ਦੀ ਵੰਡ ਸਮੇਂ ਅਨੇਕਾਂ ਲੋਕਾਂ ਦੇ ਕਤਲ, ਔਰਤਾਂ ਦੀਆਂ ਬੇਪੱਤੀਆਂ, ਬੱਚਿਆਂ ਨੂੰ ਲਾਵਾਰਸੀ ਤੇ ਘਰਾਂ ਦੇ ਉਜਾੜੇ ਤੋਂ ਬਿਨਾਂ ਕੀ ਮਿਲਿਆ? ਦੂਜੇ ਪਾਸੇ ਦੋਵਾਂ ਮੁਲਕਾਂ ਦੇ ਧਰਮਾਂ ਅਧਾਰਤ ਲੀਡਰਾਂ ਨੂੰ ਰਾਜ ਗੱਡੀਆਂ ਪ੍ਰਾਪਤ ਹੋਈਆਂ। ਇਸੇ ਤਰ੍ਹਾਂ ਗੁਜਰਾਤ ਅਤੇ ਦਿੱਲੀ ਸਮੇਤ ਦੇਸ਼ ਦੇ ਵੱਡੇ ਸ਼ਹਿਰਾਂ ਵਿੱਚ, ਧਰਮਾਂ ਦੇ ਆਗੂਆਂ ਦੀ ਸੌੜੀ ਅਤੇ ਇਨਸਾਨੀਅਤ ਵਿਰੋਧੀ ਵਿਚਾਰਧਾਰਾ ਹੀ ਮਨੁੱਖੀ ਕਤਲੇਆਮ ਦਾ ਮੁੱਖ ਕਾਰਨ ਬਣੀ ਅਤੇ ਰਾਜ ਕਰਦੀ ਸ਼੍ਰੇਣੀ ਨੇ ਲੋਕਾਂ ਦੇ ਖੂਨ ਵਹਾ ਕੇ ਆਪਣੀਆਂ ਰਾਜ ਗੱਦੀਆਂ ਪੱਕੀਆਂ ਕੀਤੀਆਂ। ਇਸ ਤੋਂ ਸਪੱਸ਼ਟ ਹੈ ਕਿ ਲੋਕਾਂ ਦੀ ਅਗਿਆਨਤਾ ਕਾਰਨ ਰਾਜ ਸੱਤਾ ਹਥਿਆਉਣ ਵਾਲਿਆਂ ਦੀ ਗੰਦੀ ਰਾਜਨੀਤੀ ਰਾਹੀਂ ਲੋਕਾਂ ਦੇ ਧਰਮ ਪ੍ਰਤੀ ਜਜ਼ਬਾਤਾਂ ਨੂੰ ਰਾਜ ਗੱਦੀ ਤੱਕ ਪਹੁੰਚਣ ਲਈ ਪੌੜੀ ਵਜੋਂ ਵਰਤਿਆ ਜਾਂਦਾ ਹੈ।

ਹਰ ਧਰਮ ਦਾ ਪੁਜਾਰੀ ਵਰਗ ਅਤੇ ਸਿਆਸੀ ਵਰਗ ਇਹ ਭਲੀ-ਭਾਂਤ ਜਾਣਦਾ ਹੈ ਕਿ ਕਿਸੇ ਵੀ ਧਰਮ ਦੇ ਜੰਤਰ-ਮੰਤਰ ਅਤੇ ਪਾਠ-ਪੂਜਾ ਨਾਲ ਨਾ ਤਾਂ ਕਿਸੇ ਮਨੁੱਖ ਦਾ ਕੁੱਝ ਸੰਵਾਰਿਆ ਜਾ ਸਕਦਾ ਹੈ ਅਤੇ ਨਾ ਹੀ ਵਿਗਾੜਿਆ ਜਾ ਸਕਦਾ ਹੈ। ਸਿਰਫ ਉਸ ਦੀ ਧਰਮ ਪ੍ਰਤੀ ਰੂੜ੍ਹੀਵਾਦੀ ਵਿਚਾਰਧਾਰਾ ਅਤੇ ਅਗਿਆਨਤਾ ਨੂੰ ਆਪਣੇ ਪੱਖ ਵਿੱਚ ਵਰਤਿਆ ਜ਼ਰੂਰ ਜਾ ਸਕਦਾ ਹੈ। ਇਸੇ ਕਰਕੇ ਆਮ ਜਨਤਾ ਨੂੰ ਇਸ ਜਾਲ ਵਿੱਚ ਉਲਝਾ ਕੇ ਰੱਖਣਾ ਦੋਵੇਂ ਧਿਰਾਂ (ਹਾਕਮ ਵਰਗ ਅਤੇ ਪੁਜਾਰੀ ਵਰਗ) ਦੀ ਇਸ ਕਰਕੇ ਲੋੜ ਹੈ, ਕਿਉਂਕਿ ਦੋਵਾਂ ਦੀ ਹੋਂਦ ਲੋਕਾਂ ਨੂੰ ਰੂੜ੍ਹੀਵਾਦੀ ਅੰਧਵਿਸ਼ਵਾਸਾਂ ਵਿੱਚ ਉਲਝਾਈ ਰੱਖਣ ਨਾਲ ਹੀ ਬਰਕਰਾਰ ਰਹਿੰਦੀ ਹੈ। ਇਹਨਾਂ ਨੂੰ ਪਤਾ ਹੈ ਕਿ ਲੋਕ ਜਿੰਨੇ ਵੱਧ ਅਨਪੜ੍ਹ, ਅੰਧਵਿਸ਼ਵਾਸੀ ਅਤੇ ਕਿਸਮਤਵਾਦੀ ਬਣੇ ਰਹਿਣਗੇ, ਓਨੇ ਹੀ ਸਰਕਾਰਾਂ ਲਈ ਘੱਟ ਸਿਰਦਰਦੀ ਬਣਨਗੇ । ਇਸੇ ਕਰਕੇ ਸਰਕਾਰਾਂ ਅਤੇ ਸਾਧਾਂ-ਸੰਤਾਂ ਦੀ ਸਾਂਝ-ਭਿਆਲੀ ਯੋਜਨਾਬੱਧ ਢੰਗ ਨਾਲ ਲੋਕਾਂ ਨੂੰ ਮੂਰਖ ਬਣਾ ਕੇ ਰੱਖਣ ਲਈ ਇੱਕਮਿੱਕ ਹਨ। ਲੋਕਾਂ ਦੇ ਰੂੜ੍ਹੀਵਾਦੀ ਤੇ ਕਿਸਮਤਵਾਦੀ ਵਿਚਾਰ ਬਣੇ ਰਹਿਣ ਲਈ ਪੁਜਾਰੀ ਵਰਗ ਹਰ ਧਾਰਮਿਕ ਅਦਾਰੇ ਵਿੱਚ ਬਿਰਾਜਮਾਨ ਹੈ। ਇਹਨਾਂ ਵੱਲੋਂ ਦਿੱਤੇ

13-JUNE-PAGE-5.qxd 6/12/2023 10:26 PM Page 1

ਇਨਲਿਸਟਮੈਂਟ/ਆਊਟਸੋਰਸ ਮੁਲਾਜ਼ਮਾਂ ਵੱਲੋਂ ਜਲ ਸਪਲਾਈ ਹੈੱਡ ਆਫਿਸ ਅੱਗੇ ਸੂਬਾ ਪੱਧਰੀ ਧਰਨਾ

ਪਟਿਆਲਾ (ਪੱਤਰ ਪ੍ਰੇਰਕ)

ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਵੱਲੋਂ ਸਥਾਨਕ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦੇ ਮੁੱਖ ਦਫਤਰ ਅੱਗੇ ਸੂਬਾ ਪੱਧਰੀ ਧਰਨਾ ਦਿੱਤਾ ਗਿਆ, ਜਿਸ ਵਿੱਚ ਜਲ ਸਪਲਾਈ ਵਰਕਰ ਆਪਣੇ ਪਰਿਵਾਰਾਂ ਤੇ ਬੱਚਿਆਂ ਸਮੇਤ ਬਸੰਤੀ ਰੰਗ ਵਿੱਚ ਸਜ ਕੇ ਹਜ਼ਾਰਾਂ ਦੀ ਗਿਣਤੀ 'ਚ ਸ਼ਾਮਲ ਹੋਏ ਤੇ ਵਿਭਾਗ ਦੀ ਮੈਨੇਜਮੈਂਟ ਖਿਲਾਫ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ।

ਧਰਨੇ ਦੀ ਅਗਵਾਈ ਕਰ ਰਹੇ ਸੂਬਾ ਪ੍ਰਧਾਨ ਵਰਿੰਦਰ ਸਿੰਘ ਮੋਮੀ ਤੇ ਸੂਬਾ ਜਨਰਲ ਕੁਲਦੀਪ ਸਿੰਘ ਬੁੱਢੇਵਾਲ ਨੇ ਸੰਬੋਧਨ ਕਰਦਿਆਂ ਕਿਹਾ ਕਿ ਜਲ ਸਪਲਾਈ ਵਿਭਾਗ 'ਚ ਪਿਛਲੇ 10-15 ਸਾਲਾਂ ਦੇ ਅਰਸੇ ਤੋਂ ਇਨਲਿਸਟਮੈਂਟ ਤੇ ਆਊਟਸੋਰਸ ਮੁਲਾਜ਼ਮ, ਜੋ ਜਲ ਸਪਲਾਈ ਸਕੀਮਾਂ ਤੇ ਫੀਲਡ ਅਤੇ ਦਫਤਰਾਂ ਵਿੱਚ ਸੇਵਾਵਾਂ ਦੇ ਰਹੇ ਹਨ ਅਤੇ ਆਪਣੀ ਜਵਾਨੀ ਲਗਭਗ ਠੇਕਾ ਪ੍ਰਣਾਲੀ ਦੀ ਚੱਕੀ 'ਚ ਗੁਜ਼ਾਰ ਲਈ ਗਈ ਹੈ, ਨੂੰ ਸਾਲਾਂਬੱਧੀ ਅਰਸੇ ਦੇ ਕੰਮ ਕਰਨ ਦੇ ਤਜਰਬੇ ਦੇ ਅਧਾਰ 'ਤੇ ਵਿਭਾਗ 'ਚ ਮਰਜ ਕਰਕੇ ਰੈਗੂਲਰ ਕਰਨ ਵਾਲੀ ਪਾਲਸੀ ਬਣਾਉਣ ਦੀ ਮੰਗ ਲਈ ਉਕਤ ਯੂਨੀਅਨ ਦੇ ਚੱਲ ਰਹੇ ਸੰਘਰਸ਼ ਦੇ ਮੰਦੇਨਜ਼ਰ ਮੁੱਖ ਮੰਤਰੀ ਪੰਜਾਬ ਸਰਕਾਰ ਵੱਲੋਂ 12 ਦਸੰਬਰ 2022 ਨੂੰ ਕੈਬਨਿਟ ਮੰਤਰੀਆਂ ਦੀ 'ਸਬ-ਕਮੇਟੀ' ਦਾ ਗਠਨ ਕੀਤਾ ਗਿਆ, ਜਿਸ ਨਾਲ ਸਾਡੀ ਯੂਨੀਅਨ ਦੀਆਂ ਕ੍ਰਮਵਾਰ 21 ਦਸੰਬਰ 2022, 13 ਫਰਵਰੀ 2023 ਤੇ 5 ਅਪ੍ਰੈਲ 2023 ਨੂੰ ਪੈਨਲ ਮੀਟਿੰਗਾਂ ਵੀ ਹੋ ਚੁੱਕੀਆਂ ਹਨ। ਇਨ੍ਹਾਂ ਮੀਟਿੰਗਾਂ 'ਚ ਕੈਬਨਿਟ ਸਬ-ਕਮੇਟੀ ਦੇ ਮੈਂਬਰ ਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਮਕਾਨ ਉਸਾਰੀ ਤੇ ਸ਼ਹਿਰੀ ਵਿਕਾਸ ਮੰਤਰੀ ਅਮਨ ਅਰੋੜਾ, ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ ਕੁਲਦੀਪ ਸਿੰਘ ਧਾਲੀਵਾਲਾ ਅਤੇ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦੇ ਮਾਨਯੋਗ ਮੰਤਰੀ ਬ੍ਰਹਮ ਸ਼ੰਕਰ ਜਿੰਪਾ ਵੱਲੋਂ ਜਸਸ ਵਿਭਾਗ ਦੇ ਇਨਲਿਸਟਮੈਂਟ/ਆਊਟਸੋਰਸ ਮੁਲਾਜ਼ਮਾਂ ਦੇ ਕੱਚੇ ਰੁਜ਼ਗਾਰ ਨੂੰ ਪੱਕਾ ਕਰਵਾਉਣ ਲਈ ਹਮਦਰਦੀ ਪ੍ਰਗਟਾਈ ਗਈ ਤੇ ਵਿਭਾਗੀ ਮੁਖੀ ਸਮੇਤ ਸਾਰੇ ਵਿਭਾਗੀ ਅਧਿਕਾਰੀਆਂ ਨੂੰ ਮਈ 2023 ਦੇ ਪਹਿਲੇ ਹਫਤੇ ਤੱਕ ਵਰਕਰਾਂ ਨੂੰ ਵਿਭਾਗ ਵਿੱਚ ਲੈ ਕੇ ਰੈਗੂਲਰ ਕਰਨ ਵਾਲੀ ਪ੍ਰਪੋਜ਼ਲ (ਪਾਲਸੀ) ਤਿਆਰ ਕਰਨ ਦੇ ਆਦੇਸ਼ ਦਿੱਤੇ ਗਏ, ਜਿਸ ਦੇ ਬਾਅਦ ਵਿਭਾਗੀ ਮੁਖੀ, ਜਸਸ ਵਿਭਾਗ ਮੁਹਾਲੀ ਵੱਲੋਂ 30 ਅਪ੍ਰੈਲ 2023 ਨੂੰ ਚੀਫ ਇੰਜੀਨੀਅਰ ਦੀ ਦੇਖ ਰੇਖ ਹੇਠ ਇੱਕ ਹੋਰ ਵਿਭਾਗੀ ਅਧਿਕਾਰੀਆਂ ਦੀ ਸਬ-ਕਮੇਟੀ ਦਾ ਗਠਨ ਕਰਕੇ ਇਕੱ ਹਫਤੇ ਦੇ ਅੰਦਰ ਅੰਦਰ ਪਾਲਸੀ ਤਿਆਰ ਕਰਨ ਦੇ ਆਦੇਸ਼ ਵੀ ਦਿੱਤੇ ਗਏ। ਇਸ ਵਿਭਾਗੀ ਅਧਿਕਾਰੀਆਂ ਦੀ ਸਬ ਕਮੇਟੀ ਵੱਲੋਂ 5-5-2023 ਨੂੰ ਮੁੱਖ ਦਫਤਰ ਪਟਿਆਲਾ ਵਿਖੇ ਯੂਨੀਅਨ ਦੇ ਨਾਲ ਹੋਈ ਮੀਟਿੰਗ ਵਿੱਚ ਵੀ 15 ਮਈ 2023 ਤੱਕ ਪਾਲਸੀ ਤਿਆਰ ਕਰਨ ਲਈ ਸਮਾਂ ਤੈਅ ਕੀਤਾ ਗਿਆ, ਪਰ ਸਰਕਾਰ ਦੀ ਕੈਬਨਿਟ ਸਬ ਕਮੇਟੀ ਤੇ ਵਿਭਾਗੀ ਅਧਿਕਾਰੀਆਂ ਵੱਲੋਂ ਪਿਛਲੇ 6 ਮਹੀਨੇ ਬੀਤ ਜਾਣ ਦੇ ਬਾਵਜੂਦ ਉਕਤ ਮੁਲਾਜ਼ਮਾਂ ਦੇ ਪੱਕੇ ਰੁਜ਼ਗਾਰ ਲਈ ਕੋਈ ਨੀਤੀ ਜਾਂ ਪਾਲਸੀ ਤਿਆਰ ਨਹੀਂ ਕੀਤੀ ਗਈ, ਜਿਸ ਦੇ ਕਾਰਨ ਵਰਕਰਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਤੇ ਵਿਭਾਗੀ ਅਧਿਕਾਰੀਆਂ ਵੱਲੋਂ ਯੂਨੀਅਨ ਦੇ ਨਾਲ ਬਣੀ ਸਹਿਮਤੀ ਮੁਤਾਬਕ ਮੰਗਾਂ ਦਾ ਹੱਲ ਨਹੀਂ ਕੀਤਾ ਜਾ ਰਿਹਾ ਹੈ।

ਇਸ ਧਰਨੇ ਵਿੱਚ ਸੂਬਾ ਆਗੂਆਂ ਹਾਕਮ ਸਿੰਘ ਧਨੇਠਾ, ਭੁਪਿੰਦਰ ਸਿੰਘ ਕੁਤਬੇਵਾਲ, ਸਤਨਾਮ ਸਿੰਘ ਫਲੀਆਂਵਾਲਾ, ਪ੍ਰਦੂਮਣ ਸਿੰਘ, ਰੁਪਿੰਦਰ ਸਿੰਘ, ਸੰਦੀਪ ਖਾਨ, ਬਲਜੀਤ ਸਿੰਘ ਭੱਟੀ, ਓਮਕਾਰ ਸਿੰਘ ਆਦਿ ਨੇ ਸੰਬੋਧਨ ਕਰਦਿਆਂ ਸਰਕਾਰ ਤੇ ਮੈਨੇਜਮੈਂਟ ਨੂੰ ਚੇਤਾਵਨੀ ਦਿੱਤੀ ਕਿ ਲੋਕ ਤੇ ਵਰਕਰ ਵਿਰੋਧੀ ਨੀਤੀਆਂ ਕਿਸੇ ਵੀ ਕੀਮਤ 'ਤੇ ਲਾਗੂ ਨਹੀਂ ਹੋਣ ਦਿੱਤੀਆਂ ਜਾਣਗੀਆਂ ਤੇ ਸਖਤ ਵਿਰੋਧ ਕੀਤਾ ਜਾਵੇਗਾ। ਇਸ ਧਰਨੇ 'ਚ ਭਰਾਤਰੀ ਜਥੇਬੰਦੀਆਂ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਸੂਬਾ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ, ਜ਼ਿਲ੍ਹਾ ਪ੍ਰਧਾਨ ਬਲਰਾਜ ਜੋਸ਼ੀ, ਪੰਜਾਬ ਖੇਤ ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾ ਆਗੂ ਹਰਭਗਵਾਨ ਸਿੰਘ ਮੂਣਕ, ਵੇਰਕਾ ਮਿਲਕ ਪਲਾਂਟ ਐਂਡ ਕੈਟਲਫੀਡ ਪਲਾਂਟ ਆਊਟਸੋਰਸ ਮੁਲਾਜ਼ਮ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਪਵਨਦੀਪ ਸਿੰਘ, ਸੂਬਾ ਜਨਰਲ ਸਕੱਤਰ ਜਸਬੀਰ ਸਿੰਘ ਨੇ ਆਪਣੇ ਵਰਕਰਾਂ ਦੇ ਕਾਫਲਿਆਂ ਸਮੇਤ ਪਹੁੰਚ ਕੇ ਹਮਾਇਤ ਕੀਤੀ ਤੇ ਸੰਬੋਧਨ ਕਰਦਿਆਂ ਮੁਲਾਜ਼ਮਾਂ ਨੂੰ ਰੈਗੂਲਰ ਕਰਵਾਉਣ ਤੱਕ ਉਕਤ ਯੂਨੀਅਨ ਵੱਲੋਂ ਸ਼ੁਰੂ ਕੀਤੇ ਸੰਘਰਸ਼ ਨੂੰ ਸਮਰਥਨ ਦੇਣ ਦਾ ਐਲਾਨ ਕੀਤਾ।

ਉਧਰ, ਧਰਨੇ ਦੌਰਾਨ ਵਿਭਾਗ ਦੇ ਅਧਿਕਾਰੀਆਂ ਵੱਲੋਂ ਠੇਕਾ ਮੁਲਾਜ਼ਮਾਂ ਨੂੰ ਵਿਭਾਗ ਵਿੱਚ ਕੰਟਰੈਕਟ ਅਧੀਨ ਲੈ ਕੇ ਰੈਗੂਲਰ ਕਰਨ ਸਬੰਧੀ ਪਾਲਸੀ ਮੁਕੰਮਲ ਕਰਨ ਲਈ ਉਪਰੰਤ 19 ਜੂਨ ਤੱਕ ਵਿਭਾਗੀ ਮੁਖੀ ਮੁਹਾਲੀ ਨੂੰ ਭੇਜ ਦਿੱਤੀ ਜਾਵੇਗੀ ਤੇ ਇਸ ਦੇ ਬਾਅਦ 26 ਜੂਨ ਨੂੰ ਐੱਚ ਓ ਡੀ ਨਾਲ ਕੈਬਨਿਟ ਮੰਤਰੀ ਦੀ ਸਬ ਕਮੇਟੀ ਕੋਲ ਲਾਗੂ ਕਰਨ ਲਈ ਭੇਜਣ ਲਈ ਮੀਟਿੰਗ ਯੂਨੀਅਨ ਨਾਲ ਤੈਅ ਕੀਤੀ ਗਈ ਹੈ, ਜਿਸ ਦੇ ਬਾਅਦ ਧਰਨੇ ਨੂੰ 19 ਜੂਨ ਤੱਕ ਮੁਲਤਵੀ ਕੀਤਾ ਗਿਆ ਹੈ। ਇਸ ਦੇ ਨਾਲ ਹੀ ਇਹ ਵੀ ਫੈਸਲਾ ਕੀਤਾ ਗਿਆ ਕਿ ਅੱਜ ਲਿਖਤੀ ਰੂਪ 'ਚ ਜਾਰੀ ਚਿੱਠੀ ਤੋਂ ਭੱਜਣ ਦੀ ਕੋਸ਼ਿਸ਼ ਕੀਤੀ ਗਈ ਤਾਂ ਫਿਰ ਤੋਂ 20 ਜੂਨ ਨੂੰ ਸੰਘਰਸ਼ ਸ਼ੁਰੂ ਕੀਤਾ ਜਾਵੇਗਾ।

ਜਾਲ੍ਹੀ ਸਰਟੀਫਿਕੇਟ ਬਣਾ ਕੇ ਨੌਕਰੀਆਂ ਹੜੱਪਣ ਵਾਲਿਆਂ ਵਿਰੁੱਧ ਰੋਸ ਪ੍ਰਦਰਸ਼ਨ

■ ਸਰਕਾਰ ਤੋਂ ਸਖਤ ਕਾਰਵਾਈ ਦੀ ਕੀਤੀ ਮੰਗ

ਮਾਨਸਾ (ਆਤਮਾ ਸਿੰਘ ਪਮਾਰ)

ਪਿਛਲੇ ਲਗਪਗ ਦੋ ਮਹੀਨਿਆਂ ਤੋਂ ਮੁਹਾਲੀ ਵਿਖੇ ਚੱਲ ਰਹੇ ਰਿਜ਼ਰਵੇਸ਼ਨ ਚੋਰ ਫੜੋ ਮੋਰਚੇ ਵੱਲੋਂ ਦਿੱਤੇ ਸੂਬਾ ਪੱਧਰੀ ਸੱਦੇ ਤਹਿਤ ਸਥਾਨਕ ਬਾਲ ਭਵਨ ਵਿਖੇ ਰਿਜ਼ਰਵੇਸ਼ਨ ਚੋਰ ਫੜੋ ਮੋਰਚਾ ਦੀ ਇਕਾਈ ਮਾਨਸਾ ਵੱਲੋਂ ਇਕੱਠੇ ਹੋ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ।

ਜ਼ਿਕਰਯੋਗ ਹੈ ਕਿ ਪਿਛਲੇ ਦਿਨਾਂ ਤੋਂ ਪੰਜਾਬੀ ਗਾਇਕ ਅੰਮ੍ਰਿਤ ਮਾਨ ਦੇ ਪਿਤਾ ਵੱਲੋਂ ਜਾਲ੍ਹੀ ਐੱਸ ਸੀ ਸਰਟੀਫਿਕੇਟ ਬਣਾ ਕੇ ਸਰਕਾਰੀ ਨੌਕਰੀ ਕਰਨ ਦਾ ਮਸਲਾ ਕਾਫੀ ਗਰਮਾਇਆ ਹੋਇਆ ਹੈ। ਹੁਣ ਤੱਕ ਲਗਪਗ 1300 ਅਜਿਹੇ ਕੇਸ ਮੋਰਚੇ ਵੱਲੋਂ ਬਾਕਾਇਦਾ ਪੜਤਾਲ ਕਰਕੇ ਮੁੱਖ ਮੰਤਰੀ ਦਫਤਰ ਨੂੰ ਸੌਂਪੇ ਜਾ ਚੁੱਕੇ ਹਨ ਤੇ ਅਜਿਹੇ ਹੋਰ ਹਜ਼ਾਰਾਂ ਕੇਸ ਸਾਹਮਣੇ ਆਉਣ ਦੀ ਸੰਭਾਵਨਾ ਹੈ। ਇਸ ਲਈ ਮੋਰਚਾ ਲਗਾਤਾਰ ਇਹ ਮੰਗ ਕਰ ਰਿਹਾ ਹੈ ਕਿ ਸਾਰੇ ਮਹਿਕਮਿਆਂ ਵਿੱਚ ਐੱਸ.ਸੀ/ਬੀ.ਸੀ. ਸਰਟੀਫਿਕੇਟਾਂ ਦੀ ਜਾਂਚ ਕਰਵਾਈ ਜਾਵੇ ਤੇ ਦੋਸ਼ੀਆਂ ਨੂੰ ਸਖਤ ਸਜ਼ਾਵਾਂ ਦਿੱਤੀਆਂ ਜਾਣ।

ਇਕੱਠ ਨੂੰ ਸੰਬੋਧਨ ਕਰਦਿਆਂ ਰਿਜ਼ਰਵੇਸ਼ਨ ਚੋਰ ਫੜੋ ਮੋਰਚਾ ਮਾਨਸਾ ਦੇ ਜ਼ਿਲ੍ਹਾ ਆਗੂ ਭਗਵੰਤ ਸਿੰਘ ਸਮਾਓਂ, ਤੀਰਥ ਤੋਗੜੀਆ, ਕ੍ਰਿਸ਼ਨ ਚੌਹਾਨ, ਬਲਵੰਤ ਕੈਲੇ, ਮਾਸਟਰ ਪਰਮਿੰਦਰ ਸਿੰਘ ਨੇ ਕਿਹਾ ਕਿ ਇੱਕ ਪਾਸੇ ਪੰਜਾਬ ਸਰਕਾਰ ਤੇ ਕੇਂਦਰ ਦੀ ਮੋਦੀ ਸਰਕਾਰ ਸਰਕਾਰੀ ਅਦਾਰਿਆਂ ਦਾ ਨਿੱਜੀਕਰਨ ਕਰਕੇ ਰਾਖਵੇਂਕਰਨ ਦੀਆਂ ਜੜ੍ਹਾਂ ਵੱਢ ਰਹੀਆਂ ਹਨ, ਉੱਧਰ ਦੂਜੇ ਪਾਸੇ ਕੁਝ ਚਲਾਕ ਲੋਕ ਸਰਕਾਰੀ ਤੰਤਰ ਦੀ ਮੱਦਦ ਨਾਲ ਜਾਲ੍ਹੀ ਐੱਸ. ਸੀ./ਬੀ. ਸੀ. ਸਰਟੀਫਿਕੇਟ ਬਣਾ ਕੇ ਲੋੜਵੰਦਾਂ ਦੇ ਹੱਕਾਂ 'ਤੇ ਡਾਕਾ ਮਾਰ ਰਹੇ ਹਨ। ਆਗੂਆਂ ਨੇ ਕਿਹਾ ਕਿ ਜੇਕਰ ਪੰਜਾਬ ਸਰਕਾਰ ਦੁਆਰਾ ਬਣਾਈ ਸਬ ਕਮੇਟੀ ਨੇ ਜਲਦ ਦੋਸ਼ੀਆਂ ਨੂੰ ਸਜ਼ਾਵਾਂ ਦੇਣ ਲਈ ਕੋਈ ਢੁੱਕਵੀਂ ਕਾਰਵਾਈ ਨਾ ਕੀਤੀ ਤਾਂ ਮੋਰਚਾ ਕੋਈ ਸਖਤ ਐਕਸ਼ਨ ਕਰਨ ਲਈ ਮਜਬੂਰ ਹੋਵੇਗਾ। ਇਸ ਸਮੇਂ ਉਪਰੋਕਤ ਤੋਂ ਇਲਾਵਾ ਲਿਬਰੇਸ਼ਨ ਦੇ ਸੂਬਾ ਆਗੂ ਰਾਜਵਿੰਦਰ ਰਾਣਾ, ਮਾਸਟਰ ਧਰਮਿੰਦਰ ਹੀਰੇਵਾਲਾ, ਨਛੱਤਰ ਸਿੰਘ ਫਤਿਹਪੁਰ, ਮੇਘਾ ਸਿੰਘ ਲੈਕਚਰਾਰ, ਭੂਰਾ ਸਿੰਘ ਸੇਰਗੜ੍ਹੀਆਂ, ਰੰਗੀ ਰਾਮ, ਡਾ. ਗੁਰਪ੍ਰੀਤ ਕੌਰ, ਡਾਕਟਰ ਕੁਲਦੀਪ ਚੌਹਾਨ, ਡਾਕਟਰ ਕੇਵਲ ਸਿੰਘ, ਜਸਵੰਤ ਸਿੰਘ ਮਾਨਸਾ, ਦਲਵਿੰਦਰ ਸਿੰਘ ਮਾਨਸਾ, ਧੰਨਾ ਮੱਲ ਗੋਇਲ, ਪ੍ਰਦੀਪ ਗੁਰੂ ਬਿੱਕਰ ਸਿੰਘ ਮਘਾਣੀਆਂ, ਸੁਰਿੰਦਰ ਨਿਭੋਰੀਆਂ, ਭੁਪਿੰਦਰ ਬੀਰਵਾਲ, ਕਰਮ ਸਿੰਘ, ਜਗਸੀਰ ਸਿੰਘ ਸੀਰਾ, ਅਧਿਆਪਕ ਆਗੂ ਕੁਲਦੀਪ ਖੋਖਰ ਨੇ ਵੀ ਸੰਬੋਧਨ ਕੀਤਾ।

ਕਾਤਰਾਂ

ਐਡਵੋਕੇਟ ਛਿੱਬੜ ਵੱਲੋਂ ਦਿੱਲੀ ਪੁਲਸ ਦੀ ਨਿੰਦਾ

ਬੀ ਐੱਡ ਦੀ ਰਜਿਸਟ੍ਰੇਸ਼ਨ ਲਈ ਹੈੱਲਪ ਡੈੱਸਕ ਸਥਾਪਤ

ਕਰਤਾਰਪੁਰ (ਹਰਮੇਸ ਦੱਤ) ਓਮ ਪ੍ਰਕਾਸ਼ ਮੈਮੋਰੀਅਲ ਇੰਸਟੀਚਿਊਟ ਆਫ ਐਜੂਕੇਸ਼ਨ ਦਿਆਲਪੁਰ ਦੇ ਬੀ.ਐਡ 2023-24 ਦੇ ਦਾਖਲੇ ਲਈ ਵਿਦਿਆਰਥੀਆਂ ਲਈ ਹੈਲਪ ਡੈਸਕ ਸਥਾਪਿਤ ਕੀਤਾ ਗਿਆ ਹੈ। ਸਰਕਾਰ ਦੁਆਰਾ ਬੀ.ਐਡ ਕੋਰਸ ਦੇ ਦਾਖਲੇ ਦੀ ਪ੍ਰੀਖਿਆ ਲਈ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਨੂੰ ਜ਼ਿੰਮੇਵਾਰੀ ਦਿੱਤੀ ਗਈ ਹੈ। ਰਜਿਸਟ੍ਰੇਸ਼ਨ 14 ਜੁਲਾਈ ਤੱਕ ਬਿਨਾਂ ਲੇਟ ਫੀਸ ਹੋਵੇਗੀ ਅਤੇ ਬੀ.ਐਡ ਦੀ ਦਾਖਲਾ ਪ੍ਰੀਖਿਆ 30 ਜੁਲਾਈ ਨੂੰ ਹੋਵੇਗੀ ।

ਨਤੀਜਾ ਸੌ ਪ੍ਰਤੀਸ਼ਤ ਰਿਹਾ

ਮਹਿਤਪੁਰ (ਰਾਜਾ) ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਉਧੋਵਾਲ (ਜਲੰਧਰ) ਦਾ ਦਸਵੀਂ ਜਮਾਤ ਦੀ ਮਾਰਚ 2023 ਵਿੱਚ ਹੋਈ ਪ੍ਰੀਖਿਆ ਦਾ ਨਤੀਜਾ 100% ਰਿਹਾ। ਸਾਰੇ ਵਿਦਿਆਰਥੀਆਂ ਚੰਗੇ ਨੰਬਰ ਪ੍ਰਾਪਤ ਕਰਕੇ ਪਾਸ ਹੋਏ। ਦੇਵਨ ਰੱਤੂ ਨੇ ਪਹਿਲਾ, ਸੂਰਜ ਨੇ ਦੂਜਾ ਅਤੇ ਗਗਦੀਪ ਸਿੰਘ ਨੇ ਤੀਜਾ ਸਥਾਨ ਪ੍ਰਾਪਤ ਕੀਤਾ।

ਭਾਈ ਘਨ੍ਹੈਯਾ ਜੀ ਸੇਵਾ ਸੁਸਾਇਟੀ ਨੇ ਲਗਾਈ ਛਬੀਲ

ਕਰਤਾਰਪੁਰ (ਹਰਮੇਸ਼ ਦੱਤ) ਧੰਨ ਧੰਨ ਸ੍ਰੀ ਗੁਰੂ ਅਰਜੁਨ ਦੇਵ ਸਾਹਿਬ ਜੀ ਦੀ ਅਦੁੱਤੀ ਸ਼ਹਾਦਤ ਅਤੇ ਸਮੂਹ ਸ਼ਹੀਦਾਂ ਨੂੰ ਸਮਰਪਿਤ ਭਾਈ ਘਨ੍ਹਈਆ ਜੀ ਸੇਵਾ ਸੁਸਾਇਟੀ (ਰਜਿ.) ਵੱਲੋਂ 20 ਵੀਂ ਸਾਲਾਨਾ ਛਬੀਲ ਗੁਰੂ ਨਾਨਕ ਆਈਸ ਫੈਕਟਰੀ ਜੀ ਟੀ ਰੋਡ ਕਰਤਾਰਪੁਰ ਵਿਖੇ ਲਗਾਈ ਗਈ। ਰਾਹਗੀਰਾਂ ਨੂੰ ਠੰਢੇ ਮਿੱਠੇ ਜਲ ਦੀ ਛਬੀਲ ਅਤੇ ਗੁਰੂ ਕਾ ਲੰਗਰ ਛਕਾਇਆ ਗਿਆ। ਇਸ ਮੌਕੇ ਸੁਸਾਇਟੀ ਦੇ ਚੇਅਰਮੈਨ ਗੁਰਪ੍ਰੀਤ ਸਿੰਘ ਖਾਲਸਾ, ਸਰਪ੍ਰਸਤ ਮਨਜੀਤ ਸਿੰਘ, ਤਜਿੰਦਰ ਸਿੰਘ ਪ੍ਰਧਾਨ , ਗੁਰਦਿੱਤ ਸਿੰਘ ਖਜਾਨਚੀ, ਪ੍ਰਭਜੋਤ ਸਿੰਘ

13-June-PAGE-9.qxd 6/12/2023 10:32 PM Page 1

ਪ ਸ ਸ ਫ ਵੱਲੋਂ ਆਗੂਆਂ 'ਤੇ ਕੀਤੇ ਲਾਠੀਚਾਰਜ ਤੇ ਗ੍ਰਿਫਤਾਰੀ ਦੀ ਨਿਖੇਧੀ

ਜਲੰਧਰ (ਰਜੇਸ਼ ਥਾਪਾ)-ਮਾਨਸਾ ਵਿਖੇ ਪੰਜਾਬ ਕੈਬਨਿਟ ਦੀ ਮੀਟਿੰਗ ਦੌਰਾਨ ਸਰਕਾਰ ਲੋਕਾਂ ਦੇ ਦੁਆਰ ਤਹਿਤ ਆਪਣੀਆਂ ਮੰਗਾਂ ਰੱਖਣ ਗਏ ਟੈੱਟ ਪਾਸ ਬੇਰੁਜਗਾਰ ਅਧਿਆਪਕਾਂ, ਠੇਕਾ ਮੁਲਾਜਮਾਂ ਅਤੇ ਪੁਰਾਣੀ ਪੈਂਨਸ਼ਨ ਬਹਾਲੀ ਸੰਘਰਸ਼ ਕਮੇਟੀ ਦੇ ਆਗੂਆਂ 'ਤੇ ਪੁਲਸ ਪ੍ਰਸ਼ਾਸਨ ਵਲੋਂ ਲਾਠੀਚਾਰਜ ਕਰਨ ਸੜਕਾਂ ਤੇ ਘੜੀਸਣ ਅਤੇ ਉਹਨਾਂ ਨੂੰ ਜਬਰਦਸਤੀ ਚੁੱਕ ਕੇ ਥਾਣਾ ਸਿਟੀ ਵਿੱਚ ਬੰਦ ਕਰਨ ਦੀ ਪੰਜਾਬ ਸੁਬਾਰਡੀਨੇਟ ਸਰਵਿਸਿਜ ਫੈਡਰੇਸਨ ਜ਼ਿਲ੍ਹਾ ਜਲੰਧਰ ਪੁਰਜੋਰ ਨਿਖੇਧੀ ਕਰਦੀ ਹੈ। ਆਗੂਆਂ ਨੇ ਮੰਗ ਕੀਤੀ ਕਿ ਗ੍ਰਿਫਤਾਰ ਆਗੂਆਂ ਨੂੰ ਬਿਨਾਂ ਸ਼ਰਤ ਰਿਹਾਅ ਕੀਤਾ ਜਾਵੇ ਅਤੇ ਉਹਨਾਂ ਦੀਆਂ ਮੰਗਾਂ 'ਤੇ ਸੁਖਾਵੇਂ ਮਾਹੌਲ ਵਿੱਚ ਹੱਲ ਕੀਤੀਆਂ ਜਾਣ। ਇਸ ਸਮੇਂ ਫੈਡਰੇਸ਼ਨ ਦੇ ਸੂਬਾ ਜਨਰਲ ਸਕੱਤਰ ਅਤੇ ਕੁੱਲ ਹਿੰਦ ਰਾਜ ਸਰਕਾਰੀ ਮੁਲਾਜਮ ਫੈਡਰੇਸ਼ਨ ਦੇ ਕੇਂਦਰੀ ਕਮੇਟੀ ਮੈਂਬਰ ਤੀਰਥ ਸਿੰਘ ਬਾਸੀ, ਜ਼ਿਲ੍ਹਾ ਪ੍ਰਧਾਨ ਪੁਸ਼ਪਿੰਦਰ ਕੁਮਾਰ ਵਿਰਦੀ, ਜਨਰਲ ਸਕੱਤਰ ਨਿਰਮੋਲਕ ਸਿੰਘ ਹੀਰਾ, ਵਿੱਤ ਸਕੱਤਰ ਅਕਲ ਚੰਦ ਸਿੰਘ, ਪ੍ਰੈੱਸ ਸਕੱਤਰ ਪਰਨਾਮ ਸਿੰਘ ਸੈਣੀ, ਗੌਰਮਿੰਟ ਟੀਚਰਜ ਯੂਨੀਅਨ ਜਲੰਧਰ ਦੇ ਪ੍ਰਧਾਨ ਕਰਨੈਲ ਫਿਲੌਰ, ਐਕਟਿੰਗ ਸਕੱਤਰ ਸੁਖਵਿੰਦਰ ਸਿੰਘ ਮੱਕੜ,ਵਿੱਤ ਸਕੱਤਰ ਹਰਮਨਜੋਤ ਸਿੰਘ ਆਹਲੂਵਾਲੀਆ, ਸੀਨੀਅਰ ਮੀਤ ਪ੍ਰਧਾਨ ਬਲਜੀਤ ਸਿੰਘ ਕੁਲਾਰ, ਗੁਰਿੰਦਰ ਸਿੰਘ ਆਦਮਪੁਰ, ਪੁਰਾਣੀ ਪੈਂਨਸ਼ਨ ਬਹਾਲੀ ਸੰਘਰਸ਼ ਕਮੇਟੀ ਜਲੰਧਰ ਦੇ ਕਨਵੀਨਰ ਕੁਲਦੀਪ ਵਾਲੀਆ,ਕੋ ਕਨਵੀਨਰ ਦਿਲਬਾਗ ਸਿੰਘ,ਪੀ.ਡਬਲਯੂ.ਡੀ.ਫੀਲਡ ਐਂਡ ਵਰਕਸਾਪ ਯੂਨੀਅਨ ਦੇ ਅਮਰੀਕ ਸਿੰਘ ਸੋਖੋਂ, ਬਲਜੀਤ ਸਿੰਘ ਨਕੋਦਰ, ਬਲਵੀਰ ਸਿੰਘ ਗੁਰਾਇਆ, ਤਰਲੋਕ ਸਿੰਘ ,ਲਘੂ ਉਦਯੋਗ ਜਥੇਬੰਦੀ ਦੇ ਗੋਬਿੰਦ, ਜਗੀਰ ਸਿੰਘ,ਮਿੱਡ -ਡੇ-ਮੀਲ ਵਰਕਰਜ ਯੂਨੀਅਨ ਦੇ ਜਸਵਿੰਦਰ ਕੌਰ ਟਾਹਲੀ, ਸਿਮਰਨਜੀਤ ਪਾਸਲਾ, ਅਮਰਜੀਤ ਕੌਰ

ਨਗਰ,ਇਸਤਰੀ ਮੁਲਾਜਮ ਤਾਲਮੇਲ ਕਮੇਟੀ ਦੇ ਕਮਲਜੀਤ ਕੌਰ, ਸੁਰਿੰਦਰ ਕੌਰ ਸਹੋਤਾ, ਮਨਜਿੰਦਰ ਕੌਰ ਹਜਾਰਾ, ਪੰਜਾਬ ਪੈਂਨਸਨਰਜ ਵੈੱਲਫੇਅਰ ਐਸੋਸੀਏਸਨ ਦੇ ਬਲਵਿੰਦਰ ਕੁਮਾਰ, ਦਰਸਨ ਰਾਮ ਬਿਲਗਾ, ਰਾਜਿੰਦਰ ਸਰਮਾ, ਮੰਗਤ ਰਾਮ ਸਮਰਾ, ਕੁਲਦੀਪ ਸਿੰਘ ਕੌੜਾ ਆਦਿ ਨੇ ਕਿਹਾ ਕਿ ਪੰਜਾਬ ਸਰਕਾਰ ਲਾਡੀ ਗੋਲੀ ਦੀ ਵਰਤੋਂ ਕਰਕੇ ਮੁਲਾਜਮਾਂ ਦੇ ਸੰਘਰਸ਼ ਨੂੰ ਦਬਾਉਣਾ ਚਾਹੁੰਦੀ ਹੈ,ਪਰ ਸਮਾਂ ਗਵਾਹ ਹੈ ਮੁਲਾਜਮਾਂ ਦੇ ਸੰਘਰਸ਼ ਨੂੰ ਦਬਾਇਆ ਨਹੀਂ ਜਾ ਸਕਦਾ। ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਸਰਬਜੀਤ ਸਿੰਘ ਢੇਸੀ,ਲੇਖ ਰਾਜ ਪੰਜਾਬੀ, ਸੁਖਵਿੰਦਰ ਰਾਮ, ਰਣਜੀਤ ਠਾਕਰ, ਮਲਕੀਤ ਸਿੰਘ ਅੱਪਰਾ, ਰਗਜੀਤ ਸਿੰਘ, ਕਮਲਦੇਵ ਸਿੰਘ, ਸੂਰਤੀ ਲਾਲ ਭੋਗਪੁਰ, ਵਿਨੋਦ ਭੱਟੀ, ਗੁਰਿੰਦਰ ਸਿੰਘ ਜਲੰਧਰ, ਜਤਿੰਦਰ ਸਿੰਘ, ਬਲਵੀਰ ਭਗਤ, ਮੁਲਖ ਰਾਜ,ਰਤਨ ਸਿੰਘ, ਗੁਰਚਰਨ ਸਿੰਘ, ਬੂਟਾ ਰਾਮ ਅਕਲਪੁਰ, ਸੰਦੀਪ ਰਾਜੋਵਾਲ, ਰਾਜਿੰਦਰ ਸਿੰਘ ਭੋਗਪੁਰ, ਰਾਜਿੰਦਰ ਸਿੰਘ ਸ਼ਾਹਕੋਟ ਆਦਿ ਸਾਥੀ ਹਾਜਰ ਹੋਏ।

ਸੰਸਦ ਮੈਂਬਰਾਂ ਵੱਲੋਂ ਮਾਨਸੂਨ ਤੋਂ ਪਹਿਲਾਂ ਹੜ੍ਹਾਂ ਤੋਂ ਸੁਰੱਖਿਆ ਸੰਬੰਧੀ ਕਾਰਜਾਂ ਦੀ ਸਮੀਖਿਆ

ਜਲੰਧਰ (ਸ਼ੈਲੀ ਐਲਬਰਟ) - ਲੋਕ ਸਭਾ ਮੈਂਬਰ ਸੁਸ਼ੀਲ ਕੁਮਾਰ ਰਿੰਕੂ ਅਤੇ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਐਤਵਾਰ ਨੂੰ ਧੁੱਸੀ ਬੰਨ੍ਹ ਦੇ ਨਾਲ-ਨਾਲ ਹੜ੍ਹ ਸੰਭਾਵਿਤ ਇਲਾਕਿਆਂ ਦਾ ਤੂਫ਼ਾਨੀ ਦੌਰਾ ਕੀਤਾ, ਜਿੱਥੇ ਉਨ੍ਹਾਂ ਵੱਲੋਂ ਅਗਾਮੀ ਮਾਨਸੂਨ ਸੀਜ਼ਨ ਨੂੰ ਧਿਆਨ ਵਿੱਚ ਰੱਖਦਿਆਂ ਚੱਲ ਰਹੇ ਹੜ੍ਹ ਰੋਕੂ ਕਾਰਜਾਂ ਦਾ ਜਾਇਜ਼ਾ ਲਿਆ ਗਿਆ। ਦੋਵਾਂ ਸੰਸਦ ਮੈਂਬਰਾਂ ਨੇ ਕਿਸੇ ਵੀ ਅਣਸੁਖਾਵੀਂ ਸਥਿਤੀ ਨਾਲ ਨਜਿੱਠਣ ਲਈ ਤਿਆਰੀਆਂ ਦਾ ਜਾਇਜ਼ਾ ਲਿਆ ਅਤੇ ਚੱਲ ਰਹੇ ਹੜ੍ਹ ਰੋਕੂ ਕਾਰਜਾਂ ਦਾ ਨਿਰੀਖਣ ਕਰਨ ਲਈ ਸੰਵੇਦਨਸ਼ੀਲ ਥਾਵਾਂ ਦਾ ਦੌਰਾ ਕੀਤਾ। ਦੋਵਾਂ ਵੱਲੋਂ ਗਿੱਦੜਪਿੰਡੀ ਅਤੇ ਜਾਨੀਆ ਪਿੰਡਾਂ ਦਾ ਦੌਰਾ ਕੀਤਾ ਗਿਆ, ਜਿੱਥੇ ਉਨ੍ਹਾਂ ਨੇ ਧੁੱਸੀ ਬੰਨ੍ਹ 'ਤੇ ਮਜ਼ਬੂਤੀਕਰਨ ਅਤੇ ਸਫਾਈ ਦੇ ਚੱਲ ਕੰਮਾਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ। ਰਿੰਕੂ ਅਤੇ ਸੰਤ ਸੀਚੇਵਾਲ ਨੇ ਅਗਾਮੀ ਮੌਨਸੂਨ ਸੀਜ਼ਨ ਦੌਰਾਨ ਹੜ੍ਹਾਂ ਤੋਂ ਬਚਾਅ ਲਈ ਕੀਤੇ ਜਾ ਰਹੇ ਅਹਿਤਿਆਤੀ ਉਪਰਾਲਿਆਂ ਦੀ ਵੀ ਸਮੀਖਿਆ ਕੀਤੀ। ਉਨ੍ਹਾਂ

ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਬਰਸਾਤ ਸ਼ੁਰੂ ਹੋਣ ਤੋਂ ਪਹਿਲਾਂ ਹੜ੍ਹ ਰੋਕੂ ਕਾਰਜ ਮੁਕੰਮਲ ਕਰ ਲਏ ਜਾਣ ਤਾਂ ਜੋ ਲੋਕਾਂ ਨੂੰ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ।ਉਨ੍ਹਾਂ ਦੱਸਿਆ ਕਿ ਡਰੇਨੇਜ ਵਿਭਾਗ ਨੂੰ ਡਰੇਨਾਂ ਦੀ ਸਫਾਈ ਦੇ ਕੰਮ ਨੂੰ ਸਮੇਂ ਸਿਰ ਮੁਕੰਮਲ ਕਰਨ ਦੇ ਨਾਲ-ਨਾਲ ਨਾਜ਼ੁਕ ਖੇਤਰਾਂ ਨੂੰ ਮਜ਼ਬੂਤ ਕਰਨ ਦੇ ਨਿਰਦੇਸ਼ ਦਿੱਤੇ ਜਾ ਚੁੱਕੇ ਹਨ। ਸੰਸਦ ਮੈਂਬਰਾਂ ਨੂੰ ਜਾਣੂ ਕਰਵਾਇਆ ਗਿਆ ਕਿ ਪ੍ਰਸ਼ਾਸਨ ਵੱਲੋਂ ਇਸ ਸਾਲ ਲਈ ਹੜ੍ਹ ਰੋਕੂ ਕਾਰਜ ਯੋਜਨਾ ਪਹਿਲਾਂ ਹੀ ਤਿਆਰ ਕੀਤੀ ਜਾ ਚੁੱਕੀ ਹੈ ਅਤੇ ਕੁਝ ਦਿਨਾਂ ਵਿੱਚ ਸਬ ਡਵੀਜ਼ਨ ਅਤੇ ਜ਼ਿਲ੍ਹਾ ਪੱਧਰ 'ਤੇ ਹੜ੍ਹ ਕੰਟਰੋਲ ਰੂਮ ਸਥਾਪਤ ਕਰ ਦਿੱਤਾ ਜਾਵੇਗਾ।

ਸੰਧਵਾਂ ਨੂੰ ਨਰਸਿੰਗ ਕਾਲਜਾਂ ਦੀਆਂ ਮੁਸ਼ਕਲਾਂ ਸੰਬੰਧੀ ਸੂਬਾਈ ਪ੍ਰਧਾਨ ਨੇ ਸੌਂਪਿਆ ਮੰਗ ਪੱਤਰ

ਚੰਡੀਗੜ੍ਹ, (ਗੁਰਜੀਤ ਬਿੱਲਾ)-ਪੰਜਾਬ ਭਰ ਦੇ ਨਰਸਿੰਗ ਕਾਲਜਾਂ ਦੀਆਂ ਮੁਸ਼ਕਲਾਂ ਤੋਂ ਜਾਣੂ ਕਰਵਾਉਣ ਸੰਬੰਧੀ ਨਰਸਿੰਗ ਟ੍ਰੇਨਿੰਗ ਇੰਸਟੀਚਿਊਟ ਐਸੋਸੀਏਸ਼ਨ ਪੰਜਾਬ ਦੇ ਪ੍ਰਧਾਨ ਡਾ. ਮਨਜੀਤ ਸਿੰਘ ਢਿੱਲੋਂ ਨੇ ਪਿਛਲੇ ਦਿਨੀਂ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੂੰ ਮੰਗ ਪੱਤਰ ਸੌਂਪਿਆ। ਸਪੀਕਰ ਸੰਧਵਾਂ ਨਾਲ ਮੀਟਿੰਗ ਦੌਰਾਨ ਡਾ. ਢਿੱਲੋਂ ਨੇ ਦੱਸਿਆ ਕਿ ਕੋਵਿਡ ਤੋਂ ਬਾਅਦ ਮਹਿਸੂਸ ਹੋਇਆ ਕਿ ਸਿਰਫ ਭਾਰਤ ਦੇਸ਼ ਨੂੰ ਹੀ 40 ਲੱਖ ਤੋਂ ਜ਼ਿਆਦਾ ਨਰਸਾਂ ਦੀ ਜ਼ਰੂਰਤ ਹੈ ਅਤੇ ਵਿਦੇਸ਼ਾਂ 'ਚ ਵੀ ਨਰਸਿੰਗ ਦੀਆਂ ਡਿਗਰੀਆਂ ਪ੍ਰਾਪਤ ਕਰਨ ਵਾਲੇ ਨੌਜਵਾਨਾਂ ਦੀ ਮੰਗ ਵਧ ਰਹੀ ਹੈ, ਇਸ ਲਈ ਨਰਸਿੰਗ ਦੇ ਕਿੱਤੇ ਨੂੰ ਨੌਜਵਾਨ ਅਹਿਮੀਅਤ ਦੇ ਰਹੇ ਹਨ ਅਤੇ ਇਹ ਪੰਜਾਬ ਭਰ ਵਿੱਚ ਉੱਭਰ ਕੇ ਸਾਹਮਣੇ ਆ ਰਿਹਾ ਹੈ। ਉਨ੍ਹਾ ਦੱਸਿਆ ਕਿ ਪਿਛਲੇ ਦਿਨੀਂ ਬਾਬਾ ਫਰੀਦ ਹੈਲਥ ਐਂਡ ਸਾਇੰਸਿਜ਼ ਯੂਨੀਵਰਸਿਟੀ ਫਰੀਦਕੋਟ ਵੱਲੋਂ ਨਰਸਿੰਗ ਦੀ ਪੜ੍ਹਾਈ ਕਰਨ ਵਾਲੇ ਹਰ ਵਿਦਿਆਰਥੀ ਲਈ ਟੈਸਟ ਜ਼ਰੂਰੀ ਕਰ ਦਿੱਤਾ ਗਿਆ ਹੈ, ਜਿਸ ਨਾਲ ਪੰਜਾਬ ਤੋਂ ਇਲਾਵਾ ਗੁਆਂਢੀ ਰਾਜਾਂ ਜੰਮੂ-ਕਸ਼ਮੀਰ, ਹਿਮਾਚਲ ਪ੍ਰਦੇਸ਼, ਹਰਿਆਣਾ, ਰਾਜਸਥਾਨ

ਸਮੇਤ ਦਿੱਲੀ, ਯੂ.ਪੀ, ਬਿਹਾਰ, ਮਹਾਰਾਸ਼ਟਰ ਅਤੇ ਆਂਧਰਾ ਪ੍ਰਦੇਸ਼ ਦੇ ਵਿਦਿਆਰਥੀ ਪੰਜਾਬ 'ਚ ਆਉਣ ਤੋਂ ਸੰਕੋਚ ਕਰਨਗੇ। ਇਸ ਨਾਲ ਜਿੱਥੇ ਸਰਕਾਰ ਦੀ ਕਰੋੜਾਂ ਰੁਪਏ ਦੀ ਆਮਦਨ ਪ੍ਰਭਾਵਿਤ ਹੋਵੇਗੀ, ਉੱਥੇ ਨਰਸਿੰਗ ਕਾਲਜ ਵੀ ਆਰਥਕ ਸੰਕਟ ਦਾ ਸ਼ਿਕਾਰ ਹੋ ਸਕਦੇ ਹਨ। ਨਰਸਿੰਗ ਕਾਲਜਾਂ ਸੰਬੰਧੀ ਮੰਗਾਂ ਨੂੰ ਧਿਆਨ ਨਾਲ ਸੁਣਦਿਆਂ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਵਿਸ਼ਵਾਸ ਦਿਵਾਇਆ ਕਿ ਉਹ ਇਸ ਮੁੱਦੇ ਬਾਰੇ ਛੇਤੀ ਹੀ ਸੂਬੇ ਦੇ ਮੁੱਖ ਮੰਤਰੀ ਅਤੇ ਸਿਹਤ ਮੰਤਰੀ ਨਾਲ ਗੱਲਬਾਤ ਕਰਕੇ ਸਮੱਸਿਆ ਦਾ ਹੱਲ ਕਰਵਾਉਣਗੇ।

ਸ਼ਹੀਦੀ ਪੁਰਬ ਨੂੰ ਸਮਰਪਤ ਠੰਢੇ ਮਿੱਠੇ ਜਲ ਦੀ ਛਬੀਲ ਲਗਾਈ

ਟਾਂਡਾ ਉੜਮੁੜ, (ਜਸਵਿੰਦਰ ਸੰਧੂ, ਉਂਕਾਰ ਸਿੰਘ)- ਸ਼ਹੀਦਾਂ ਦੇ ਸਰਤਾਜ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਪੁਰਬ ਨੂੰ ਸਮਰਪਤ ਗੁਰਦੁਆਰਾ ਸ੍ਰੀ ਸਿੰਘ ਸਭਾ ਦਸ਼ਮੇਸ਼ ਨਗਰ ਪ੍ਰਬੰਧਕ ਕਮੇਟੀ ਤੇ ਬਾਬਾ ਜ਼ੋਰਾਵਰ ਸਿੰਘ ਸਭਾ ਵੱਲੋਂ ਟਾਂਡਾ-ਖੱਖ ਰੋਡ 'ਤੇ ਦਸ਼ਮੇਸ਼ ਨਗਰ ਵਿਖੇ ਠੰਢੇ-ਮਿੱਠੇ ਜਲ ਦੀ ਛਬੀਲ ਲਗਾਈ ਗਈ। ਇਸ ਮੌਕੇ ਪ੍ਰਧਾਨ ਗੁਰਦੀਪ ਸਿੰਘ, ਸ਼ਰਧਾ ਸਿੰਘ, ਹਰਵਿੰਦਰ ਸਿੰਘ, ਸੁਰਜੀਤ ਸਿੰਘ, ਮਨਜੀਤ ਸਿੰਘ, ਸੁਖਵਿੰਦਰ ਰਤਨ, ਮਾਸਟਰ ਜਸਵੀਰ ਸਿੰਘ, ਅਮਰਜੀਤ ਸਿੰਘ, ਹਰਦਿਆਲ ਸਿੰਘ, ਦਵਿੰਦਰ ਸਿੰਘ, ਅਰਸ਼ਪ੍ਰੀਤ ਸਿੰਘ ,ਜਸਪ੍ਰੀਤ ਸਿੰਘ, ਗੁਰਪ੍ਰੀਤ ਸਿੰਘ, ਹਰਦੀਪ ਸਿੰਘ, ਹਰਜਾਪ ਸਿੰਘ, ਹਰਮਨਦੀਪ ਸਿੰਘ, ਜਗਦੀਪ ਸਿੰਘ, ਕੁਲਦੀਪ ਸਿੰਘ,ਕਰਨਵੀਰ ਸਿੰਘ ਆਦਿ ਹਾਜ਼ਰ ਸਨ।

ਮੂਸੇਵਾਲਾ ਦੀ ਯਾਦ 'ਚ ਖੂਨਦਾਨ ਕੈਂਪ ਲਗਾਇਆ

ਟਾਂਡਾ ਉੜਮੁੜ, (ਜਸਵਿੰਦਰ ਸੰਧੂ, ਉਂਕਾਰ ਸਿੰਘ)- ਪੰਜਾਬੀ ਗਾਇਕ ਸਿੱਧੂ ਮੂਸੇ ਵਾਲਾ ਦੀ ਯਾਦ ਨੂੰ ਸਮਰਪਤ ਪਿੰਡ ਜਲਾਲਪੁਰ ਵਿਖੇ ਦੂਸਰਾ ਖੂਨਦਾਨ ਕੈਂਪ ਲਗਾਇਆ ਗਿਆ। ਕਮਲ ਫਿਟਨੈੱਸ ਸੈਂਟਰ ਮਿਆਣੀ, ਰਜਤ ਫੋਟੋ ਸਟੂਡੀਓ, ਹੈਪੀ ਸਟੂਡਿਓ, ਤਨਿਸ਼ਕ ਜਿਊਲਰਸ ਵੱਲੋਂ ਲਗਾਏ ਗਏ ਇਸ ਕੈਂਪ ਦਾ ਉਦਘਾਟਨ ਆਪ ਪਾਰਟੀ ਦੇ ਸੀਨੀਅਰ ਆਗੂ ਜਸਵੰਤ ਸਿੰਘ ਬਿੱਟੂ ਜਲਾਲਪੁਰ ਨੇ ਕੀਤਾ ਤੇ ਖੂਨਦਾਨ ਕੈਂਪ ਦੇ ਪ੍ਰਬੰਧਕਾਂ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ। ਬਿੱਟੂ ਜਲਾਲਪੁਰ ਨੇ ਕਿਹਾ ਕਿ ਸਾਡੇ ਵੱਲੋਂ ਦਾਨ ਕੀਤਾ ਗਿਆ ਖੂਨ ਔਖੇ ਸਮੇਂ ਵਿਚ ਕਿਸੇ ਲੋੜਵੰਦ ਦੀ ਜਾਨ ਬਚਾਉਣ ਵਿੱਚ ਸਹਾਈ ਹੋ ਸਕਦਾ ਹੈ, ਇਸ ਲਈ ਸਾਨੂੰ ਸਮੇਂ-ਸਮੇਂ 'ਤੇ ਖੂਨਦਾਨ ਕਰਦੇ ਰਹਿਣਾ ਚਾਹੀਦਾ ਹੈ। ਇਸ ਕੈਂਪ ਦੌਰਾਨ ਦੋਆਬਾ ਹਸਪਤਾਲ ਜਲੰਧਰ ਦੀ ਟੀਮ ਨੇ ਆਪਣੀਆਂ ਸੇਵਾਵਾਂ ਪ੍ਰਦਾਨ ਕਰਦੇ ਹੋਏ ਕਰੀਬ 66 ਯੂਨਿਟ ਖੂਨ ਇਕੱਤਰ ਕੀਤਾ। ਕੈਂਪ ਦੀ ਸਮਾਪਤੀ 'ਤੇ ਖੂਨਦਾਨੀਆਂ ਅਤੇ ਦੁਆਬਾ ਹਸਪਤਾਲ ਦੀ ਟੀਮ ਨੂੰ ਪਿੰਡ ਵਾਸੀਆਂ ਵੱਲੋਂ ਸਨਮਾਨਤ ਕੀਤਾ ਗਿਆ। ਇਸ ਮੌਕੇ ਲਖਵਿੰਦਰ ਸਿੰਘ ਸੋਠੀ, ਮਨਦੀਪ ਸਿੰਘ, ਗੁਰਮੁੰਡੇਰ ਸਿੰਘ, ਬਾਬੂ ਜਲਾਲਪੁਰ, ਨਾਨਕਵੀਰ ਆਦਿ ਵੀ ਹਾਜ਼ਰ ਸਨ।

ਨਸ਼ੀਲੇ ਪਦਾਰਥ ਸਮੇਤ ਸਮਗਲਰ ਗ੍ਰਿਫਤਾਰ, 5 ਸਾਥੀ ਨਾਮਜ਼ਦ

ਟਾਂਡਾ ਉੜਮੁੜ (ਜਸਵਿੰਦਰ ਸੰਧੂ, ਉਂਕਾਰ ਸਿੰਘ)-ਸਥਾਨਕ ਪੁਲਸ ਨੇ ਨਸ਼ੀਲੇ ਪਦਾਰਥ ਸਮੇਤ ਇਕ ਸਮਗਲਰ ਨੂੰ ਗ੍ਰਿਫਤਾਰ ਕੀਤਾ ਹੈ ਤੇ ਉਸਦੇ 5 ਸਾਥੀਆਂ ਨੂੰ ਨਾਮਜ਼ਦ ਕੀਤਾ। ਇੰਸਪੈਕਟਰ ਉਕਾਰ ਸਿੰਘ ਬਰਾੜ ਮੁੱਖ ਅਫਸਰ ਥਾਣਾ ਟਾਂਡਾ ਜ਼ਿਲ੍ਹਾ ਹੁਸ਼ਿਆਰਪੁਰ ਨੇ ਦੱਸਿਆ ਕਿ ਏ.ਐਸ.ਆਈ ਮਦਨ ਸਿੰਘ ਚੌਕੀ ਸਰਾਂ ਸਮੇਤ ਪੁਲਸ ਪਾਰਟੀ ਗਸ਼ਤ ਦੌਰਾਨ ਮੇਨ ਜੀ.ਟੀ ਰੋਡ ਪਿੰਡ ਢੱਟਾ ਪੁੱਲੀ ਮੌਜੂਦ ਸੀ ਕਿ ਪਿੰਡ ਹੰਬੜਾ ਵਲੋਂ ਪੈਦਲ ਆਉਂਦੇ ਇਕ ਨੌਜਵਾਨ ਨੂੰ ਕਾਬੂ ਕੀਤਾ ਜਿਸ ਪਾਸੋਂ 152 ਗ੍ਰਾਮ ਨਸ਼ੀਲਾ ਪਦਾਰਥ ਬ੍ਰਾਮਦ ਹੋਇਆ। ਜਿਸਦੀ ਪਛਾਣ ਸੂਰਜ ਪੁੱਤਰ ਮਲਕੀਤ ਰਾਮ ਵਾਸੀ ਨੰਗਲ ਜਮਾਲ ਥਾਣਾ ਟਾਂਡਾ ਜ਼ਿਲ੍ਹਾ ਹੁਸਿਆਰਪੁਰ ਵਜੋਂ ਹੋਈ ਹੈ। ਪੁੱਛ ਗਿੱਛ 'ਤੇ ਇਸ ਦੇ 5 ਸਾਥੀਆ ਨੂੰ ਵੀ ਮੁਕੱਦਮੇ ਵਿਚ ਨਾਮਜ਼ਦ ਕੀਤਾ ਗਿਆ ਹੈ।

ਅਸ਼ਵਨੀ ਸ਼ਰਮਾ ਨੇ ਸ਼ਾਹ ਦੀ ਰੈਲੀ ਦੀਆਂ ਤਿਆਰੀਆਂ ਦਾ ਲਿਆ ਜਾਇਜ਼ਾ

ਜਲੰਧਰ (ਸ਼ੈਲੀ ਐਲਬਰਟ) - : ਕੇਂਦਰ ਸਰਕਾਰ ਦੀਆਂ 9 ਸਾਲਾਂ ਦੀਆਂ ਪ੍ਰਾਪਤੀਆਂ ਨੂੰ ਪੰਜਾਬ ਵਿੱਚ ਲੋਕਾਂ ਤੱਕ ਪਹੁੰਚਾਉਣ ਲਈ ਭਾਜਪਾ ਪੰਜਾਬ ਦੇ ਸੂਬਾ ਪ੍ਰਧਾਨ ਅਸ਼ਵਨੀ ਸ਼ਰਮਾ ਦੇ ਸੱਦੇ 'ਤੇ ਸ਼ੁਰੂ ਕੀਤੀ ਗਈ 'ਮਹਾਂ-ਜਨ ਸੰਪਰਕ ਮੁਹਿੰਮ' ਤਹਿਤ ਭਾਜਪਾ ਦੇ ਵਰਕਰ ਪੰਜਾਬ ਭਰ ਵਿੱਚ ਦੂਰ-ਦੁਰਾਡੇ ਘਰਾਂ ਦੇ ਦਰਵਾਜ਼ੇ ਖੜਕਾ ਕੇ ਕੇਂਦਰ ਸਰਕਾਰ ਦੀਆਂ ਪ੍ਰਾਪਤੀਆਂ ਅਤੇ ਲੋਕ ਭਲਾਈ ਸਕੀਮਾਂ ਬਾਰੇ ਲੋਕਾਂ ਨੂੰ ਜਾਣੂ ਕਰਵਾ ਰਹੇ ਹਨ। ਇਸੇ ਲੜੀ ਤਹਿਤ ਪੰਜਾਬ ਵਿੱਚ ਕੇਂਦਰੀ ਮੰਤਰੀਆਂ ਵੱਲੋਂ ਹਰ ਜ਼ਿਲ੍ਹੇ ਵਿੱਚ ਪ੍ਰੈਸ ਕਾਨਫਰੰਸ ਕਰਕੇ ਕੇਂਦਰ ਸਰਕਾਰ ਦੀਆਂ ਪ੍ਰਾਪਤੀਆਂ ਨੂੰ ਲੋਕਾਂ ਸਾਹਮਣੇ ਰੱਖਿਆ ਜਾ ਰਿਹਾ ਹੈ। ਭਾਜਪਾ ਦੇ ਕੌਮੀ ਪੱਧਰ ਦੇ ਆਗੂ ਵੱਖ-ਵੱਖ ਸੰਸਦੀ ਸੀਟਾਂ 'ਤੇ ਰੈਲੀਆਂ ਕਰਕੇ ਐਨਡੀਏ ਸਰਕਾਰ ਦੀਆਂ ਪ੍ਰਾਪਤੀਆਂ ਦਾ ਰਿਪੋਰਟ ਕਾਰਡ ਜਨਤਾ ਦੇ ਸਾਹਮਣੇ ਪੇਸ਼ ਕਰ ਰਹੇ ਹਨ। ਗੁਰਦਾਸਪੁਰ 'ਚ ਹੋਣ ਵਾਲੀ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਰੈਲੀ ਦੀਆਂ ਤਿਆਰੀਆਂ ਦਾ ਜਾਇਜਾ ਲੈਣ ਲਈ ਭਾਜਪਾ ਸੂਬਾ ਪ੍ਰਧਾਨ ਅਸ਼ਵਨੀ ਸ਼ਰਮਾ ਵਿਸ਼ੇਸ਼ ਰੂਪ 'ਚ ਰੈਲੀ ਸਥਲ 'ਤੇ ਪੁੱਜੇ ਅਤੇ ਉਹਨਾਂ ਤਿਆਰੀਆਂ ਦਾ ਜਾਇਜਾ ਲਿਆ। ਇਸ ਮੌਕੇ ਉਹਨਾਂ ਦੇ ਨਾਲ ਸੰਗਠਨ ਮਹਾਮੰਤਰੀ ਸ਼੍ਰੀਮੰਥਰੀ ਸ਼੍ਰੀਨਿਵਾਸੁਲੂ, ਸੂਬਾ ਜਨਰਲ ਸਕੱਤਰ ਰਾਜੇਸ਼ ਬਾਘਾ, ਜ਼ਿਲ੍ਹਾ ਪ੍ਰਭਾਰੀ ਅਤੇ ਸਾਬਕਾ ਸੀਪੀਐਸ ਕੇਡੀ ਭੰਡਾਰੀ, ਭਾਜਪਾ ਗੁਰਦਾਸਪੁਰ ਦੇ ਜ਼ਿਲ੍ਹਾ ਪ੍ਰਧਾਨ ਸ਼ਿਵਬਿਰ ਸਿੰਘ ਰਾਜਨ ਅਤੇ ਹੋਰ ਭਾਜਪਾ ਆਗੂ ਵੀ ਮੌਜੂਦ ਸਨ। ਅਸ਼ਵਨੀ ਸ਼ਰਮਾ ਨੇ ਕਿਹਾ ਕਿ ਮੋਦੀ ਸਰਕਾਰ ਦੇ 9 ਸਾਲ ਸੇਵਾ ਸੁਸ਼ਾਸਨ ਅਤੇ ਗ਼ਰੀ

13-JUNE-PAGE-10.qxd 6/12/2023 10:24 PM Page 1

ਪਹਿਲਵਾਨਾਂ ਨੂੰ ਇਨਸਾਫ ਦਿਵਾਉਣ ਤੱਕ ਸੰਘਰਸ਼ ਰਹੇਗਾ ਜਾਰੀ : ਮਨਜੀਤ ਧਨੇਰ

ਡੱਲੇਵਾਲ ਨੂੰ ਅਲਵਿਦਾ ਆਖ ਵੱਡੀ ਗਿਣਤੀ ਆਗੂ ਤੇ ਵਰਕਰ ਭਾਕਿਯੂ (ਏਕਤਾ) ਡਕੌਂਦਾ 'ਚ ਹੋਏ ਸ਼ਾਮਲ

ਮਾਨਸਾ (ਆਤਮਾ ਸਿੰਘ ਪਮਾਰ)-ਮਾਨਸਾ ਦੀ ਨਵੀਂ ਅਨਾਜ ਮੰਡੀ ਵਿੱਚ ਸੂਬਾ ਕਾਰਜਕਾਰੀ ਪ੍ਰਧਾਨ ਮਨਜੀਤ ਸਿੰਘ ਧਨੇਰ ਦੀ ਅਗਵਾਈ 'ਚ ਭਾਰਤੀ ਕਿਸਾਨ ਯੂਨੀਅਨ (ਏਕਤਾ) ਡਕੌਂਦਾ ਵੱਲੋਂ ਇੱਕ ਕਨਵੈਨਸ਼ਨ ਰੱਖੀ ਗਈ ਸੀ, ਜਿਸ ਵਿੱਚ ਵੱਡੀ ਗਿਣਤੀ 'ਚ ਕਿਸਾਨ, ਮਜ਼ਦੂਰ ਤੇ ਔਰਤਾਂ ਨੇ ਵੀ ਹਿੱਸਾ ਲਿਆ। ਕਨਵੈਨਸ਼ਨ ਦੀ ਸ਼ੁਰੂਆਤ ਕਿਸਾਨ ਲਹਿਰ ਦੇ ਸ਼ਹੀਦਾਂ ਤੇ ਵਿੱਛੜੇ ਆਗੂਆਂ ਨੂੰ ਇੱਕ ਮਿੰਟ ਦਾ ਮੌਨ ਧਾਰ ਕੇ ਸ਼ਰਧਾਂਜਲੀ ਦੇਣ ਉਪਰੰਤ ਕੀਤੀ ਗਈ। ਇਸ ਮੌਕੇ ਬੋਲਦਿਆਂ ਸੂਬਾ ਜਨਰਲ ਸਕੱਤਰ ਹਰਨੇਕ ਸਿੰਘ ਮਹਿਮਾ ਨੇ ਕਿਹਾ ਕਿ ਸਮੁੱਚੇ ਵਰਗ ਨੂੰ ਗੁਰੂ ਨਾਨਕ ਦੇਵ ਜੀ ਦੇ ਦਿੱਤੇ ਫਲਸਫੇ ਉੱਤੇ ਚੱਲ ਕੇ ਜ਼ੁਲਮ ਵਿਰੁੱਧ ਆਵਾਜ਼ ਉਠਾਉਣੀ ਚਾਹੀਦੀ ਹੈ। ਉਨ੍ਹਾ ਕੇਂਦਰ ਸਰਕਾਰ ਉੱਤੇ ਤੰਜ ਕਸਦਿਆਂ ਕਿਹਾ ਕਿ ਮਨੂੰ ਸਿਮਰਤੀ ਦੇ ਸਿਧਾਂਤ ਨੂੰ ਮੁੱਢੋਂ ਖਾਰਿਜ ਕਰਨਾ ਚਾਹੀਦਾ ਹੈ ਤਾਂ ਕਿ ਫਾਸ਼ੀਵਾਦ ਤਾਕਤਾਂ ਨੂੰ ਮੋੜਾ ਦੇ ਕੇ ਕਿਰਤੀ ਵਰਗ ਇੱਕ ਮੁੱਠ ਹੋ ਕੇ ਲੜ ਸਕੇ, ਜੋ ਕਿ ਸਮੇਂ ਦੀ ਮੁੱਖ ਲੋੜ ਹੈ। ਸੂਬਾ ਮੀਤ ਪ੍ਰਧਾਨ ਹਰੀਸ਼ ਨੱਢਾ ਨੇ ਸਾਹਬਾਦ ਵਿਖੇ ਐੱਮ ਐੱਸ ਪੀ ਦੀ ਮੰਗ ਨੂੰ ਲੈ ਕੇ ਲੜ ਰਹੇ ਕਿਸਾਨਾਂ ਉੱਤੇ ਹੋਏ ਲਾਠੀਚਾਰਜ ਦੀ ਨਿਖੇਧੀ ਕੀਤੀ। ਇਸ ਮੌਕੇ ਵਿਸ਼ਾਲ ਇਕੱਠ ਵਿੱਚ ਪਾਸ ਕੀਤੇ ਗਏ ਮਤਿਆਂ 'ਚ ਹਰਿਆਣਾ ਦੀ ਖੱਟਰ ਸਰਕਾਰ ਵੱਲੋਂ ਐੱਮ ਐੱਸ ਪੀ ਦੀ ਮੰਗ ਲਈ ਲੜ ਰਹੇ ਕਿਸਾਨਾਂ 'ਤੇ ਅੰਨ੍ਹੇਵਾਹ ਲਾਠੀਚਾਰਜ ਕਰਨ ਦੀ ਨਿਖੇਧੀ ਕਰਦੇ ਹੋਏ ਗ੍ਰਿਫਤਾਰ ਕਿਸਾਨਾਂ ਦੀ ਤੁਰੰਤ ਰਿਹਾਈ ਤੇ ਝੂਠੇ ਕੇਸ ਵਾਪਸ ਲੈਣ ਦੀ ਮੰਗ ਕੀਤੀ ਗਈ। ਦੂਸਰੇ ਮਤੇ ਰਾਹੀਂ

ਪਹਿਲਵਾਨ ਲੜਕੀਆਂ ਨੂੰ ਇਨਸਾਫ ਦਿਵਾਉਣ ਲਈ ਬ੍ਰਿਜ ਭੂਸ਼ਣ ਸ਼ਰਨ ਸਿੰਘ ਨੂੰ ਤੁਰੰਤ ਗ੍ਰਿਫਤਾਰ ਕਰਕੇ ਸਾਰੇ ਅਹੁਦਿਆਂ ਤੋਂ ਬਰਖਾਸਤ ਕੀਤਾ ਜਾਵੇ। ਇਸੇ ਤਰ੍ਹਾਂ ਮਨੁੱਖੀ ਅਧਿਕਾਰਾਂ ਦੀ ਕਾਰਕੁਨ ਤੇ ਪੂਰੀ ਜ਼ਿੰਦਗੀ ਲੋਕ ਕਲਾ ਦੇ ਲੇਖੇ ਲਾਉਣ ਵਾਲੇ ਭਾਅ ਗੁਰਸ਼ਰਨ ਸਿੰਘ ਦੀ ਸਪੁੱਤਰੀ ਡਾਕਟਰ ਨਵਸ਼ਰਨ ਕੌਰ ਨੂੰ ਕੇਂਦਰੀ ਏਜੰਸੀਆਂ ਵੱਲੋਂ ਤੰਗ ਪ੍ਰੇਸ਼ਾਨ ਕਰਨ ਦੀ ਵੀ ਪੁਰਜ਼ੋਰ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ। ਇਸ ਸਮੇਂ ਮਾਨਸਾ ਜ਼ਿਲ੍ਹੇ ਵਿੱਚੋਂ ਲਖਵੀਰ ਸਿੰਘ ਅਕਲੀਆ ਦੀ ਅਗਵਾਈ ਵਿੱਚ ਵੱਡੀ ਗਿਣਤੀ ਕਿਸਾਨਾਂ ਨੇ ਸਿੱਧੂਪੁਰ ਜਥੇਬੰਦੀ ਨੂੰ ਛੱਡ ਕੇ ਮਨਜੀਤ ਸਿੰਘ ਧਨੇਰ ਦੀ ਅਗਵਾਈ ਕਬੂਲਦਿਆਂ ਡਕੌਂਦਾ ਜਥੇਬੰਦੀ ਵਿੱਚ ਸ਼ਾਮਲ ਹੋ ਗਏ। ਮਨਜੀਤ ਧਨੇਰ ਨੇ ਇਨ੍ਹਾਂ ਸਾਥੀਆਂ ਦਾ ਸਵਾਗਤ ਕਰਦਿਆਂ ਜਥੇਬੰਦੀ 'ਚ ਬਣਦਾ ਮਾਣ ਸਤਿਕਾਰ ਦੇਣ ਦਾ ਵਾਅਦਾ ਵੀ ਕੀਤਾ। ਉਪਰੰਤ ਜ਼ਿਲ੍ਹੇ ਭਰ ਦੇ ਕਿਸਾਨਾਂ ਵੱਲੋਂ ਨੌਜਵਾਨ ਆਗੂ ਲਖਵੀਰ ਸਿੰਘ ਅਕਲੀਆ ਨੂੰ ਸਰਬਸੰਮਤੀ ਨਾਲ ਕਾਰਜਕਾਰੀ ਜ਼ਿਲ੍ਹਾ ਪ੍ਰਧਾਨ ਨਿਯੁਕਤ ਕੀਤਾ ਗਿਆ ਤੇ ਜਗਦੇਵ ਸਿੰਘ ਕੋਟਲੀ ਨੂੰ ਜ਼ਿਲ੍ਹਾ ਕਮੇਟੀ 'ਚ ਸ਼ਾਮਲ ਕੀਤਾ ਗਿਆ। ਇਸ ਮੌਕੇ ਸੂਬਾ ਪ੍ਰਧਾਨ ਮਨਜੀਤ ਸਿੰਘ ਧਨੇਰ ਵੱਲੋਂ ਮੱਖਣ ਸਿੰਘ ਭੈਣੀ ਬਾਘਾ ਤੇ ਸਾਬਕਾ ਜ਼ਿਲ੍ਹਾ ਪ੍ਰਧਾਨ ਮਹਿੰਦਰ ਸਿੰਘ ਦਿਆਲਪੁਰਾ ਨੂੰ ਸੂਬਾ ਕਾਰਜਕਾਰਨੀ 'ਚ ਸ਼ਾਮਲ ਕਰਨ ਦਾ ਐਲਾਨ ਕੀਤਾ ਗਿਆ। ਸੂਬਾ ਆਗੂ ਕੁਲਵੰਤ ਸਿੰਘ ਕਿਸ਼ਨਗੜ੍ਹ ਨੇ ਵੀ ਜ਼ਿਲ੍ਹਾ ਜਥੇਬੰਦੀ 'ਚ ਮੱਖਣ ਸਿੰਘ ਭੈਣੀ ਬਾਘਾ ਤੇ ਲਖਵੀਰ ਸਿੰਘ ਅਕਲੀਆ ਦੀ ਅਗਵਾਈ ਵਿੱਚ ਸ਼ਾਮਲ ਹੋਏ ਆਗੂ, ਵਰਕਰਾਂ ਤੇ ਕਿਸਾਨਾਂ ਦਾ ਧੰਨਵਾਦ ਕੀਤਾ। ਇਸ ਉਪਰੰਤ ਲਖਵੀਰ ਸਿੰਘ ਅਕਲੀਆ ਦੀ ਅਗਵਾਈ ਵਿੱਚ ਸਮੁੱਚੀ ਜ਼ਿਲ੍ਹਾ ਕਮੇਟੀ ਵੱਲੋਂ ਤਨਦੇਹੀ ਨਾਲ ਆਪਣੀ ਜ਼ਿੰਮੇਵਾਰੀ ਨਿਭਾਉਣ ਦਾ ਅਹਿਦ ਕੀਤਾ ਗਿਆ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਜਥੇਬੰਦੀ ਦੇ ਸੀਨੀਅਰ ਮੀਤ ਪ੍ਰਧਾਨ ਗੁਰਦੀਪ ਸਿੰਘ ਰਾਮਪੁਰਾ, ਸੂਬਾ ਵਿੱਤ ਸਕੱਤਰ ਬਲਵੰਤ ਸਿੰਘ ਉੱਪਲੀ ਤੇ ਜ਼ਿਲ੍ਹਾ ਆਗੂਆਂ ਮਹਿੰਦਰ ਸਿੰਘ ਦਿਆਲਪੁਰਾ, ਜ਼ਿਲ੍ਹਾ ਸਕੱਤਰ ਬਲਵਿੰਦਰ ਸ਼ਰਮਾ ਖਿਆਲਾ, ਮੀਤ ਪ੍ਰਧਾਨ ਬਲਕਾਰ ਸਿੰਘ ਚਹਿਲ, ਗੁਰਜੰਟ ਸਿੰਘ ਮੰਘਾਣੀਆਂ, ਰਾਮਫਲ ਸਿੰਘ ਬਹਾਦਰਪੁਰ ਸਮੇਤ ਬਲਵਿੰਦਰ ਕੌਰ ਭੈਣੀ ਬਾਘਾ, ਵਰਿਆਮ ਸਿੰਘ ਖਿਆਲਾ ਆਦਿ ਨੇ ਵੀ ਸੰਬੋਧਨ ਕੀਤਾ।

ਐੱਨ ਆਰ ਆਈ ਨੂੰ ਬਣਦਾ ਇਨਸਾਫ ਮਿਲਣਾ ਚਾਹੀਦੈ : ਕਲੇਰ, ਮੱਲਾ

- ਐੱਨ ਆਰ ਆਈ ਵੱਲੋਂ ਲਾਏ ਇਲਜ਼ਾਮਾਂ ਦੀ ਪੁਲਸ ਡੂੰਘਾਈ ਨਾਲ ਜਾਂਚ ਕਰੇ : ਮਲਕ, ਡੱਲਾ, ਸਿੱਧੂ

ਜਗਰਾਓਂ (ਅਮਿਤ ਖੰਨਾ)-ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਵਿਧਾਇਕ ਤੇ ਹਲਕਾ ਇੰਚਾਰਜ ਐੱਸ ਆਰ ਕਲੇਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੁਲਸ ਪ੍ਰਸ਼ਾਸਨ ਐੱਨ ਆਰ ਆਈ ਦੀ ਕੋਠੀ 'ਤੇ ਹੋਏ ਕਬਜ਼ੇ ਦੀ ਡੂੰਘਾਈ ਨਾਲ ਜਾਂਚ ਕਰੇ ਕਿ ਕੋਠੀ ਦਾ ਅਸਲ ਮਾਲਕ ਕੌਣ ਹੈ? ਕੋਠੀ ਕਿਸ ਵਿਅਕਤੀ ਵੱਲੋਂ ਕਰਾਏ 'ਤੇ ਦਿੱਤੀ ਗਈ ਸੀ? ਕਿਸ ਨਾਲ ਤੇ ਕਦੋਂ ਇਕਰਾਰਨਾਮਾ ਹੋਇਆ ਤੇ ਇਸ ਦਾ ਕਿਰਾਇਆ ਕੌਣ ਲੈ ਰਿਹਾ ਸੀ?

ਇਸ ਕੋਠੀ ਦੇ ਰਸਤੇ 'ਤੇ ਜੋ ਸੜਕ ਬਣਾਈ ਗਈ ਹੈ, ਉਸ ਸਬੰਧੀ ਨਗਰ ਕੌਂਸਲ ਵੱਲੋਂ ਰੈਜ਼ੂਲੂਸ਼ਨ ਕਦੋਂ ਪਾਸ ਹੋਇਆ, ਟੈਂਡਰ ਕਦੋਂ ਲੱਗੇ ਤੇ ਕੰਮ ਕਦੋਂ ਤੇ ਕਿਸ ਨੂੰ ਅਲਾਟ ਕੀਤਾ ਗਿਆ ਅਤੇ ਕਿਸ ਏਜੰਸੀ ਜਾਂ ਠੇਕੇਦਾਰ ਨੇ ਕੰਮ ਕੀਤਾ ਹੈ, ਇਸ ਕੋਠੀ ਉਪਰ ਬਿਜਲੀ ਦਾ ਮੀਟਰ ਕਿਸ ਦੇ ਨਾਮ 'ਤੇ ਕਦੋਂ ਲਗਾਇਆ ਗਿਆ ਸੀ? ਇਸ ਸਭ ਦੀ ਜਾਂਚ ਜਲਦ ਕੀਤੀ ਜਾਵੇ ਤਾਂ ਜੋ ਵੀ ਅਧਿਕਾਰੀ ਤੇ ਕੋਠੀ 'ਤੇ ਕਬਜ਼ਾ ਕਰਨ ਵਾਲਾ ਦੋਸ਼ੀ ਪਾਇਆ ਜਾਂਦਾ ਹੈ, ਉਸ ਉਪਰ ਸਖ਼ਤ ਕਨੂੰਨੀ ਕਾਰਵਾਈ ਕੀਤੀ ਜਾਵੇ ਤੇ ਕੋਠੀ ਨੂੰ ਖਾਲੀ ਕਰਵਾ ਕੇ ਇਸ ਦਾ ਕਬਜ਼ਾ ਅਸਲ ਮਾਲਕ ਨੂੰ ਦਿੱਤਾ ਜਾਵੇ। ਇਸ ਮੌਕੇ ਐੱਸ ਆਰ ਕਲੇਰ ਨੇ ਲੰਮੇ ਸਮੇਂ ਤੋਂ ਪੰਜਾਬ 'ਚੋਂ ਬਾਹਰ ਰਹਿ ਰਹੇ ਐੱਨ ਆਰ ਆਈ ਪਰਿਵਾਰਾਂ ਨੂੰ ਬੇਨਤੀ ਕੀਤੀ ਹੈ ਕਿ ਉਹ ਆਪੋ ਆਪਣੀਆਂ ਪ੍ਰਾਪਰਟੀਆਂ ਦੀ ਦੇਖ ਭਾਲ ਆਪਣੀ ਨਿਗਰਾਨੀ ਹੇਠ ਰੱਖਣ ਤੇ ਕਿਸੇ ਜ਼ੁੰਮੇਵਾਰ ਇਮਾਨਦਾਰ ਨੂੰ ਹੀ ਪੂਰੀ ਕਾਗਜ਼ੀ ਕਾਰਵਾਈ ਕਰਕੇ ਇਸ ਦੀ ਜ਼ਿੰਮੇਵਾਰੀ ਸੌਂਪਣ, ਕਿਉਂਕਿ ਹੁਣ ਪੰਜਾਬ 'ਚ ਐੱਨ ਆਰ ਆਈਜ਼ ਦੀਆਂ ਜਾਇਦਾਦਾਂ 'ਤੇ ਕਬਜ਼ੇ ਕਰਨ ਦਾ ਰੁਝਾਨ ਸਿਖਰਾਂ 'ਤੇ ਹੈ।

ਕਾਤਰਾਂ

ਬੀਕੇਯੂ ਡਕੌਂਦਾ ਵੱਲੋਂ ਭਾਗੋਕੇ ਇਕਾਈ ਦਾ ਗਠਨ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਵੱਲੋਂ ਜਨਰਲ ਸਕੱਤਰ ਗੁਲਜ਼ਾਰ ਸਿੰਘ ਕਬਰਵੱਛਾ ਦੀ ਪ੍ਰਧਾਨਗੀ ਹੇਠ ਕਿਸਾਨਾਂ ਦੀ ਇੱਕ ਮੀਟਿੰਗ ਪਿੰਡ ਭਾਗੋ ਕੇ ਵਿਖੇ ਬੁਲਾਈ ਗਈ, ਜਿਸ ਵਿੱਚ ਕਿਸਾਨਾਂ ਨੂੰ ਆ ਰਹੀਆਂ ਮੁਸ਼ਕਲਾਂ ਤੋਂ ਜਾਣੂ ਕਰਵਾਇਆ ਗਿਆ।ਮੀਟਿੰਗ ਵਿੱਚ ਪਿੰਡ ਭਾਗੋ ਕੇ ਦੀ 11 ਮੈਂਬਰੀ ਇਕਾਈ ਦਾ ਗਠਨ ਕੀਤਾ ਗਿਆ।ਇਸ ਮੌਕੇ ਜ਼ਿਲ੍ਹਾ ਕਮੇਟੀ ਮੈਂਬਰ ਦਿਲਬਾਗ ਸਿੰਘ ਢਿੱਲੋਂ ਸੁਰ ਸਿੰਘ ਵਾਲਾ, ਜ਼ਿਲ੍ਹਾ ਕਮੇਟੀ ਮੈਂਬਰ ਸ਼ਮਸ਼ੇਰ ਸਿੰਘ ਸ਼ਹਿਜ਼ਾਦੀ, ਬਲਾਕ ਪ੍ਰਧਾਨ ਪ੍ਰਨੀਤ ਸਿੰਘ ਭੜਾਣਾ, ਬਲਾਕ ਮੀਤ ਪ੍ਰਧਾਨ ਬਲਜਿੰਦਰ ਸਿੰਘ ਬੂੜੇ ਵਾਲਾ, ਡਾ. ਪਰਮਜੀਤ ਸਿੰਘ ਬਲਾਕ ਪ੍ਰੈੱਸ ਸਕੱਤਰ, ਪ੍ਰੀਤਮ ਸਿੰਘ ਜਥੇਦਾਰ, ਗੁਰਜੀਤ ਸਿੰਘ ਅਲੀਪੁਰ ਬਲਾਕ ਜ਼ੀਰਾ ਕੈਸ਼ੀਅਰ, ਇਕਾਈ ਪ੍ਰਧਾਨ ਸਰਵਨ ਸਿੰਘ, ਮੀਤ ਪ੍ਰਧਾਨ ਰਾਜਨਦੀਪ ਸਿੰਘ, ਜਰਨਲ ਸਕੱਤਰ ਸੁਖਦੀਪ ਸਿੰਘ, ਪ੍ਰੈੱਸ ਸਕੱਤਰ ਪਰਮਿੰਦਰ ਸਿੰਘ, ਕੈਸ਼ੀਅਰ ਗੁਰਪ੍ਰੀਤ ਸਿੰਘ, ਮੈਂਬਰ ਮਨਜੀਤ ਸਿੰਘ ਮੰਨਾ, ਕੁਲਵਿੰਦਰ ਸਿੰਘ, ਰਸ਼ਪਾਲ ਸਿੰਘ, ਰਣਜੀਤ ਸਿੰਘ ਰਾਣਾ, ਅਮਨਦੀਪ ਸਿੰਘ, ਅੰਮ੍ਰਿਤਪਾਲ ਸਿੰਘ ਆਦਿ ਹਾਜ਼ਰ ਸਨ।

ਮਾਲਵਾ ਲਿਖਾਰੀ ਸਭਾ ਵੱਲੋਂ ਪੁਰਸਕਾਰਾਂ ਦਾ ਐਲਾਨ

ਸੰਗਰੂਰ (ਪ੍ਰਵੀਨ ਸਿੰਘ)-ਮਾਲਵਾ ਲਿਖਾਰੀ ਸਭਾ ਸੰਗਰੂਰ (ਰਜਿ:) ਦੀ ਸਿਟੀ ਪਾਰਕ ਸੰਗਰੂਰ ਵਿਖੇ ਕਰਮ ਸਿੰਘ ਜ਼ਖਮੀ ਦੀ ਪ੍ਰਧਾਨਗੀ ਵਿੱਚ ਹੋਈ ਕਾਰਜਕਾਰਨੀ ਦੀ ਇਕੱਤਰਤਾ ਵਿੱਚ ਸਰਬਸੰਮਤੀ ਨਾਲ ਫੈਸਲਾ ਕੀਤਾ ਗਿਆ ਕਿ ਡਾ. ਪ੍ਰੀਤਮ ਸੈਣੀ ਵਾਰਤਕ ਪੁਰਸਕਾਰ ਗਿਆਨੀ ਜੰਗੀਰ ਸਿੰਘ ਰਤਨ ਨੂੰ, ਸ੍ਰੀ ਮੇਘ ਗੋਇਲ ਯਾਦਗਾਰੀ ਗਲਪ ਪੁਰਸਕਾਰ ਸ੍ਰ. ਬਿੰਦਰ ਸਿੰਘ ਖੁੱਡੀ ਕਲਾਂ ਨੂੰ ਅਤੇ ਕਵੀ ਗੁਰਬੀਰ ਸਿੰਘ ਬੀਰ ਵਿਰਾਸਤੀ ਪੁਰਸਕਾਰ ਧਨੌਲੇ ਵਾਲੇ ਪਾਠਕ ਭਰਾਵਾਂ ਦੇ ਕਵੀਸ਼ਰੀ ਜੱਥੇ ਨੂੰ ਦਿੱਤਾ ਜਾਵੇਗਾ। ਇਹ ਪੁਰਸਕਾਰ 25 ਜੂਨ ਵਾਰ ਨੂੰ ਹੋਟਲ ਈਟਿੰਗ ਮਾਲ ਸੰਗਰੂਰ ਵਿਖੇ ਹੋਣ ਵਾਲੇ ਸਭਾ ਦੇ ਦਸਵੇਂ ਸਥਾਪਨਾ ਦਿਵਸ ਨੂੰ ਸਮਰਪਤ ਸਮਾਗਮ ਵਿੱਚ ਦਿੱਤੇ ਜਾਣਗੇ। ਇਸ ਮੌਕੇ ਬਾਲ ਸਾਹਿਤ ਨੂੰ ਉਤਸ਼ਾਹਤ ਕਰਨ ਲਈ ਬਾਲ-ਕਵੀ ਪੁਰਸਕਾਰ ਸ਼ੁਰੂ ਕਰਨ ਬਾਰੇ ਵੀ ਵਿਚਾਰ-ਚਰਚਾ ਕੀਤੀ ਗਈ। ਇਕੱਤਰਤਾ ਵਿੱਚ ਡਾ. ਇਕਬਾਲ ਸਿੰਘ ਸਕਰੰਦੀ, ਦਲਬਾਰ ਸਿੰਘ ਚੱਠੇ ਸੇਖਵਾਂ, ਰਜਿੰਦਰ ਸਿੰਘ ਰਾਜਨ, ਸੁਖਵਿੰਦਰ ਸਿੰਘ ਲਟੇ, ਜਗਜੀਤ ਸਿੰਘ ਲੱਡਾ, ਧਰਮਵੀਰ ਸਿੰਘ, ਗੁਰਮੀਤ ਸਿੰਘ ਸੋਹੀ, ਜਸਪਾਲ ਸਿੰਘ ਸੰਧੂ, ਸੁਰਜੀਤ ਸਿੰਘ ਮੌਜੀ, ਅਮਨ ਜੱਖਲਾਂ, ਜੱਗੀ ਮਾਨ ਤੇ ਪਰਮਜੀਤ ਕੌਰ ਸੰਗਰੂਰ ਆਦਿ ਸਾਹਿਤਕਾਰਾਂ ਨੇ ਹਿੱਸਾ ਲਿਆ।

ਮਲੇਰੀਆ ਸੰਬੰਧੀ ਲੋਕਾਂ ਨੂੰ ਕੀਤਾ ਜਾਗਰੂਕ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਸਿਹਤ ਵਿਭਾਗ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਮਿੰਨੀ ਪੀ ਐੱਚ ਸੀ ਲੱਲੇ ਵਿਖੇ ਮਲੇਰੀਆ ਜਾਗਰੂਕਤਾ ਕੈਂਪ ਲਾਇਆ ਗਿਆ।ਕੈਂਪ ਸਬੰਧੀ ਜਾਣਕਾਰੀ ਦਿੰਦਿਆਂ ਸਿਹਤ ਵਿਭਾਗ ਦੇ ਗੁਰਦੇਵ ਸਿੰਘ ਮਲਟੀਪਰਪਜ਼ ਹੈਲਥ ਵਰਕਰ ਨੇ ਦੱਸਿਆ ਕਿ ਮਲੇਰੀਆ ਬੁਖਾਰ ਮਾਦਾ ਮੱਛਰ ਐਨਾਫਲੀਜ਼ ਦੇ ਕੱਟਣ ਨਾਲ ਹੁੰਦਾ ਹੈ।ਇਸ ਦੇ ਲੱਛਣ ਜਿਵੇਂ ਕਿ ਠੰਢ ਤੇ ਕਾਂਬੇ ਨਾਲ ਬੁਖਾਰ, ਤੇਜ਼ ਬੁਖਾਰ ਤੇ ਸਿਰ ਦਰਦ, ਬੁਖਾਰ ਉਤਰਨ ਤੋਂ ਬਾਅਦ ਥਕਾਵਟ ਤੇ ਪਸੀਨਾ ਆਉਣਾ ਇਸ ਦੇ ਮੁੱਖ ਲੱਛਣ ਹਨ।ਅਜਿਹਾ ਹੋਣ 'ਤੇ ਨੇੜਲੇ ਸਿਹਤ ਕੇਂਦਰ 'ਤੇ ਪਹੁੰਚ ਕੇ ਖੂਨ ਦੀ ਜਾਂਚ ਕਰਵਾਉਣੀ ਚਾਹੀਦੀ ਹੈ। ਇਸ ਦਾ ਟੈਸਟ ਤੇ ਇਲਾਜ ਸਰਕਾਰੀ ਹਸਪਤਾਲਾਂ 'ਚ ਬਿਲਕੁਲ ਮੁਫ਼ਤ ਕੀਤਾ ਜਾਂਦਾ ਹੈ।ਇਸ ਮੌਕੇ ਡਾ. ਤਾਨੀਆ ਐੱਮ ਓ, ਪੂਰਨੀਮਾ ਪੀ ਓ, ਰੁਪਿੰਦਰ ਕੌਰ ਸੀ ਐੱਚ ਓ, ਬੇਅੰਤ ਕੌਰ, ਸੁਰਿੰਦਰ ਕੌਰ, ਅਮਰਜੀਤ ਕੌਰ ਹੈੱਡ ਟੀਚਰ, ਮਲਕੀਤ ਕੌਰ, ਜਗਦੀਪ ਕੌਰ ਆਦਿ ਪਿੰਡ ਵਾਸੀ ਹਾਜ਼ਰ ਸਨ।

ਇੰਪਲਾਈਜ਼ ਫੈਡਰੇਸ਼ਨ ਵੱਲੋਂ ਚੀਫ਼ ਇੰਜ. ਪੱਛਮੀ ਜ਼ੋਨ ਨਾਲ ਮੀਟਿੰਗ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਪੰਜਾਬ ਰਾਜ ਬਿਜਲੀ ਬੋਰਡ ਇੰਪਲਾਈਜ਼ ਫੈਡਰੇਸ਼ਨ ਦਾ ਵਫ਼ਦ ਦੀ ਮੀਟਿੰਗ ਚੀਫ਼ ਇੰਜੀਨੀਅਰ ਪੱਛਮੀ ਜ਼ੋਨ ਨਾਲ ਮੀਟਿੰਗ ਹੋਈ।ਫੈਡਰੇਸ਼ਨ ਦੇ ਜ਼ੋਨ ਪ੍ਰਧਾਨ ਬਲਕਾਰ ਸਿੰਘ ਭੁੱਲਰ ਨੇ ਦੱਸਿਆ ਕਿ ਮੀਟਿੰਗ 'ਚ ਕਰਮਚਾਰੀਆਂ ਦੇ ਚੀਫ਼ ਦਫ਼ਤਰ ਨਾਲ ਸਬੰਧਤ ਮਸਲੇ ਵਿਚਾਰੇ ਗਏ ਤੇ ਪਿਛਲੇ ਸਮੇਂ 'ਚ ਕਿਸੇ ਕਾਰਨਾਂ ਕਰਕੇ ਕਰਮਚਾਰੀਆਂ ਦੀਆਂ ਬਦਲੀਆਂ ਨਹੀਂ ਹੋ ਸਕੀਆਂ ਸਨ, 'ਤੇ ਵਿਚਾਰਾਂ ਕੀਤੀਆਂ ਗਈਆਂ। ਉਨ੍ਹਾਂ ਦੱਸਿਆ ਕਿ ਜਥੇਬੰਦੀ ਵੱਲੋਂ ਕੁਝ ਦਿਨਾਂ ਬਾਅਦ ਫਿਰ ਚੀਫ਼ ਇੰਜ. ਪੱਛਮੀ ਨਾਲ ਮੀਟਿੰਗ ਕੀਤੀ ਜਾਵੇਗੀ।ਇਸ ਮੌਕੇ ਵਫ਼ਦ 'ਚ ਬਲਜੀਤ ਸਿੰਘ ਮੋਦਲਾ ਜਰਨਲ ਸਕੱਤਰ ਪੰਜਾਬ, ਜਸਵਿੰਦਰ ਸਿੰਘ ਬਰਗਾੜੀ ਪੰਜਾਬ ਮੀਤ ਪ੍ਰਧਾਨ, ਸੁਖਦੇਵ ਸਿੰਘ ਬੱਗੀ ਪੱਤਨੀ ਸਲਾਹਕਾਰ ਪੰਜਾਬ, ਅਸ਼ਵਨੀ ਕੁਮਾਰ ਸਰਕਲ ਪ੍ਰਧਾਨ, ਗੁਰਪ੍ਰੀਤ ਸਿੰਘ ਡਾਲਾ ਸਰਕਲ ਪ੍ਰਧਾਨ, ਅਰੁਨ ਕੁਮਾਰ ਸਰਕਲ ਪ੍ਰਧਾਨ, ਪ੍ਰਗਟ ਸਿੰਘ ਸਕੱਤਰ, ਜਸਵੀਰ ਸਿੰਘ ਬਰਾੜ ਮੀਤ ਪ੍ਰਧਾਨ, ਬਸੰਤ ਸਿੰਘ, ਨਛੱਤਰ ਸਿੰਘ ਰਣੀਆ ਆਦਿ ਆਗੂਆਂ ਨੇ ਮੀਟਿੰਗ 'ਚ ਸ਼ਮੂਲੀਅਤ ਕੀਤੀ।

ਸਿਹਤ ਵਿਭਾਗ ਵੱਲੋਂ ਕੌਮਾਂਤਰੀ ਯੋਗਾ ਦਿਵਸ ਸੰਬੰਧੀ 5 ਦਿਨਾ ਟ੍ਰੇਨਿੰਗ ਵਰਕਸ਼ਾਪ

- ਹਰ ਘਰ ਦੇ ਵੇਹੜੇ 'ਚ ਯੋਗ ਪਹੁੰਚਾਉਣ ਲਈ ਆਸ਼ਾ ਵਰਕਰਾਂ ਨੂੰ ਕਰਵਾਈ ਜਾ ਰਹੀ ਹੈ ਯੋਗ ਟ੍ਰੇਨਿੰਗ : ਡਾ. ਸਿੰਗਲਾ
- ਬਿਮਾਰੀਆਂ ਤੋਂ ਬਚਣ ਲਈ ਸਵੇਰੇ ਇੱਕ ਘੰਟਾ ਯੋਗਾ ਤੇ ਸੈਰ ਜ਼ਰੂਰ ਕਰਨੀ ਚਾਹੀਦੀ : ਡਾ. ਰਵੀ ਡੂਮਰਾ

ਮੁਕਤਸਰ (ਸ਼ਮਿੰਦਰਪਾਲ, ਪੂਜਾ)-ਪੰਜਾਬ ਸਰਕਾਰ ਲੋਕਾਂ ਨੂੰ ਤੰਦਰੁਸਤ ਰੱਖਣ ਲਈ ਲਗਾਤਾਰ ਉਪਰਾਲੇ ਕਰ ਰਹੀ, ਜਿਸ ਦੇ ਤਹਿਤ ਰੰਜੂ ਸਿੰਗਲਾ ਸਿਵਲ ਸਰਜਨ ਸ੍ਰੀ ਮੁਕਤਸਰ ਸਾਹਿਬ ਦੀ ਯੋਗ ਅਗਵਾਈ ਵਿੱਚ ਅੰਤਰਰਾਸ਼ਟਰੀ ਯੋਗਾ ਦਿਵਸ ਸਬੰਧੀ ਸਿਵਲ ਹਸਪਤਾਲ ਸ੍ਰੀ ਮੁਕਤਸਰ ਸਾਹਿਬ ਵਿਖੇ ਜ਼ਿਲ੍ਹਾ ਆਯੁਰਵੈਦਿਕ ਤੇ ਯੂਨਾਨੀ ਅਫਸਰ ਡਾ. ਰਵੀ ਡੂਮਰਾ ਦੇ ਸਹਿਯੋਗ ਨਾਲ ਫੀਲਡ ਸਟਾਫ ਨੂੰ ਯੋਗਾ ਸਿਖਾਉਣ ਸਬੰਧੀ 5 ਦਿਨਾ ਟ੍ਰੇਨਿੰਗ ਵਰਕਸ਼ਾਪ

13-June-PAGE-11.qxd 6/12/2023 10:31 PM Page 1

ਨਜ਼ਰਬੰਦ ਕੀਤੇ ਕਿਸਾਨਾਂ ਨੂੰ ਤਰੁੰਤ ਰਿਹਾਅ ਕੀਤਾ ਜਾਵੇ : ਮਾਣੋਚਾਹਲ, ਸ਼ਕਰੀ

ਪੱਟੀ, ਤਰਨ ਤਾਰਨ (ਬਲਦੇਵ ਸਿੰਘ ਕਿਰਤੋਵਾਲ /ਸ਼ਮਸ਼ੇਰ ਸਿੰਘ ਯੋਧਾ, ਪ੍ਰਿਤਪਾਲ ਸਿੰਘ) - ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਜਿਲ੍ਹਾ ਤਰਨ ਤਾਰਨ ਵਿਖੇ ਜਿਲ੍ਹਾ ਪ੍ਰਧਾਨ ਸਤਨਾਮ ਸਿੰਘ ਮਾਣੋਚਾਹਲ, ਜਿਲ੍ਹਾ ਸਕੱਤਰ ਅਤੇ ਸੂਬਾ ਆਗੂ ਹਰਜਿੰਦਰ ਸਿੰਘ ਸਕਰੀ, ਸੂਬਾ ਆਗੂ ਤੇ ਜਿਲ੍ਹਾ ਇੰਚਾਰਜ ਹਰਪ੍ਰੀਤ ਸਿੱਧਵਾਂ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਜਿਲ੍ਹੇ ਦੇ ਵੱਖ-ਵੱਖ ਥਾਵਾਂ 'ਤੇ ਜਿਲ੍ਹਾ ਸੀਨੀਅਰ ਮੀਤ ਪ੍ਰਧਾਨ ਜਰਨੈਲ ਸਿੰਘ ਨੂਰਦੀ, ਜਿਲ੍ਹਾ ਮੀਤ ਪ੍ਰਧਾਨ ਦਿਆਲ ਸਿੰਘ ਮੀਆਂ ਵਿੰਡ, ਰੇਸਮ ਸਿੰਘ ਘੁਰਕਵਿੰਡ, ਜਿਲ੍ਹਾ ਪ੍ਰੈਸ ਸਕੱਤਰ ਪ੍ਰਿੰਸੀਪਲ ਨਵਤੇਜ ਸਿੰਘ ਏਕਲ ਗੱਡਾ, ਰਣਜੋਧ ਸਿੰਘ ਗੱਗੋਬੂਆ ਦੀ ਅਗਵਾਈ ਹੇਠ ਸੂਬਾ ਸਰਕਾਰ ਦੇ ਪੁਤਲੇ ਫੂਕੇ ਗਏ। ਜਿਲ੍ਹਾ ਫਾਜ਼ਿਲਕਾ ਦੇ ਪਿੰਡ ਸਲੇਮਸ਼ਾਹ, ਬਸਤੀ ਸਲੇਮਸ਼ਾਹ ਦੇ ਕਿਸਾਨਾਂ ਮਜ਼ਦੂਰਾਂ ਵੱਲੋਂ ਪਿਛਲੇ 70, 75 ਸਾਲਾਂ ਤੋਂ ਵੱਧ ਸਮਾਂ ਪਹਿਲਾਂ 300 ਏਕੜ ਤੋਂ ਵੱਧ ਬੇ ਅਬਾਦ ਜ਼ਮੀਨ, ਅਬਾਦ ਕੀਤੀ ਗਈ ਸੀ ਜਿਸ 'ਚ ਉਹ ਪੱਕੇ ਤੌਰ 'ਤੇ ਕਾਬਜ਼ ਹਨ। ਲੰਮੇ ਸਮੇਂ ਤੋਂ ਇਸ ਜ਼ਮੀਨ 'ਤੇ ਖੇਤੀ ਕਰ ਰਹੇ ਹਨ। ਹੁਣ ਉਸ ਜ਼ਮੀਨ 'ਤੇ ਮੌਜੂਦਾ ਪੰਜਾਬ ਸਰਕਾਰ ਧੱਕੇਸ਼ਾਹੀ ਨਾਲ ਕਬਜਾ ਕਰਨਾ ਚਾਹੁੰਦੀ ਹੈ। ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਵੱਲੋਂ ਉਸ ਦਾ ਵਿਰੋਧ ਕੀਤਾ ਜਾ ਰਿਹਾ ਸੀ, ਜਿਸ ਕਾਰਨ ਪੰਜਾਬ ਸਰਕਾਰ ਦੇ ਆਦੇਸ਼ਾਂ 'ਤੇ ਉੱਥੋਂ ਦੇ ਪ੍ਰਸ਼ਾਸਨ ਨੇ ਜਿਲ੍ਹਾ ਫਾਜ਼ਿਲਕਾ ਦੇ ਪ੍ਰਧਾਨ ਜਗਦੀਸ਼ ਮਾਨਸਾ, ਪਰਮਜੀਤ ਸਿੰਘ ਤੇ 35 ਤੋਂ 40 ਆਗੂ ਘਰਾਂ 'ਚ ਨਜਰਬੰਦ ਕੀਤੇ ਹਨ, ਜਿਸ 'ਚ 15 ਬੀਬੀਆ ਵੀ ਸ਼ਾਮਲ ਹਨ। ਇਸੇ ਮਸਲੇ ਨੂੰ ਲੈ ਕੇ ਕਿਸਾਨ ਮਜਦੂਰ ਸੰਘਰਸ਼ ਕਮੇਟੀ ਪੰਜਾਬ ਦੀ ਕੋਰ ਕਮੇਟੀ ਦੀ ਅਮਰਜੈਸੀ ਮੀਟਿੰਗ ਚਲ ਰਹੀ ਹੈ। ਆਗੂਆਂ ਨੇ ਸਰਕਾਰ ਨੂੰ ਚਿਤਾਵਨੀ ਦਿੱਦਿਆ ਕਿਹਾ ਕਿ ਸਾਡੇ ਸਾਰੇ ਕਿਸਾਨ, ਮਜ਼ਦੂਰ, ਬੀਬੀਆਂ ਬਿਨਾ ਸ਼ਰਤ ਰਿਹਾਅ ਕੀਤੇ ਜਾਣ। ਜ਼ਮੀਨ ਤੇ ਸਰਕਾਰ ਜੋ ਦਖਲਅੰਦਾਜੀ ਕਰ ਰਹੀ ਹੈ, ਨੂੰ ਤਰੁੰਤ ਬੰਦ ਕੀਤਾ ਜਾਵੇ, ਨਹੀਂ ਤਾਂ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੀ ਕੋਰ ਕਮੇਟੀ ਵੱਲੋਂ ਸੂਬੇ 'ਚ ਵੱਡੀ ਪੱਧਰ 'ਤੇ ਧਰਨੇ, ਮੁਜਾਹਰੇ ਤੇ ਫਾਜਲਿਕਾ ਵਿਖੇ ਲੱਗੇ ਪੱਕੇ ਮੋਰਚੇ ਦੇ ਨਾਲ ਨਾਲ ਸਰਕਾਰ ਵਿਰੁੱਧ ਵੱਡੀ ਪੱਧਰ 'ਤੇ ਵਿਰੋਧ ਕੀਤਾ ਜਾਵੇਗਾ। ਜਿਲ੍ਹਾ ਪ੍ਰਧਾਨ ਸਤਨਾਮ ਸਿੰਘ ਮਾਣੋਚਾਹਲ ਤੇ ਸੂਬਾ ਆਗੂ ਤੇ ਜਿਲ੍ਹਾ ਸਕੱਤਰ ਹਰਜਿੰਦਰ ਸਿੰਘ ਸਕਰੀ ਨੇ ਕਿਹਾ ਕਿ ਭਾਰਤ ਮਾਲਾਂ ਪ੍ਰੋਜੈਕਟ ਅਧੀਨ ਜੋ ਸਰਕਾਰ ਨੇ ਕਿਸਾਨਾਂ ਦੀ ਜ਼ਮੀਨ ਐਕਵਾਇਰ ਕੀਤੀ ਹੈ, ਉਸ ਦਾ ਯੋਗ ਮੁਆਵਜ਼ਾ ਦਿੱਤੇ ਬਿਨਾ ਸਰਕਾਰ ਜ਼ਮੀਨਾਂ 'ਤੇ ਕਬਜਾ ਕਰਨਾ ਚਾਹੁੰਦੀ ਹੈ। ਕਿਸਾਨ ਮਜਦੂਰ ਸੰਘਰਸ਼ ਕਮੇਟੀ ਪੰਜਾਬ ਨੇ ਸਰਕਾਰ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਸਰਕਾਰ ਦੀ ਕਿਸਾਨਾਂ ਵਿਰੁੱਧ ਕਿਸੇ ਵੀ ਸਾਜਿਸ਼ ਨੂੰ ਕਾਮਜਾਬ ਨਹੀਂ ਹੋਣ ਦਿੱਤਾ ਜਾਵੇਗਾ ਅਤੇ ਕਿਸੇ ਵੀ ਕਿਸਾਨ ਦੇ ਲਏ ਹੋਏ ਪੈਸੇ ਸਰਕਾਰ ਨੂੰ ਵਾਪਸ ਨਹੀਂ ਕੀਤੇ ਜਾਣਗੇ। ਇਸ ਮੌਕੇ ਆਗੂ ਸਲਵਿੰਦਰ ਸਿੰਘ ਜੀਉਬਾਲਾ, ਸਲਵਿੰਦਰ ਸਿੰਘ ਡਾਲੇਕੇ, ਪਰਮਜੀਤ ਸਿੰਘ ਛੀਨਾ, ਗੁਰਜੀਤ ਸਿੰਘ ਗੰਡੀਵਿੰਡ, ਕੁਲਵਿੰਦਰ ਸਿੰਘ ਕੈਰੋਵਾਲ, ਧੰਨਾਂ ਸਿੰਘ ਲਾਲੂਘੁਮਣ, ਮਨਜਿੰਦਰ ਸਿੰਘ ਗੋਹਲਵੜ, ਹਰਦੀਪ ਸਿੰਘ ਜੋਹਲ, ਸੁਖਵਿੰਦਰ ਸਿੰਘ ਦੁੱਗਲਵਾਲਾ, ਬਲਜਿੰਦਰ ਸਿੰਘ ਸੈਰੋ, ਹਰਪ੍ਰੀਤ ਸਿੰਘ ਭੁੱਚਰ, ਸਰਵਣ ਸਿੰਘ ਵਲੀਪੁਰ, ਇਕਬਾਲ ਸਿੰਘ ਵੜਿੰਗ, ਪਾਖਰ ਸਿੰਘ ਲਾਲਪੁਰ, ਭਗਵਾਨ ਸਿੰਘ ਸੰਘਰ, ਮੁਖਤਾਰ ਸਿੰਘ ਬਿਹਾਰੀਪੁਰ, ਸਤਨਾਮ ਸਿੰਘ ਖੋਜਕੀਪੁਰ, ਕੁਲਵੰਤ ਸਿੰਘ ਭੈਲ, ਜਵਾਹਰ ਸਿੰਘ ਟਾਂਡਾ, ਅਜੀਤ ਸਿੰਘ ਚੰਬਾ, ਨਿਰਵੈਲ ਸਿੰਘ ਧੁੰਨ, ਕੁਲਵੰਤ ਸਿੰਘ ਢੋਟੀਆਂ, ਗੁਰਭੇਜ ਸਿੰਘ ਧਾਰੀਵਾਲ,ਸਵਰਨ ਸਿੰਘ ਹਰੀਕੇ, ਮੇਹਰ ਸਿੰਘ ਤਲਵੰਡੀ, ਸੁਖਦੇਵ ਸਿੰਘ ਦੁਬਲੀ, ਦਿਲਬਾਗ ਸਿੰਘ ਪਹੁਵਿੰਡ, ਸੁੱਚਾ ਸਿੰਘ ਵੀਰਮ, ਨਰੰਜਣ ਸਿੰਘ ਬਰਗਾੜੀ, ਬਿਕਰਮਜੀਤ ਸਿੰਘ ਜੋੜਾਂ ਆਦਿ ਆਗੂਆਂ ਦੀ ਹਾਜਰੀ ਵਿੱਚ ਪੰਜਾਬ ਸਰਕਾਰ ਦੇ ਪੁਤਲੇ ਫੂਕੇ ਗਏ।

ਲੋਕ ਇਨਸਾਫ ਪ੍ਰੈੱਸ ਕਲੱਬ ਪੰਜਾਬ ਦੀ ਹੋਈ ਅਹਿਮ ਮੀਟਿੰਗ

ਗਹਿਰੀ ਮੰਡੀ (ਮਨਜੀਤ ਸਿੰਘ ਮਿੱਠੂ)-ਲੋਕ ਇਨਸਾਫ ਪ੍ਰੈਸ ਕਲੱਬ ਪੰਜਾਬ ਦੀ ਮੀਟਿੰਗ ਤੇਜ ਗਰੈਂਡ ਹੋਟਲ ਨੇੜੇ ਜੰਡਿਆਲਾ ਗੁਰੂ ਵਿਚ ਕੀਤੀ ਗਈ, ਜਿਸ ਵਿਚ ਕਲੱਬ ਵੱਲੋਂ ਨਵੀਆਂ ਨਿਯੁਕਤੀਆਂ ਕੀਤੀਆਂ ਗਈਆਂ। ਕਲੱਬ ਵੱਲੋਂ ਉਂਕਾਰ ਸਿੰਘ ਸੋਨੂੰ ਨੂੰ ਸਟੇਜ ਸੈਕਟਰੀ ਪੰਜਾਬ ਅਤੇ ਵਿਕਰਮਜੀਤ ਸਿੰਘ ਨੂੰ ਮਾਝਾ ਜ਼ੋਨ ਅੰਮ੍ਰਿਤਸਰ ਦਾ ਇੰਚਾਰਜ ਨਿਯੁਕਤ ਕੀਤਾ ਗਿਆ। ਉਂਕਾਰ ਸਿੰਘ ਅਤੇ ਵਿਕਰਮਜੀਤ ਸਿੰਘ ਨੇ ਮੀਟਿੰਗ ਵਿਚ ਕਿਹਾ ਕਿ ਜੋ ਵੀ ਕਲੱਬ ਵੱਲੋਂ ਸਾਨੂੰ ਜ਼ਿੰਮੇਵਾਰੀ ਦਿੱਤੀ ਗਈ ਹੈ, ਅਸੀ ਤਨਦੇਹੀ ਨਾਲ ਨਿਭਾਵਾਂਗੇ। ਪੰਜਾਬ ਪ੍ਰਧਾਨ ਜੀਵਨ ਸ਼ਰਮਾ ਅਤੇ ਪੰਜਾਬ ਸੈਕਟਰੀ ਮਨਜੀਤ ਸਿੰਘ ਮਿੱਠੂ ਨੇ ਮੀਟਿੰਗ ਦੌਰਾਨ ਪੰਜਾਬ ਦੇ ਭਖਦੇ ਮੁੱਦਿਆਂ ਦੀ ਜਾਣਕਾਰੀ ਦੱਸੀ ਅਤੇ ਪੱਤਰਕਾਰਾਂ ਨੂੰ ਆ ਰਹੀਆਂ ਮੁਸ਼ਕਲਾਂ ਦੀ ਪੰਜਾਬ ਸਰਕਾਰ ਅਤੇ ਪ੍ਰਸ਼ਾਸਨ ਨੂੰ ਅਪੀਲ ਕੀਤੀ ਕਿ ਪੱਤਰਕਾਰਤਾ ਦਾ ਮਿਆਰ ਦਿਨ ਬਦਿਨ ਗਿਰਾਵਟ ਵਿਚ ਜਾ ਰਿਹਾ ਹੈ। ਪਿਛਲੇ ਦਿਨੀਂ ਪਿੰਡ ਵਿਚ ਕਵਰੇਜ ਕਰਨ ਗਏ ਪੰਜਾਬੀ ਟ੍ਰਿਬਿਊਨ ਅਖਬਾਰ ਦੇ ਪੱਤਰਕਾਰ ਵਰਿੰਦਰਜੀਤ ਸਿੰਘ ਜਾਗੋਵਾਲ 'ਤੇ ਜਾਨਲੇਵਾ ਹਮਲਾ ਕੀਤਾ ਗਿਆ ਅਤੇ ਉਸ ਦੀ ਪੱਗ ਵੀ ਉਤਾਰੀ ਗਈ। ਇਸ ਤਰ੍ਹਾਂ ਦੀਆਂ ਘਟਨਾਵਾਂ ਅਕਸਰ ਦੇਖਣ ਨੂੰ ਮਿਲਦੀਆਂ ਹਨ। ਲੋਕ ਇਨਸਾਫ ਪ੍ਰੈਸ ਕਲੱਬ ਇਸ ਦੀ ਸਖਤ ਸ਼ਬਦਾਂ ਵਿਚ ਨਿੰਦਾ ਕਰਦੀ ਹੈ। ਇਸ ਸਮੇਂ ਪੱਤਰਕਾਰ ਬਲਰਾਜ ਸਿੰਘ, ਸੰਬੋਧ ਕੁਮਾਰ, ਮਨਜੀਤ ਸਿੰਘ ਢਿੱਲੋਂ, ਅਮਨ, ਗਗਨਦੀਪ ਸਿੰਘ, ਦੀਪਕ ਕੁਮਾਰ, ਨਿਰਮਲ ਸਿੰਘ ਮੱਲ੍ਹੀ, ਸੰਦੀਪ ਸਿੰਘ ਆਦਿ ਹਾਜ਼ਰ ਸਨ।

ਹੈਰੋਇਨ ਸਮੇਤ ਦੋ ਕਾਬੂ

ਗੁਰਦਾਸਪੁਰ, (ਜਨਕ ਮਹਾਜਨ)-ਥਾਣਾ ਸਦਰ ਗੁਰਦਾਸਪੁਰ ਦੇ ਏ.ਐਸ.ਆਈ. ਰਸ਼ਪਾਲ ਸਿੰਘ ਸਮੇਤ ਪੁਲਸ ਪਾਰਟੀ ਨਾਕਾ ਬੱਬਰੀ ਬਾਈਪਾਸ ਵਿਖੇ ਨਾਕਾਬੰਦੀ ਕਰਕੇ ਆਉਣ ਜਾਣ ਵਾਲੇ ਵਹੀਕਲਾਂ ਦੀ ਸ਼ੱਕ ਦੇ ਅਧਾਰ 'ਤੇ ਸਖਤੀ ਨਾਲ ਚੈਕਿੰਗ ਕਰ ਰਹੇ ਸੀ ਕਿ ਇੱਕ ਮੋਟਰਸਾਈਕਲ ਪੀ.ਬੀ.02- ਈ.ਐਚ. 9342 ਮਾਰਕਾ ਟੀ.ਵੀ.ਐਸ. ਅਪਾਚੀ ਬਟਾਲਾ ਸਾਈਡ ਵੱਲੋਂ ਆ ਰਿਹਾ ਸੀ, ਜਿਸ ਨੂੰ ਸ਼ੱਕ ਦੇ ਆਧਾਰ 'ਤੇ ਰੋਕ ਕੇ ਏ.ਐਸ.ਆਈ. ਹਰਜੀਤ ਸਿੰਘ ਨੂੰ ਇਤਲਾਹ ਦਿੱਤੀ ਜਿਨ੍ਹਾਂ ਨੇ ਸਮੇਤ ਪੁਲਸ ਪਾਰਟੀ ਮੌਕੇ 'ਤੇ ਪੁੱਜ ਕੇ ਉਸ ਪਾਸ ਬ੍ਰਾਮਦ ਮੋਮੀ ਲਿਫਾਫੇ ਨੂੰ ਚੈਕ ਕੀਤਾ ਜਿਸ ਵਿਚੋਂ 15 ਗ੍ਰਾਮ ਹੈਰੋਇਨ ਬਰਾਮਦ ਹੋਈ। ਇਨ੍ਹਾਂ ਦੋਸ਼ੀਆਂ ਦੀ ਪਹਿਚਾਣ ਮੋਹਿਤ ਸ਼ਰਮਾ ਪੁੱਤਰ ਰਜੇਸ਼ਪਾਲ ਸ਼ਰਮਾ, ਵਿਸ਼ਾਲ ਪੁੱਤਰ ਅਸ਼ਵਨੀ ਕੁਮਾਰ ਵਾਸੀ ਮੁਹੱਲਾ ਇਸਲਾਮਾਬਾਦ ਵਜੋਂ ਹੋਈ ਹੈ। ਪੁਲਸ ਨੇ ਉਕਤ ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਅਰੰਭ ਕਰ ਦਿੱਤੀ ਹੈ।

ਨਸ਼ੀਲੀਆਂ ਗੋਲੀਆਂ ਸਣੇ ਇੱਕ ਕਾਬੂ

ਮਜੀਠਾ (ਸੋਇਮ ਆਨੰਦ)- ਮਜੀਠਾ ਥਾਣਾ ਮੁਖੀ ਇੰਸਪੈਕਟਰ ਲਵਦੀਪ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸਬ ਇੰਸਪੈਕਟਰ ਜੰਗ ਬਹਾਦਰ ਸਿੰਘ ਦੀ ਪੁਲਸ ਪਾਰਟੀ ਵੱਲੋਂ ਪੁਲ ਸੂਆ ਨਾਗ ਕਲਾਂ ਵਿਖੇ ਨਾਕਾ ਲਗਾਇਆ ਸੀ ਕਿ ਅੰਮ੍ਰਿਤਸਰ ਵੱਲੋਂ ਗਰੇਅ ਰੰਗ ਦੀ ਐਕਟਿਵਾ 'ਤੇ ਸਵਾਰ ਇੱਕ ਮੋਨਾ ਵਿਅਕਤੀ ਆਉਂਦਾ ਦਿਸਿਆ ਤਾਂ ਪੁਲਸ ਦਾ ਨਾਕਾ ਲੱਗਾ ਵੇਖ ਕੇ ਉਹ ਐਕਟਿਵਾ ਇੱਕਦਮ ਘੁਮਾ ਕੇ ਵਾਪਸ ਅੰਮ੍ਰਿਤਸਰ ਜਾਣ ਲਈ ਮੁੜਿਆ ਤਾਂ ਪੁਲਸ ਨੇ ਸ਼ੱਕ ਦੇ ਆਧਾਰ 'ਤੇ ਉਸ ਦਾ ਪਿੱਛਾ ਕੀਤਾ ਤਾਂ ਉਕਤ ਵਿਅਕਤੀ ਨੇ ਆਪਣੀ ਐਕਟਿਵਾ ਵਿਚ ਰੱਖਿਆ ਇੱਕ ਮੋਮੀ ਲਿਫਾਫਾ ਸੜਕ 'ਤੇ ਸੁੱਟਿਆ ਜਿਸ ਵਿਚ ਪਈਆਂ ਕੁਝ ਦਵਾਈਆਂ ਖਿੱਲਰ ਗਈਆਂ, ਜਿਸ 'ਤੇ ਪੁਲਸ ਨੇ ਤੁਰੰਤ ਉਕਤ ਵਿਅਕਤੀ ਨੂੰ ਸਮੇਤ ਐਕਟਿਵਾ ਕਾਬੂ ਕਰ ਲਿਆ ਜਿਸ 'ਤੇ ਮੁਢਲੀ ਪੁੱਛਗਿੱਛ ਕਰਨ 'ਤੇ ਉਸ ਨੇ ਆਪਣਾ ਨਾਂਅ ਸਾਜਨ ਕਪੂਰ ਪੁੱਤਰ ਸੰਮੀ ਕਪੂਰ ਵਾਸੀ ਮਕਾਨ ਨੰਬਰ 2834 ਗਲੀ ਨੰਬਰ 5 ਮੁਹੱਲਾ ਤਹਿਸੀਲਪੁਰਾ ਅੰਮ੍ਰਿਤਸਰ ਦੱਸਿਆ। ਸਖਤੀ ਨਾਲ ਪੁੱਛਗਿੱਛ ਕਰਨ 'ਤੇ ਉਕਤ ਵਿਅਕਤੀ ਨੇ ਮੰਨਿਆ ਕਿ ਇਹ ਦਵਾਈਆਂ ਨਸ਼ੀਲੀਆਂ ਗੋਲੀਆਂ ਸਨ। ਉਸ ਨੇ ਇਹ ਵੀ ਮੰਨਿਆ ਕਿ ਉਸ ਕੋਲ ਸਿਰਫ ਇਹ ਨਸ਼ੀਲੀਆਂ ਗੋਲੀਆਂ ਹੀ ਹਨ, ਹੋਰ ਕੋਈ ਨਸ਼ਾ ਨਹੀਂ ਹੈ। ਪੁਲਸ ਵੱਲੋਂ 550 ਨਸ਼ੀਲੀਆਂ ਗੋਲੀਆਂ ਦੀ ਬਰਾਮਦਗੀ ਕੀਤੀ ਗਈ। ਜਿਸ 'ਤੇ ਪੁਲਸ ਨੇ ਉਕਤ ਵਿਅਕਤੀ ਸਮੇਤ ਨਸ਼ੀਲੀਆਂ ਗੋਲੀਆਂ ਦੇ ਨਾਲ ਗ੍ਰਿਫਤਾਰ ਕਰਕੇ ਥਾਣਾ ਮਜੀਠਾ ਵਿਖੇ ਬਣਦੀਆਂ ਧਾਰਾਵਾਂ ਤਹਿਤ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਨੂੰ ਅਮਲ ਵਿਚ ਲਿਆਂਦਾ ਗਿਆ।

ਨਸ਼ਿਆਂ, ਲੁੱਟਾਂ-ਖੋਹਾਂ ਤੇ ਗੁੰਡਾਗਰਦੀ ਖਿਲਾਫ ਬਾਠ 'ਚ ਰੋਹ ਭਰਪੂਰ ਮਾਰਚ

ਪੱਟੀ, ਤਰਨ ਤਾਰਨ (ਬਲਦੇਵ ਸਿੰਘ ਕਿਰਤੋਵਾਲ /ਸ਼ਮਸ਼ੇਰ ਸਿੰਘ ਯੋਧਾ, ਪ੍ਰਿਤਪਾਲ ਸਿੰਘ) - ਸੂਬੇ ਅੰਦਰ ਵਧ ਰਹੇ ਨਸ਼ੇ ਲੁੱਟਾਂ ਖੋਹਾਂ ਚੋਰੀਆਂ ਡਕੈਤੀਆਂ ਦੀਆਂ ਵਾਰਦਾਤਾਂ ਤੇ ਬੇਰੁਜ਼ਗਾਰੀ ਨੂੰ ਲੈ ਕੇ ਜਨਤਕ ਜਥੇਬੰਦੀਆਂ ਦੇ ਸਾਂਝੇ ਮੋਰਚੇ ਵੱਲੋਂ ਵਧ ਰਹੇ ਨਸ਼ਿਆਂ, ਲੁੱਟਾਂ ਖੋਹਾਂ, ਗੁੰਡਾਗਰਦੀ ਖਿਲਾਫ ਪਿੰਡ ਬਾਠ ਕਲਾਂ 'ਚ ਰੋਹ ਭਰਪੂਰ ਮਾਰਚ ਕੀਤਾ ਗਿਆ। ਜਿਸ ਦੀ ਅਗਵਾਈ ਜਮਹੂਰੀ ਕਿਸਾਨ ਸਭਾ ਦੇ ਆਗੂ ਮਨਜੀਤ ਸਿੰਘ ਬੱਗੂ, ਚਰਨਜੀਤ ਸਿੰਘ ਬਾਠ ਸਾਬਕਾ ਸਰਪੰਚ, ਦਿਹਾਤੀ ਮਜ਼ਦੂਰ ਸਭਾ ਦੇ ਆਗੂ ਬਲਵਿੰਦਰ ਸਿੰਘ ਬਾਠ, ਗੁਰਮੀਤ ਸਿੰਘ ਬਾਠ ਨੇ ਕੀਤੀ। ਇਸ ਮੌਕੇ ਮੁਖਤਾਰ ਸਿੰਘ ਮੱਲ੍ਹਾ, ਰਣਜੀਤ ਸਿੰਘ ਬਾਠ, ਗੁਰਪ੍ਰਤਾਪ ਸਿੰਘ ਬਾਠ, ਸਤਨਾਮ ਸਿੰਘ ਦੇਓ ਨੇ ਕਿਹਾ ਕਿ ਬਦਲਾਅ ਦੇ ਨਾਂਅ 'ਤੇ ਹੋਂਦ ਵਿੱਚ ਆਈ ਭਗਵੰਤ ਮਾਨ ਦੀ ਸਰਕਾਰ ਦੇ ਰਾਜਕਾਲ ਦੌਰਾਨ ਨਸ਼ੇ, ਗੁੰਡਾਗਰਦੀ, ਲੁੱਟਾਂ ਖੋਹਾਂ, ਕਤਲੋ ਗਾਰਤ ਦੀਆਂ ਘਟਨਾਵਾਂ ਦਿਨ ਦਿਹਾੜੇ ਹੋ ਰਹੀਆਂ ਹਨ। ਮਾਨ ਸਰਕਾਰ ਕਾਬੂ ਪਾਉਣ 'ਚ ਬੁਰੀ ਤਰ੍ਹਾਂ ਨਾਕਾਮ ਰਹੀ ਹੈ। ਇਨ੍ਹਾਂ ਆਗੂਆਂ ਨੇ ਕਿਹਾ ਕਿ ਪੜ੍ਹਾਈ ਲਈ ਸਕੂਲ ਵਿੱਚ ਜਾਣਾ ਲੜਕੀਆਂ ਦਾ ਜਾਣਾ ਦੁੱਭਰ ਹੋਇਆ ਪਿਆ ਹੈ। ਸਕੂਲ ਅੱਗੇ ਨਸ਼ਈ ਮੋਟਰਸਾਈਕਲਾਂ 'ਤੇ ਛੁੱਟੀ ਹੋਣ ਸਮੇਂ ਸਰੇਆਮ ਗੁੰਡਾਗਰਦੀ ਕਰਦੇ ਹਨ। ਜਿਸ ਦੇ ਸੰਬੰਧ ਵਿੱਚ ਪਿੰਡ ਵਾਸੀਆਂ ਵੱਲੋਂ ਐਸ ਐਚ ਓ ਸਦਰ, ਡੀ ਐਸ ਪੀ ਗੋਇੰਦਵਾਲ ਸਾਹਿਬ ਅਤੇ ਜ਼ਿਲ੍ਹਾ ਮੁਖੀ ਐਸ ਐਸ ਪੀ ਤਰਨ ਤਾਰਨ ਨੂੰ ਵੀ ਲਿਖਤੀ ਰੂਪ ਵਿੱਚ ਦੱਸ ਚੁੱਕੇ ਹਾਂ ਪਰ ਅਜੇ ਤੱਕ ਪੁਲਸ ਦੇ ਕਿਸੇ ਅਧਿਕਾਰੀ ਨੇ ਕੋਈ ਸਾਰ ਨਹੀਂ ਲਈ। ਆਗੂਆਂ ਕਿਹਾ ਕਿ ਇਸ ਤੋਂ ਹੀ ਸਾਫ ਪਤਾ ਲਗਦਾ ਹੈ ਕਿ ਸਰਕਾਰ ਨਸ਼ੇ ਦੇ ਵਪਾਰੀਆਂ, ਗੁੰਡਾ ਅਨਸਰਾਂ ਅਤੇ ਪੁਲਸ ਪ੍ਰਸ਼ਾਸਨ ਦਾ ਗੱਠਜੋੜ ਬਣਿਆ ਹੋਇਆ ਹੈ। ਇਸ ਕਰਕੇ ਪੁਲਸ ਪ੍ਰਸ਼ਾਸਨ ਕੋਈ ਧਿਆਨ ਨਹੀਂ ਦੇ ਰਿਹਾ। ਇਨ੍ਹਾਂ ਆਗੂਆਂ ਨੇ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਪੁਲਸ ਪ੍ਰਸ਼ਾਸਨ ਨੇ ਕੋਈ ਗੌਰ ਨਹੀਂ ਕੀਤਾ ਤਾਂ ਜਨਤਕ ਜਥੇਬੰਦੀਆਂ ਵੱਲੋਂ ਐਸ ਐਸ ਪੀ ਤਰਨ ਤਾਰਨ ਦੇ ਦਫਤਰ ਅੱਗੇ ਵਿਸ਼ਾਲ ਧਰਨਾ ਦਿੱਤਾ ਜਾਵੇਗਾ।

ਇਸ ਮੌਕੇ ਬਿੱਕਰ ਸਿੰਘ, ਸਰਬਜੀਤ ਸਿੰਘ, ਸੁਰਜੀਤ ਸਿੰਘ, ਕਲਵਲਜੀਤ ਸਿੰਘ, ਨਿਰਮਲ ਸਿੰਘ, ਸੁਖਚੈਨ ਸਿੰਘ, ਹਰਜੀਤ ਕੌਰ, ਸੁਖਵਿੰਦਰ ਕੌਰ, ਵੀਰ ਕੌਰ, ਅਮਰਜੀਤ ਕੌਰ, ਬਲਵਿੰਦਰ ਕੌਰ, ਜਗੀਰ ਕੌਰ, ਅਮਰੀਕ ਕੌਰ, ਦਲਬੀਰ ਕੌਰ ਆਦਿ ਹਾਜ਼ਰ ਸਨ।

ਪੰਜਾਬ ਬੰਦ ਦੀ ਕਾਲ 'ਤੇ ਪੱਟੀ 'ਚ ਮਿਲਿਆ-ਜੁਲਿਆ ਹੁੰਗਾਰਾ

ਪੱਟੀ (ਬਲਦੇਵ ਸਿੰਘ ਕਿਰਤੋਵਾਲ /ਸ਼ਮਸ਼ੇਰ ਸਿੰਘ ਯੋਧਾ) - ਦਲਿਤ ਸਮਾਜ ਮੋਰਚਾ ਪੰਜਾਬ ਦੇ ਸੱਦੇ 'ਤੇ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੇ ਅੜੀਅਲ ਵਤੀਰੇ ਦੇ ਵਿਰੋਧ 'ਚ ਪੰਜਾਬ ਬੰਦ ਦੇ ਸੱਦੇ ਨੂੰ ਸ਼ਹਿਰ ਪੱਟੀ ਵਿਖੇ ਸਮੁੱਚੇ ਦੁਕਾਨਦਾਰਾਂ ਨੇ ਦੁਕਾਨਾਂ ਬੰਦ ਕਰਕੇ ਪੂਰਨ ਸਹਿਯੋਗ ਦਿੱਤਾ। ਸ਼ਹਿਰ ਬੰਦ ਰਿਹਾ। ਵੱਖ ਵੱਖ ਜਨਤਕ ਜਥੇਬੰਦੀਆਂ ਨੇ ਬੀਬੀ ਰਜਨੀ ਦੇ ਗੁਰਦੁਆਰੇ ਇਕੱਠੇ ਹੋ ਕੇ ਸਥਾਨਕ ਸ਼ਹਿਰ ਅੰਦਰ ਰੋਸ ਮਾਰਚ ਕੀਤਾ, ਜਿਸ ਦੀ ਅਗਵਾਈ ਸ੍ਰੀ ਸ਼ਕਤੀ ਸੰਧੂ ਡਾਕਟਰ ਭੀਮ ਰਾਓ ਅੰਬੇਦਕਰ ਸੰਵਿਧਾਨ ਬਚਾਓ ਸਾਂਝੇ ਮੋਰਚੇ ਦੇ ਕਨਵੀਨਰ ਡਾਕਟਰ ਨਿਰਮਲ ਸਿੰਘ, ਬਲਦੇਵ ਸਿੰਘ, ਸਰਪੰਚ ਦਿਆਲ ਸਿੰਘ, ਬਲਵੰਤ ਰਾਏ, ਡਾਕਟਰ ਜਸਵੀਰ ਸਿੰਘ ਨੇ ਕੀਤੀ। ਲੋਕ ਉੱਚੀ-ਉੱਚੀ ਨਾਹਰੇ ਲਾ ਰਹੇ ਸ

13-June-Page-12.qxd 6/12/2023 10:31 PM Page 1

ਸ਼ਾਹ ਨਾਲ ਮਿਲਣ ਦਾ ਸਮਾਂ ਲੈਣ ਲਈ ਡੀ ਸੀ ਦਫਤਰ ਦਿੱਤਾ ਮੰਗ ਪੱਤਰ

ਫਤਿਹਗੜ੍ਹ ਚੂੜੀਆਂ, (ਜਸਦੇਵ ਮਾਨ)-ਸਾਬਕਾ ਸੈਨਿਕ ਵੈਲਫੇਅਰ ਕਮੇਟੀ ਪੰਜਾਬ ਵੱਲੋਂ ਕੇਂਦਰ ਗ੍ਰਹਿ ਮੰਤਰੀ ਨਾਲ ਮੀਟਿੰਗ ਦਾ ਸਮਾਂ ਲੈਣ ਲਈ ਡੀ ਸੀ ਗੁਰਦਾਸਪੁਰ ਦਫਤਰ ਵਿਖੇ ਮੰਗ ਪੱਤਰ ਦਿੱਤਾ ਗਿਆ। ਜਾਣਕਾਰੀ ਦਿੰਦੇ ਸਾਬਕਾ ਸੈਨਿਕ ਵੈਲਫੇਅਰ ਕਮੇਟੀ ਮੈਂਬਰਾਂ ਕਿਹਾ ਕਿ ਹੱਕੀ ਮੰਗਾਂ ਲਈ ਸਾਬਕਾ ਸੈਨਿਕ ਕਮੇਟੀਆਂ ਵੱਲੋਂ 112 ਦਿਨਾਂ ਤੋਂ ਦਿੱਲੀ ਜੰਤਰ ਮੰਤਰ ਵਿਖੇ ਸੰਯੁਕਤ ਮੋਰਚੇ ਵਿੱਚ ਧਰਨਾ ਦਿੱਤਾ ਜਾ ਰਿਹਾ ਹੈ, ਜਿਸ ਬਾਰੇ ਦੇਸ਼ ਦੇ ਸਾਰੇ ਐਸ ਡੀ ਐਮ, ਡੀ ਸੀ ਅਤੇ ਐਮ ਪੀ ਨੂੰ ਮੰਗ ਪੱਤਰ ਰਾਹੀਂ ਆਪਣੀਆਂ ਮੰਗਾਂ ਪ੍ਰਤੀ ਜਾਣੂ ਕਰਵਾਇਆ ਹੈ। ਉਨ੍ਹਾਂ ਕਿਹਾ ਕਿ ਮੀਡੀਏ ਰਾਹੀਂ ਪਤਾ ਲੱਗਾ ਕਿ ਦੇਸ਼ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ 18 ਜੂਨ ਨੂੰ ਗੁਰਦਾਸਪੁਰ ਵਿਖੇ ਆ ਰਹੇ ਹਨ, ਇਸ ਮੰਗ ਪੱਤਰ ਰਾਹੀਂ ਡੀ ਸੀ ਗੁਰਦਾਸਪੁਰ ਨੂੰ ਬੇਨਤੀ ਕੀਤੀ ਹੈ ਕਿ ਸਾਬਕਾ ਸੈਨਿਕਾਂ ਦੀਆ ਹੱਕੀ ਮੰਗਾਂ (ਓ.ਆਰ.ਓ.ਪੀ) ਵਿਸ਼ੇ 'ਤੇ ਦੇਸ਼ ਦੇ ਗ੍ਰਹਿ ਮੰਤਰੀ ਨਾਲ ਮਿਲਣ ਲਈ 11 ਮੈਂਬਰੀ ਕਮੇਟੀ ਨੂੰ ਸਮਾਂ ਦਿਵਾਇਆ ਜਾਵੇ, ਤਾਂ ਜੋ ਸਾਬਕਾ ਸੈਨਿਕਾਂ ਦੀਆਂ ਮੰਗਾਂ ਬਾਰੇ ਗ੍ਰਹਿ ਮੰਤਰੀ ਨੂੰ ਜਾਣੂ ਕਰਵਾਇਆ ਜਾਵੇ। ਉਨ੍ਹਾਂ ਵੱਲੋਂ ਡੀ ਸੀ ਗੁਰਦਾਸਪੁਰ ਨੂੰ ਮੀਟਿੰਗ ਪੂਰੀ ਸ਼ਾਂਤਮਈ ਢੰਗ ਨਾਲ ਕਰਨ ਦਾ ਭਰੋਸਾ ਵੀ ਦਿਵਾਇਆ ਗਿਆ। ਇਸ ਉਪਰੰਤ ਕਮੇਟੀ ਵੱਲੋਂ ਪੰਜਾਬ ਸਰਕਾਰ ਦੇ ਫੈਸਲੇ ਫਤਿਹਗੜ੍ਹ ਚੂੜੀਆਂ ਤਹਿਸੀਲ ਨੂੰ ਡੇਰਾ ਬਾਬਾ ਨਾਨਕ ਵਿਖੇ ਤਬਦੀਲ ਕਰਨ ਤੋਂ ਰੋਕਣ ਬਾਰੇ ਵੀ ਡੀ ਸੀ ਗੁਰਦਾਸਪੁਰ ਨੂੰ ਮੰਗ ਪੱਤਰ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਬੜੀ ਮੁਸ਼ਕਲ ਨਾਲ ਇਲਾਕਾ ਵਾਸੀਆਂ ਦੀ ਲੰਬੇ ਸਮੇਂ ਤੋਂ ਮੰਗ 'ਤੇ ਫਤਿਹਗੜ੍ਹ ਚੂੜੀਆਂ ਨੂੰ ਸਬ-ਡਵੀਜ਼ਨ ਬਣਾਇਆ ਗਿਆ ਹੈ, ਜੇਕਰ ਸਰਕਾਰ ਫਤਿਹਗੜ੍ਹ ਚੂੜੀਆਂ ਨੂੰ ਡੀ.ਨੋਟੀਫਾਇਡ ਕਰਦੀ ਹੈ ਤਾਂ ਡੇਰਾ ਬਾਬਾ ਨਾਨਕ ਦੂਰ ਹੋਣ ਕਰਕੇ ਲੋਕਾਂ ਦੀਆਂ ਪ੍ਰੇਸ਼ਾਨੀਆਂ ਅਤੇ ਖੱਜਲ ਖੁਆਰੀਆਂ ਵਧਣਗੀਆਂ। ਆਗੂਆਂ ਕਿਹਾ ਕਿ ਜੇਕਰ ਫਤਿਹਗੜ੍ਹ ਚੂੜੀਆਂ ਨੂੰ ਡੀ.ਨੋਟੀਫਾਈਡ ਕੀਤਾ ਗਿਆ ਤਾਂ ਇਸ ਦੇ ਵਿਰੋਧ 'ਚ ਸਾਬਕਾ ਸੈਨਿਕ ਵੈਲਫੇਅਰ ਕਮੇਟੀ ਪੰਜਾਬ ਧਰਨਿਆਂ ਦਾ ਐਲਾਨ ਕਰ ਸਕਦੀ ਹੈ। ਇਸ ਮੌਕੇ ਸੂਬਾ ਸੀਨੀਅਰ ਐਡਵਾਇਜ਼ਰ ਨਰਿੰਦਰਪਾਲ ਸਿੰਘ ਭੰਗੂ, ਜ਼ਿਲ੍ਹਾ ਪ੍ਰਧਾਨ ਗੁਰਦੀਪ ਸਿੰਘ ਢਾਡਾ, ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਬਲਵਿੰਦਰ ਸਿੰਘ ਭੱਟੀ, ਫਤਿਹਗੜ੍ਹ ਚੂੜੀਆਂ ਬਲਾਕ ਪ੍ਰਧਾਨ ਸਤਨਾਮ ਸਿੰਘ, ਅਲੀਵਾਲ ਬਲਾਕ ਪ੍ਰਧਾਨ ਹਰਪਾਲ ਸਿੰਘ, ਬਲਾਕ ਪ੍ਰਧਾਨ ਡੇਰਾ ਬਾਬਾ ਨਾਨਕ ਕੁਲਬੀਰ ਸਿੰਘ ਮਾਲੇਵਾਲ ਆਦਿ ਹਾਜ਼ਰ ਸਨ।

ਬਜ਼ੁਰਗ 'ਤੇ ਤੇਜ਼ਧਾਰ ਹਥਿਆਰਾਂ ਨਾਲ ਹਮਲਾ

ਨੂਰਮਹਿਲ (ਬਾਲ ਕ੍ਰਿਸਨ ਬਾਲੀ) ਨੂਰਮਹਿਲ ਇਲਾਕੇ ਅੰਦਰ ਲੁੱਟ ਖੋਹ ਤੇ ਚੋਰੀ ਦੀਆਂ ਵਾਰਦਾਤਾ ਰੁਕਣ ਦਾ ਨਾਂਅ ਨਹੀਂ ਲੈ ਰਹੀਆ। ਸੋਮਵਾਰ ਲੁਟੇਰਿਆਂ ਨੇ ਦਿਨ ਦਿਹਾੜੇ ਇੱਕ ਵਾਰਦਾਤ ਨੂੰ ਅੰਜਾਮ ਦੇ ਦਿੱਤਾ। ਪਿੰਡ ਸੰਘੇ ਜੰਗੀਰ ਦੇ ਕੋਲ ਇੱਕ ਬਜ਼ੁਰਗ ਵਿਅਕਤੀ ਨੂੰ ਮੋਬਾਈਲ ਨਾ ਦੇਣ 'ਤੇ ਲੁਟੇਰਿਆਂ ਨੇ ਉਸ ਉੱਪਰ ਤੇਜਧਾਰ ਹਥਿਆਰਾਂ ਨਾਲ ਹਮਲਾ ਕਰ ਦਿੱਤਾ। ਸਿਵਲ ਹਸਪਤਾਲ ਨੂਰਮਹਿਲ ਵਿੱਚ ਜੇਰੇ ਇਲਾਜ ਪ੍ਰੇਮ ਕੁਮਾਰ ਵਾਸੀ ਉਧੋਵਾਲ (ਮਹਿਤਪੁਰ) ਨੇ ਦੱਸਿਆ ਕਿ ਆਪਣੀ ਜ਼ਮੀਨ ਦੇ ਸਿਲਸਿਲੇ ਵਿੱਚ ਪਿੰਡ ਤੋਂ ਸੰਘੇ ਜਗੀਰ ਵੱਲ ਜਾ ਰਿਹਾ ਸੀ ਤਾਂ ਰਸਤੇ 'ਚ ਦੋ ਮੋਟਰਸਾਈਕਲ ਸਵਾਰ ਲੁਟੇਰਿਆਂ ਨੇ ਉਸ ਨੂੰ ਘੇਰ ਲਿਆ। ਇਨ੍ਹਾਂ ਲੁਟੇਰਿਆਂ ਨੇ ਪਹਿਲਾਂ ਉਸ ਕੋਲੋਂ ਪੈਸੇ ਮੰਗੇ। ਮੈਂ ਉਨ੍ਹਾਂ ਨੂੰ ਕਿਹਾ ਕਿ ਮੇਰੇ ਕੋਲ ਤਾਂ ਸਿਰਫ 50 ਰੁਪਏ ਹਨ। ਫਿਰ ਉਨ੍ਹਾਂ ਮੇਰੇ ਕੋਲੋਂ ਮੋਬਾਇਲ ਖੋਹਣ ਦੀ ਕੋਸ਼ਿਸ਼ ਕੀਤੀ। ਮੈਂ ਆਪਣਾ ਮੋਬਾਇਲ ਉਨ੍ਹਾਂ ਨੂੰ ਖੋਹਣ ਨਹੀਂ ਦਿੱਤਾ। ਇਸ 'ਤੇ ਉਨ੍ਹਾਂ ਮੇਰੇ ਉੱਪਰ ਹਮਲਾ ਕਰ ਦਿੱਤਾ ਤੇ ਮੈਨੂੰ ਜਖਮੀ ਕਰ ਦਿੱਤਾ। ਉਪਰੰਤ ਮੈਂ ਆਪਣੇ ਮੋਟਰਸਾਈਕਲ 'ਤੇ ਸਿਵਲ ਹਸਪਤਾਲ ਨੂਰਮਹਿਲ 'ਚ ਆ ਗਿਆ। ਸੱਟਾ ਜ਼ਿਆਦਾ ਹੋਣ ਕਾਰਨ ਡਾਕਟਰਾਂ ਨੇ ਮੈਨੂੰ ਭਰਤੀ ਕਰ ਲਿਆ। ਉਸਨੇ ਦੱਸਿਆ ਕਿ ਪੁਲਸ ਨੂੰ ਸੂਚਨਾ ਦੇ ਦਿੱਤੀ ਗਈ ਹੈ।

ਮਾਲਕ ਜੋਤ ਕਾਂਟੀਆਂ ਨੇ ਸਤਿਸੰਗ ਰਾਹੀਂ ਸੰਗਤਾਂ ਨੂੰ ਕੀਤਾ ਮੰਤਰ-ਮੁਗਧ

ਹੁਸ਼ਿਆਰਪੁਰ (ਓ ਪੀ ਰਾਣਾ) ਪੰਜਾਬ ਦੇ ਮਹਾਨ ਤਪੱਸਵੀ ਬ੍ਰਹਮਲੀਨ ਸ੍ਰੀਮਾਨ 108 ਸੰਤ ਬਾਬਾ ਪ੍ਰੀਤਮ ਦਾਸ ਬਾਬੇ ਜੌੜੇ ਵਿਖੇ ਮੌਜੂਦਾ ਗੱਦੀਨਸ਼ੀਨ ਸੰਤ ਨਿਰਮਲ ਦਾਸ ਬਾਬੇ ਜੌੜੇ ਪ੍ਰਧਾਨ ਗੁਰੂ ਰਵਿਦਾਸ ਸਾਧੂ ਸੰਪਰਦਾਇਕ ਸੁਸਾਇਟੀ (ਰਜਿ.) ਪੰਜਾਬ ਦੀ ਰਹਿਨੁਮਾਈ ਹੇਠ ਇਕ ਵਿਸ਼ਾਲ ਸਤਿਸੰਗ ਦਾ ਆਯੋਜਨ ਕੀਤਾ ਗਿਆ, ਜਿਸ 'ਚ ਪਿੰਡ ਕਾਟੀਆਂ ਤੋਂ ਸੂਫੀ ਸੰਤ ਮਾਲਕ ਜੋਤ ਨੇ ਸਤਿਸੰਗ ਰਾਹੀਂ ਸੰਗਤਾਂ ਨੂੰ ਉਸ ਮਾਲਕ ਪ੍ਰਭੂ ਪਰਮਾਤਮਾ, ਅਲਹ ਦੀ ਬੰਦਗੀ ਕਰਨ, ਸਿਫਤ ਸਲਾਹ ਕਰਨ ਲਈ ਪ੍ਰੇਰਿਤ ਕੀਤਾ। ਸੰਤ ਨਿਰਮਲ ਦਾਸ ਬਾਬੇ ਜੌੜੇ ਨੇ ਕੀਰਤਨ ਦੇ ਦੀਵਾਨਾਂ ਦੀ ਆਰੰਭਤਾ ਸਤਿਗੁਰੂ ਰਵਿਦਾਸ ਮਹਾਰਾਜ ਦੇ ਉਚਾਰਣ ਕੀਤੇ ਸ਼ਬਦ ਨਾਲ ਕੀਤੀ। ਇਨਾਂ ਸਮਾਗਮਾਂ 'ਚ ਮਾਲਕ ਜੋਤ ਨੇ ਗੁਰਮਤਿ ਵਿਚਾਰਾਂ ਦੀ ਸਾਂਝ ਪਾਉਂਦਿਆਂ ਕਿਹਾ ਜੀਵਨ ਦੀ ਸਫਲਤਾ ਲਈ ਮਨੁੱਖ ਅੰਦਰ ਆਤਮਵਿਸ਼ਵਾਸ ਹੋਣਾ ਬਹੁਤ ਜਰੂਰੀ ਹੈ। ਜੇਕਰ ਮਨੁੱਖ ਆਪਣੇ ਅੰਦਰ ਇਹ ਪ੍ਰਣ ਕਰ ਲਏ ਕਿ ਮੈਂ ਆਪਣੀ ਮੰਜ਼ਲ ਤੇ ਹਰ ਹੀਲੇ ਪਹੁੰਚਣਾ ਹੈ ਫਿਰ ਭਾਵੇਂ ਰਸਤੇ ਵਿਚ ਜਿੰਨੀਆਂ ਮਰਜੀ ਮੁਸ਼ਕਲਾਂ, ਔਕੜਾਂ ਆਉਣ ਉਹ ਉਹਨਾਂ ਨੂੰ ਆਸਾਨੀ ਨਾਲ ਪਾਰ ਕਰ ਲਵੇਗਾ। ਉਨਾਂ ਕਿਹਾ ਕਿ ਦੁੱਖ ਤੇ ਸੁੱਖ ਦੋਵੇਂ ਜਿਦੰਗੀ ਦੇ ਦੋ ਅਹਿਮ ਹਿੱਸੇ ਹਨ, ਦੁੱਖਾਂ ਤੋਂ ਕਦੀ ਘਬਰਾਉਣਾ ਨਹੀਂ ਚਾਹੀਦਾ ਬਲਕਿ ਖੁਸ਼ੀਆਂ ਪ੍ਰਾਪਤ ਕਰਨ ਲਈ ਹਰ ਸਮੇਂ ਖੁਸ਼ ਰਹਿਣਾ ਚਾਹੀਦਾ, ਦੂਜਿਆਂ ਦਾ ਭਲਾ ਕਰਨਾ ਚਾਹੀਦਾ ਹੈ ਤੇ ਖੁਸ਼ੀਆਂ ਵੰਡਦੇ ਰਹਿਣਾ ਚਾਹੀਦਾ ਹੈ। ਕਦੀ ਵੀ ਕਿਸੇ ਨੂੰ ਅੱਗੇ ਵਧਦੇ ਦੇਖ, ਤਰੱਕੀ ਕਰਦੇ ਦੇਖ ਈਰਖਾ ਨਹੀਂ ਕਰਨੀ ਚਾਹੀਦੀ, ਸਗੋਂ ਦੂਜਿਆਂ ਤੋਂ ਪ੍ਰੇਰਨਾ ਲੈ ਕੇ ਆਪਣੇ ਜੀਵਨ ਨੂੰ ਖੁਸ਼ਹਾਲ ਤੇ ਅਨੰਦਮਈ ਬਣਾਉਣ ਲਈ ਯਤਨ ਕਰਨੇ ਚਾਹੀਦੇ ਹਨ। ਇਸ ਮੌਕੇ ਸੰਤ ਨਿਰਮਲ ਦਾਸ ਬਾਬੇ ਜੌੜੇ ਪ੍ਰਧਾਨ ਗੁਰੂ ਰਵਿਦਾਸ ਸਾਧੂ ਸੰਪਰਦਾਇਕ ਸੁਸਾਇਟੀ ਰਜਿ: ਪੰਜਾਬ ਨੇ ਮਾਲਕ ਜੋਤ ਅਤੇ ਹੋਰ ਵੱਖ ਵੱਖ ਡੇਰਿਆਂ ਤੋਂ ਆਏ ਸੰਤ ਮਹਾਪੁਰਸ਼ਾਂ, ਧਾਰਮਿਕ, ਸਮਾਜਿਕ ਤੇ ਰਾਜਨੀਤਿਕ ਸ਼ਖ਼ਸੀਅਤਾਂ ਸਮੇਤ ਬੁੱਧੀਜੀਵੀਆਂ ਨੂੰ ਸਿਰਪਾਓ ਭੇਟ ਕਰਕੇ ਸਨਮਾਨਿਤ ਕੀਤਾ। ਇਸ ਮੌਕੇ ਸੰਤੋਸ਼ ਕੁਮਾਰੀ ਪ੍ਰਧਾਨ ਨਾਰੀ ਸ਼ਕਤੀ ਫਾਂਉਡੇਸ਼ਨ ਨੇ ਸਮੂਹ ਸੰਤਾਂ ਮਹਾਂਪੁਰਸ਼ਾਂ ਅਤੇ ਸੰਗਤਾਂ ਦਾ ਸਮਾਗਮ ਵਿਚ ਪਹੁੰਚਣ 'ਤੇ ਤਹਿ ਦਿਲੋਂ ਧੰਨਵਾਦ ਕੀਤਾ। ਸੰਤ ਵਿਨੈ ਮੁਨੀ ਜੰਮੂ ਨੇ ਗੁਰਬਾਣੀ ਗਾਇਣ ਕਰਕੇ ਸੰਗਤਾਂ ਨੂੰ ਮੰਤਰ ਮੁਗਧ ਕਰ ਦਿੱਤਾ। ਸੰਤ ਧਰਮਪਾਲ ਸਟੇਜ ਸਕੱਤਰ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਪੰਜਾਬ, ਸੰਤ ਜਗੀਰ ਸਿੰਘ ਸਰਬੱਤ ਦਾ ਭਲਾ ਆਸ਼ਰਮ ਮਕਸੂਦਾਂ ਵੀ ਹਾਜ਼ਰ ਸਨ।

ਦਰਬਾਰ ਪੀਰ ਬਾਬਾ ਲੱਖ ਦਾਤਾ ਖੇੜਾ ਵਿਖੇ ਸਾਲਾਨਾ ਮੇਲਾ ਮਨਾਇਆ

ਬਹਿਰਾਮ (ਅਵਤਾਰ ਕਲੇਰ) ਦਰਬਾਰ ਪੀਰ ਬਾਬਾ ਲੱਖ ਦਾਤਾ ਖੇੜਾ ਵਿਖੇ ਸਾਲਾਨਾ ਮੇਲਾ ਪ੍ਰਬੰਧਕ ਕਮੇਟੀ, ਗ੍ਰਾਮ ਪੰਚਾਇਤ, ਐਨ ਆਰ ਆਈ ਵੀਰਾਂ ਅਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਮਨਾਇਆ ਗਿਆ।

ਸੰਤ ਅਸ਼ੋਕ ਕੁਮਾਰ ਚੱਕਰਵਰਤੀ ਦੀ ਰਹਿਨੁਮਾਈ ਅਤੇ ਜੀਤ ਰਿਕਾਰਡਜ (ਐਸ ਪੀ ਸਿੰਘ ਖੇੜਾ) ਦੇ ਸਹਿਯੋਗ ਨਾਲ ਕਰਵਾਏ ਗਏ ਇਸ ਦੋ ਦਿਨਾ ਮੇਲੇ ਦੌਰਾਨ ਪਹਿਲੇ ਦਿਨ ਚਿਰਾਗ ਰੌਸ਼ਨ, ਛਿੰਝ ਪੁਆਈ ਰਾਤ ਨੂੰ ਕਵਾਲ ਅਤੇ ਨਕਾਲ ਪਾਰਟੀਆਂ ਨੇ ਹਾਜ਼ਰੀਆਂ ਭਰੀਆਂ। ਦੂਸਰੇ ਦਿਨ ਨਿਸ਼ਾਨ ਸਾਹਿਬ ਦੀ ਰਸਮ ਅਦਾ ਕੀਤੀ। ਕੁੱਲ ਲੁਕਾਈ ਦੇ ਭਲੇ ਲਈ ਦੁਆ ਕੀਤੀ ਉਪਰੰਤ ਸਟੇਜ ਸਜਾਈ ਗਈ ਜਿਸ 'ਚ ਜੀਤ ਰਿਕਾਰਡਜ਼ ਕੰਪਨੀ ਦੇ ਕਲਾਕਾਰਾਂ ਨਵਾਬ ਰਿੱਚ ਅਤੇ ਪੰਜਾਬ ਦੀ ਉੱਭਰਦੀ ਗਾਇਕਾ ਜੈਜ ਕੌਰ ਨੇ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ। ਇਹਨਾਂ ਕਲਾਕਾਰਾਂ ਨੇ ਨਵੇਂ - ਪੁਰਾਣੇ ਗੀਤਾਂ, ਲੋਕ ਤੱਥ ਅਤੇ ਵੰਨਗੀਆਂ ਗਾ ਕੇ ਸੰਗਤਾਂ ਨੂੰ ਨੱਚਣ ਲਈ ਮਜ਼ਬੂਰ ਕੀਤਾ ਉਪਰੰਤ ਨਕਾਲ ਪਾਰਟੀਆਂ ਨੇ ਰੰਗ ਬੰਨ੍ਹਿਆ। ਰਾਤ ਨੂੰ ਧਰਮਵੀਰ ਪਰਦੇਸ਼ੀ ਦੀ ਪਾਰਟੀ ਵੱਲੋਂ ਨਾਟਕ (ਡਰਾਮਾ) ਪੇਸ਼ ਕੀਤਾ ਗਿਆ। ਵੱਖ ਵੱਖ ਦਰਬਾਰਾਂ ਤੋਂ ਸੰਤ ਮਹਾਂਪੁਰਸ਼ਾਂ ਨੇ ਸ਼ਰਕਤ ਕੀਤੀ। ਪ੍ਰਬੰਧਕ ਕਮੇਟੀ ਅਤੇ ਜੀਤ ਰਿਕਾਰਡਜ਼ (ਐਸ ਪੀ ਸਿੰਘ ਖੇੜਾ) ਵੱਲੋਂ ਪਹੁੰਚੇ ਹੋਏ ਮਹਿਮਾਨਾਂ, ਮਹਾਂਪੁਰਸ਼ਾਂ, ਕਲਾਕਾਰਾਂ ਅਤੇ ਸੇਵਾਦਾਰਾਂ ਨੂੰ ਸਿਰਪਾਓ ਨਾਲ ਸਨਮਾਨਿਤ ਕੀਤਾ। ਠੰਡੇ ਮਿੱਠਾ ਜਲ ਅਤੇ ਲੰਗਰ ਅਤੂੱਟ ਵਰਤਾਇਆ ਗਿਆ। ਇਸ ਮੌਕੇ ਸਰਪੰਚ ਸੰਤੋਸ਼ ਰਾਣੀ, ਨਿਸ਼ਾ ਰਾਣੀ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਬਿਲੂ ਖੇੜਾ, ਨੰਦ ਲਾਲ, ਬੱਬੂ ਆਦਿ ਹਾਜ਼ਰ ਸਨ।

ਡਰੋਲੀ ਕਲਾਂ ਵਿਖੇ ਦਸਤਾਰ ਸਿਖਲਾਈ ਕੈਂਪ

ਮੋਹਟੀਆਣਾ (ਜਗਤਾਰ ਸਿੰਘ ਭੁੰਗਰਨੀ) ਬੀਤੇ ਦਿਨੀਂ ਸਰਬੱਤ ਸਾਧ ਸੰਗਤਾਂ ਦੇ ਸਹਿਯੋਗ ਨਾਲ ਇਲਾਕੇ ਦੀ ਸਿਰਮੌਰ ਸੰਸਥਾ ਸ਼ਹੀਦ ਬਾਬਾ ਮਤੀਂ ਸਾਹਿਬ ਸੇਵਾ ਸੁਸਾਇਟੀ ਡਰੋਲੀ ਕਲਾਂ ਆਦਮਪੁਰ ਦੁਆਬਾ ਵੱਲੋਂ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਗੱਤਕਾ ਅਖਾੜਾ ਅਤੇ ਗੁਰੂ ਨਾਨਕ ਸਭਾ ਆਦਮਪੁਰ ਦੁਆਬਾ ਦੇ ਪੂਰਨ ਸਹਿਯੋਗ ਨਾਲ ਦਸ ਰੋਜਾ ਸੁੰਦਰ ਦਸਤਾਰ ਸਿਖਲਾਈ ਕੈਂਪ ਅਤੇ ਦਸਤਾਰ ਮੁਕਾਬਲੇ ਕਰਵਾਏ ਗਏ। ਜਿਸ ਵਿੱਚ ਪਹਿਲੇ, ਦੂਜੇ ਅਤੇ ਤੀਜੇ ਸਥਾਨ ਤੇ ਆਉਣ ਵਾਲੇ ਬੱਚਿਆਂ ਨੂੰ ਸਪੈਸ਼ਲ ਪ੍ਰਾਈਜ ਅਤੇ ਦਸਤਾਰ ਸਿਖਲਾਈ ਕੈਂਪ 'ਚ ਭਾਗ ਲੈਣ ਵਾਲੇ ਹਰੇਕ ਸਿਖਿਆਰਥੀ ਨੂੰ ਵੀ ਇਨਾਂਮ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਕੈਂਪ ਦੀ ਮੁੱਖ ਮਹਿਮਾਨ ਵਜੋਂ ਸਰਪੰਚ ਯੂਨੀਅਨ ਪ੍ਰਧਾਨ ਕੁਲਵਿੰਦਰ ਬਾਘਾ ਨੇ ਬੱਚਿਆਂ ਦੀ ਹੌਸਲਾ ਅਫਜਾਈ ਕੀਤੀ। ਸੁਸਾਇਟੀ ਪ੍ਰਧਾਨ ਜਸਵੀਰ ਸਿੰਘ ਪਧਿਆਣਾ ਅਤੇ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਸਾਥ ਜੱਥੇਦਾਰ ਮਨੋਹਰ ਸਿੰਘ ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਾਧ ਸੰਗਤਾਂ ਦੀ ਹਾਜ਼ਰੀ ਵਿੱਚ ਬੱਚਿਆਂ ਨੂੰ ਇਨਾਮ ਦੇ ਕਰਕੇ ਬੱਚਿਆਂ ਦੀ ਹੌਸਲਾ ਅਫਜਾਈ ਕੀਤੀ।

ਸ਼ਾਰਪ ਵੱਲੋਂ ਮਲਟੀਫੰਕਸ਼ਨ ਪ੍ਰਿੰਟਰਾਂ ਦੇ ਪੋਰਟਫੋਲੀਓ ਦਾ ਵਿਸਥਾਰ

ਚੰਡੀਗੜ੍ਹ : ਸ਼ਾਰਪ ਕਾਰਪੋਰੇਸਨ ਜਾਪਾਨ ਦੀ ਸਹਾਇਕ ਕੰਪਨੀ ਸਾਰਪ ਬਿਜਨਸ ਸਿਸਟਮਜ (ਇੰਡੀਆ) ਪ੍ਰਾ. ਲਿਮਿਟੇਡ, ਨੇ ਅੱਜ ਮੋਨੋ ਮਲਟੀਫੰਕਸਨ ਪ੍ਰਿੰਟਰਸ ਦੀ ਇੱਕ ਨਵੀਂ ਲਾਈਨਅੱਪ ਲਾਂਚ ਕੀਤੀ, ਜਿਸ ਵਿੱਚ ਬੀਪੀ -50ਐਮ ਅਤੇ ਬੀਪੀ -70ਐਮ ਸੀਰੀਜ ਸਾਮਲ ਹਨ। ਕੁੱਲ ਮਿਲਾ ਕੇ ਸ਼ਾਰਪ ਨੇ ਛੇ ਮੋਨੋ ਐਮਐਫਪੀ ਮਾਡਲ ਪੇਸ ਕੀਤੇ ਹਨ, ਜਿਸ ਵਿੱਚ ਬੀਪੀ -70ਐਮ45 ਅਤੇ ਬੀਪੀ -70ਐਮ65 ਵਰਗੇ ਉੱਨਤ ਸੀਰੀਜ ਮਾਡਲਾਂ ਦੇ ਨਾਲ-ਨਾਲ ਜਰੂਰੀ ਸੀਰੀਜ ਮਾਡਲ ਜਿਵੇਂ ਕਿ ਬੀਪੀ -50ਐਮ45, ਬੀਪੀ -50ਐਮ45ਟੀ, ਬੀਪੀ -50ਐਮ55, ਅਤੇ ਬੀਪੀ -50ਐਮ55ਟੀ ਸਾਮਲ ਹਨ। ਐਮਐਫਪੀ ਦੀ ਨਵੀਂ ਸੀਰੀਜ ਬਲੈਕ ਐਂਡ ਵ੍ਹਾਈਟ ਵਿੱਚ 45 ਪੀਪੀਐਮ ਤੋਂ 65 ਪੀਪੀਐਮ ਦੀ ਸਪੀਡ ਰੇਂਜ ਦੇ ਨਾਲ ਸਮਾਰਟ, ਕਨੈਕਟਡ ਅਤੇ ਸੁਰੱਖਿਅਤ ਸੁਵਿਧਾਵਾਂ ਦੀ ਪੇਸਕਸ ਕਰਦੀ ਹੈ। ਇਸ ਤੋਂ ਇਲਾਵਾ, #ਸਵਿੱਚਟੂਕਲਰ ਪਹਿਲ ਨੂੰ ਉਤਸਾਹਿਤ ਕਰਨ ਲਈ ਆਪਣੀ ਚੱਲ ਰਹੀ ਵਚਨਬੱਧਤਾ ਦੇ ਹਿੱਸੇ ਵਜੋਂ, ਸ਼ਾਰਪ ਨੇ ਆਪਣੀ ਕਲਰ ਐਮਐਫਪੀ ਸੀਰੀਜ ਦਾ ਵੀ ਵਿਸਤਾਰ ਕੀਤਾ ਹੈ। ਲਾਂਚ 'ਤੇ ਟਿੱਪਣੀ ਕਰਦੇ ਹੋਏ ਸਾਰਪ ਬਿਜਨਸ ਸਿਸਟਮਜ (ਇੰਡੀਆ) ਪ੍ਰਾਈਵੇਟ ਲਿਮਟਿਡ ਦੀ ਮੈਨੇਜਿੰਗ ਡਾਇਰੈਕਟਰ , ਨਰਿਤਾ ਓਸਾਮੂ ਨੇ ਕਿਹਾ, ਸਾਨੂੰ ਭਰੋਸਾ ਹੈ ਕਿ ਇਹ ਨਵੇਂ ਇਨੋਵੇਟਿਵ ਡੋਕੋਮੈਂਟ ਸਲਇਊਸ਼ਨ ਵਰਕਪਲੇਸ ਉੱਤੇ ਬਿਹਤਰ ਉਤਪਾਦਕਤਾ, ਕੁਸਲਤਾ ਅਤੇ ਬਿਹਤਰ ਏਕੀਕਰਣ ਲਈ ਨਵੇਂ ਯੁੱਗ ਦੀਆਂ ਕਾਰੋਬਾਰੀ ਲੋੜਾਂ ਨੂੰ ਪ੍ਰਭਾਵਸਾਲੀ ਢੰਗ ਨਾਲ ਪੂਰਾ ਕਰਨਗੇ।

ਰਣਵੀਰ ਸਿੰਘ ਦੀ ਐਕਟਿੰਗ ਵਾਲੀ ਆਪਣੀ ਨਵੀਂ ਕੰਪੇਨ ਲਿਵ ਇਟ ਲਾਰਜ ਲਾਂਚ

ਜਲੰਧਰ : ਸੀਗਰਾਮ ਰਾਇਲ ਸਟੈਗ ਨੇ ਨਵੀਂ ਲਿਵ ਇਟ ਲਾਰਜ ਕੰਪੇਨ ਦੀ ਸ਼ੁਰੂਆਤ ਦੇ ਨਾਲ ਇੱਕ ਬਦਲਾਅ ਵਾਲਾ ਸਫਰ ਸ਼ੁਰੂ ਕੀਤਾ ਹੈ। ਇਹ ਮੁਹਿੰਮ ਅੱਜ ਦੀ ਪੀੜ੍ਹੀ, ਜੈਨਰੇਸ਼ਨ ਲਾਰਜ ਦੀ ਭਾਵਨਾ ਅਤੇ ਰਵੱਈਏ ਨੂੰ ਦਰਸਾਉਂਦੀ ਹੈ, ਜੋ ਕਾਮਯਾਬੀ ਦੇ ਰਾਹ ਨੂੰ ਮੁੜ ਪਰਿਭਾਸਤ ਕਰਨ ਦੀ ਕੋਸਸਿ ਕਰਦੀ ਹੈ। ਪ੍ਰਭਾਵਸਾਲੀ ਨਵੀਂ ਮੁਹਿੰਮ ਵਿੱਚ ਬਾਲੀਵੁੱਡ ਦੇ ਪਾਵਰਹਾਊਸ ਸੁਪਰਸਟਾਰ ਰਣਵੀਰ ਸਿੰ